



ਈ-ਪੇਪਰ

ਸਾਲ : 10
ਮੁੱਲ : 4/- ਰੁ:
ਲੁਧਿਆਣਾ ਪੰਜਾਬ
ਸੋਮਵਾਰ, 2 ਨਵੰਬਰ, 2026
ਅਖਬਾਰ
ਭਾਸ਼ਾ : ਪੰਜਾਬੀ/ਹਿੰਦੀ

ਚੈਕ ਪੋਸਟ

RNI.No./PUNBIL/2017/74549



ਸੰਪਾਦਕ : ਰਣਜੀਤ ਕੁਮਾਰ | ਮੋ: 9914310950 | E-Mail:checkpostpunjab@gmail.com | Website : www.checkpostnews.com

1984 ਦੇ ਸਿੱਖ ਕਤਲੇਆਮ ਦੇ ਇਨਸਾਫ਼ ਨੂੰ ਲੈ ਕੇ ਭਾਜਪਾ ਦਾ ਕਾਂਗਰਸ ਖ਼ਿਲਾਫ਼ ਪ੍ਰਦਰਸ਼ਨ

• ਟਿੱਬਾ ਰੋਡ 'ਤੇ ਸੰਜੇ ਤਲਵਾੜ ਦੇ ਦਫ਼ਤਰ ਬਾਹਰ ਫੂਕਿਆ ਪੁਤਲਾ • ਰਾਹੁਲ ਗਾਂਧੀ ਤੋਂ 1984 ਦੀਆਂ ਘਟਨਾਵਾਂ ਬਾਰੇ ਸਪੱਸ਼ਟ ਜਵਾਬ ਮੰਗਿਆ

(ਨਿਊਜ਼ ਚੈਕ ਪੋਸਟ) ਲੁਧਿਆਣਾ। 1984 ਦੇ ਸਿੱਖ ਕਤਲੇਆਮ ਦੇ ਮੁੱਦੇ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਵੱਲੋਂ ਜ਼ਿਲ੍ਹਾ ਪ੍ਰਧਾਨ ਸੁਨੀਲ ਮੌਦਗਿਲ ਦੀ ਅਗਵਾਈ ਹੇਠ ਟਿੱਬਾ ਰੋਡ ਸਥਿਤ ਕਾਂਗਰਸ ਪ੍ਰਧਾਨ ਸੰਜੇ ਤਲਵਾੜ ਦੇ ਦਫ਼ਤਰ ਦੇ ਬਾਹਰ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਭਾਜਪਾ ਵਰਕਰਾਂ ਨੇ ਕਾਂਗਰਸ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ ਅਤੇ ਪੁਤਲਾ ਫੂਕ ਕੇ ਆਪਣਾ ਰੋਸ ਜ਼ਾਹਰ ਕੀਤਾ। ਪ੍ਰਦਰਸ਼ਨ ਵਿੱਚ ਭਾਜਪਾ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਜਤਿੰਦਰ ਮਿੱਤਲ, ਸੂਬਾ ਖ਼ਜ਼ਾਨਚੀ ਗੁਰਦੇਵ ਸ਼ਰਮਾ ਦੇਬੀ ਅਤੇ ਸਾਬਕਾ ਸੂਬਾ ਜਨਰਲ ਸਕੱਤਰ ਪ੍ਰਵੀਨ ਬਾਂਸਲ



ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਸੁਨੀਲ ਮੌਦਗਿਲ ਨੇ ਕਿਹਾ ਕਿ 1984 ਦਾ ਸਿੱਖ ਕਤਲੇਆਮ ਭਾਰਤੀ ਇਤਿਹਾਸ ਦਾ ਬੇਹੱਦ ਦਰਦਨਾਕ ਅਤੇ ਸ਼ਰਮਨਾਕ ਅਧਿਆਇ ਹੈ, ਜਿਸ ਵਿੱਚ ਹਜ਼ਾਰਾਂ ਬੇਕਸੂਰ ਲੋਕਾਂ ਦੀਆਂ ਜਾਨਾਂ ਗਈਆਂ ਅਤੇ ਅਨੇਕਾਂ ਪਰਿਵਾਰ ਉੱਜੜ ਗਏ। ਉਨ੍ਹਾਂ ਕਿਹਾ ਕਿ ਪੀੜਤ ਪਰਿਵਾਰ ਅੱਜ ਵੀ ਆਪਣੇ ਪਿਆਰਿਆਂ ਨੂੰ ਗੁਆਉਣ ਦਾ ਦਰਦ ਸਹਿ ਰਹੇ ਹਨ। ਉਨ੍ਹਾਂ ਕਾਂਗਰਸ ਨੂੰ ਇਸ ਤ੍ਰਾਸਦੀ ਸਬੰਧੀ ਆਪਣੀ ਜ਼ਿੰਮੇਵਾਰੀ ਤੋਂ ਮੂੰਹ ਨਾ ਮੋੜਨ ਦੀ ਅਪੀਲ ਕਰਦਿਆਂ ਕਿਹਾ ਕਿ ਦੇਸ਼ ਦੀ ਜਨਤਾ ਨੂੰ ਉਸ ਸਮੇਂ ਦੀਆਂ ਘਟਨਾਵਾਂ ਲਈ ਜਵਾਬਦੇਹੀ ਬਾਰੇ ਜਾਣਨ ਦਾ ਹੱਕ ਹੈ। ਉਨ੍ਹਾਂ ਭਾਜਪਾ ਸਰਕਾਰਾਂ ਵੱਲੋਂ ਪੀੜਤਾਂ ਨੂੰ ਇਨਸਾਫ਼ ਦਿਵਾਉਣ ਲਈ ਕੀਤੀਆਂ ਕਾਰਵਾਈਆਂ ਦਾ ਵੀ ਜ਼ਿਕਰ ਕੀਤਾ।

ਭਾਜਪਾ ਆਗੂ ਗੁਰਦੀਪ ਸਿੰਘ ਗੋਸ਼ਾ ਨੇ ਕਿਹਾ ਕਿ 1984 ਦੇ ਕਤਲੇਆਮ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਇਹ ਸਿਰਫ਼ ਸਿਆਸੀ ਮੁੱਦਾ ਨਹੀਂ, ਸਗੋਂ ਮਨੁੱਖਤਾ ਅਤੇ ਇਨਸਾਫ਼ ਦਾ ਸਵਾਲ ਹੈ। ਉਨ੍ਹਾਂ ਕਾਂਗਰਸ ਆਗੂ ਰਾਹੁਲ ਗਾਂਧੀ ਨੂੰ ਸਵਾਲ ਕਰਦਿਆਂ ਕਿਹਾ ਕਿ ਉਹ ਦੇਸ਼ ਨੂੰ ਸਪੱਸ਼ਟ ਦੱਸਣ ਕਿ ਉਨ੍ਹਾਂ ਦੇ ਪਿਤਾ ਰਾਜੀਵ ਗਾਂਧੀ ਦੇ ਪ੍ਰਧਾਨ ਮੰਤਰੀ ਹੁੰਦਿਆਂ 1984 ਵਿੱਚ ਵਾਪਰੀਆਂ ਘਟਨਾਵਾਂ ਨੂੰ ਉਹ ਸਹੀ ਮੰਨਦੇ ਹਨ ਜਾਂ ਗ਼ਲਤ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਨੂੰ ਇਸ ਮਾਮਲੇ 'ਤੇ ਆਪਣਾ ਪੱਖ ਜਨਤਕ ਤੌਰ 'ਤੇ ਸਪੱਸ਼ਟ ਕਰਨਾ ਚਾਹੀਦਾ ਹੈ। ਗੋਸ਼ਾ ਨੇ ਦੋਸ਼ ਲਾਇਆ ਕਿ ਪੀੜਤਾਂ ਨੂੰ ਇਨਸਾਫ਼ ਦਿਵਾਉਣ ਲਈ ਨਿਰਪੱਖ ਜਾਂਚ ਅਤੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਦੀ ਦਿਸ਼ਾ ਵਿੱਚ ਸਿਰਫ਼ ਮੋਦੀ ਸਰਕਾਰ ਨੇ ਹੀ ਠੋਸ ਕਾਰਵਾਈ ਕੀਤੀ ਹੈ। ਪ੍ਰਦਰਸ਼ਨ ਦੌਰਾਨ ਜ਼ਿਲ੍ਹਾ ਜਨਰਲ ਸਕੱਤਰ ਸ਼ੀਨੂ ਚੁੱਘ, ਕੈਲਾਸ਼ ਚੌਧਰੀ, ਸੁਮਿਤ ਟੰਡਨ, ਸੰਜੇ ਗੋਸਾਈਂ, ਗੁਰਦੀਪ ਸਿੰਘ ਨਿੱਟੂ, ਸਰਬਜੀਤ ਸਿੰਘ ਕਾਕਾ, ਨਰਿੰਦਰ ਸਿੰਘ ਮਲ੍ਹੀ, ਦਵਿੰਦਰ ਜੱਗੀ, ਸਤਨਾਮ ਸਿੰਘ ਸੇਠੀ, ਚੰਦਨ ਗੁਪਤਾ, ਅਤੁਲ ਜੈਨ, ਵਿੱਕੀ ਸਹੋਤਾ, ਅਜੇ ਗੌੜ, ਡਾ. ਸਤੀਸ਼ ਕੁਮਾਰ, ਲੀਨਾ ਟਾਪਰੀਆ, ਅਜਿੰਦਰ ਸਿੰਘ, ਸੁਖਦੇਵ ਸਿੰਘ ਗਿੱਲ ਸਮੇਤ ਵੱਡੀ ਗਿਣਤੀ ਵਿੱਚ ਭਾਜਪਾ ਆਗੂ ਅਤੇ ਵਰਕਰ ਮੌਜੂਦ ਸਨ। ਵੱਖ-ਵੱਖ ਮੋਰਚਿਆਂ, ਮੰਡਲਾਂ ਅਤੇ ਸਰਕਲਾਂ ਦੇ ਅਹੁਦੇਦਾਰਾਂ ਨੇ ਵੀ ਪ੍ਰਦਰਸ਼ਨ ਵਿੱਚ ਸ਼ਮੂਲੀਅਤ ਕੀਤੀ।



ਲੁਧਿਆਣਾ। ਵਿਧਾਨ ਸਭਾ ਚੋਣਾਂ 2027 ਲਈ ਹਲਕਾ ਆਤਮ ਨਗਰ ਤੋਂ ਟਿਕਟ ਮਿਲਣ ਦੀ ਖ਼ੁਸ਼ੀ ਦੇ ਵਿੱਚ ਅੱਜ ਵਿਧਾਇਕ ਕੁਲਵੰਤ ਸਿੰਘ ਸਿੱਧੂ ਨੂੰ ਚੇਅਰਮੈਨ ਸੱਗੂ ਦੇ ਨਾਲ ਆਤਮ ਨਗਰ ਦੇ ਆਮ ਆਦਮੀ ਪਾਰਟੀ ਵਰਕਰਾਂ ਅਤੇ ਸਮੂਹ ਕੌਂਸਲਰ ਸਾਹਿਬਾਨਾਂ ਨੇ ਵਧਾਈ ਦਿੱਤੀ। (ਫੋਟੋ/ਵੇਰਵਾ : ਆਰ.ਸੀ. ਸਿੰਘ/ਹਿਤੇਸ਼)

ਰਾਸ਼ਟਰੀ ਪੱਧਰ ਦੇ ਹਾਕੀ ਖਿਡਾਰੀ ਕੁਲਜਿੰਦਰ ਸਿੰਘ ਗਰੇਵਾਲ ਨੂੰ ਅੱਜ ਡੀ.ਐਸ.ਪੀ. ਦੇ ਅਹੁਦੇ 'ਤੇ ਦਿੱਤੀ ਤਰੱਕੀ

(ਨਿਊਜ਼ ਚੈਕ ਪੋਸਟ) ਲੁਧਿਆਣਾ। ਪਿੰਡ ਕਿਲ੍ਹਾ ਰਾਇਪੁਰ (ਲੁਧਿਆਣਾ) ਦੇ ਰਹਿਣ ਵਾਲੇ ਅਤੇ ਰਾਸ਼ਟਰੀ ਪੱਧਰ ਦੇ ਹਾਕੀ ਖਿਡਾਰੀ ਕੁਲਜਿੰਦਰ ਸਿੰਘ ਗਰੇਵਾਲ ਨੂੰ ਅੱਜ ਡੀ.ਐਸ.ਪੀ. ਦੇ ਅਹੁਦੇ 'ਤੇ ਤਰੱਕੀ ਦਿੱਤੀ ਗਈ ਹੈ। ਗਰੇਵਾਲ ਇਸ ਸਮੇਂ ਵਿਜੀਲੈਂਸ ਬਿਊਰੋ ਲੁਧਿਆਣਾ ਵਿਖੇ ਤਾਇਨਾਤ ਹਨ। ਕੁਲਜਿੰਦਰ ਸਿੰਘ ਅਤੇ ਉਨ੍ਹਾਂ ਦਾ ਪਰਿਵਾਰ ਲੰਬੇ ਸਮੇਂ ਤੋਂ 'ਗਰੇਵਾਲ ਸਪੋਰਟਸ ਐਸੋਸੀਏਸ਼ਨ' ਨਾਲ ਜੁੜੇ ਹੋਏ ਹਨ, ਜੋ ਕਿਲ੍ਹਾ ਰਾਇਪੁਰ ਵਿਖੇ ਵਿਸ਼ਵ ਪ੍ਰਸਿੱਧ 'ਪੇਂਡੂ ਓਲੰਪਿਕ' ਦਾ ਆਯੋਜਨ ਕਰਦੀ ਹੈ।



ਭਾਜਪਾ ਪਹਿਲਾਂ ਆਪਣੀ ਪਾਰਟੀ ਨੂੰ ਕਾਂਗਰਸੀਆਂ ਤੋਂ ਬਚਾਵੇ, ਫਿਰ ਕਾਂਗਰਸ ਨੂੰ ਰੋਕਣ ਦੀ ਗੱਲ ਕਰੇ : ਪਰਮਿੰਦਰ ਮਹਿਤਾ

• 1984 ਦੇ ਸਿੱਖ ਕਤਲੇਆਮ ਦੇ ਮੁੱਦੇ 'ਤੇ ਭਾਜਪਾ ਨੇ ਕੀਤੇ ਪ੍ਰਦਰਸ਼ਨ ਨੂੰ ਦੱਸਿਆ ਸਿਆਸੀ ਲਾਹਾ ਲੈਣ ਦੀ ਕੋਸ਼ਿਸ਼

(ਨਿਊਜ਼ ਚੈਕ ਪੋਸਟ) ਲੁਧਿਆਣਾ। 1984 ਦੇ ਸਿੱਖ ਕਤਲੇਆਮ ਦੇ ਮੁੱਦੇ ਨੂੰ ਲੈ ਕੇ ਭਾਜਪਾ ਵੱਲੋਂ ਟਿੱਬਾ ਰੋਡ ਸਥਿਤ ਕਾਂਗਰਸ ਦਫ਼ਤਰ ਦੇ ਬਾਹਰ ਕੀਤੇ ਧਰਨੇ ਅਤੇ ਪ੍ਰਦਰਸ਼ਨ 'ਤੇ ਸਾਬਕਾ ਕੌਂਸਲਰ ਪਰਮਿੰਦਰ ਮਹਿਤਾ ਨੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਭਾਜਪਾ 'ਤੇ ਸਿਆਸੀ ਨਿਸ਼ਾਨਾ ਸਾਧਿਆ। ਉਨ੍ਹਾਂ ਤਨਜ਼ ਕੱਸਦਿਆਂ ਕਿਹਾ ਕਿ ਦੇਸ਼ ਵਿੱਚ ਕਾਂਗਰਸ ਨੂੰ ਰੋਕਣ ਦੀਆਂ ਗੱਲਾਂ ਕਰਨ ਵਾਲੀ ਭਾਜਪਾ ਨੂੰ ਪਹਿਲਾਂ ਆਪਣੀ ਪਾਰਟੀ ਨੂੰ ਕਾਂਗਰਸੀਆਂ ਤੋਂ ਬਚਾਉਣ ਦੀ ਲੋੜ ਹੈ। ਮਹਿਤਾ ਨੇ ਕਿਹਾ ਕਿ ਦਿੱਲੀ ਦੇ ਰਾਮਲੀਲਾ ਮੈਦਾਨ ਵਿੱਚ ਰਾਹੁਲ ਗਾਂਧੀ ਦੀ ਰੈਲੀ ਦੌਰਾਨ ਇਕੱਠੀ ਹੋਈ ਭੀੜ ਇਸ ਗੱਲ ਦਾ ਸੰਕੇਤ ਹੈ ਕਿ ਦੇਸ਼ ਦਾ ਨੌਜਵਾਨ ਆਪਣੇ ਮੁੱਦਿਆਂ ਨੂੰ ਲੈ ਕੇ ਆਵਾਜ਼ ਬੁਲੰਦ ਕਰ ਰਿਹਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਭਾਜਪਾ 1984 ਦੇ ਸਿੱਖ ਕਤਲੇਆਮ ਦੇ ਸੰਵੇਦਨਸ਼ੀਲ ਮੁੱਦੇ ਨੂੰ ਉਭਾਰ ਕੇ ਬੇਰੁਜ਼ਗਾਰੀ, ਕਿਸਾਨਾਂ ਦੀਆਂ ਸਮੱਸਿਆਵਾਂ ਅਤੇ ਆਰਥਿਕ ਚੁਣੌਤੀਆਂ ਤੋਂ ਲੋਕਾਂ ਦਾ ਧਿਆਨ ਭਟਕਾਉਣਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਸਰਦਾਰ ਗਿਆਨੀ ਜ਼ੈਲ ਸਿੰਘ, ਸਰਦਾਰ ਬੂਟਾ ਸਿੰਘ ਅਤੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਵਰਗੀਆਂ ਸ਼ਖ਼ਸੀਅਤਾਂ ਕਾਂਗਰਸ ਵਿੱਚ ਰਹਿੰਦਿਆਂ ਦੇਸ਼ ਦੇ ਉੱਚ ਸੰਵਿਧਾਨਕ ਅਤੇ ਸਿਆਸੀ ਅਹੁਦਿਆਂ ਤੱਕ ਪਹੁੰਚੀਆਂ।



ਮਹਿਤਾ ਨੇ ਭਾਜਪਾ ਤੋਂ ਸਵਾਲ ਕੀਤਾ ਕਿ ਜੇਕਰ ਉਹ 1984 ਦੇ ਪੀੜਤਾਂ ਨੂੰ ਇਨਸਾਫ਼ ਦਿਵਾਉਣ ਲਈ ਗੰਭੀਰ ਹੈ ਤਾਂ ਇਸ ਸਬੰਧੀ ਆਪਣਾ ਠੋਸ ਜਵਾਬ ਦੇਵੇ। ਉਨ੍ਹਾਂ ਕਿਹਾ ਕਿ ਨੌਜਵਾਨਾਂ ਦੇ ਰੁਜ਼ਗਾਰ, ਕਿਸਾਨਾਂ ਦੀਆਂ ਮੁਸ਼ਕਲਾਂ ਅਤੇ ਦੇਸ਼ ਦੀ ਆਰਥਿਕ ਸਥਿਤੀ 'ਤੇ ਚਰਚਾ ਹੋਣੀ ਚਾਹੀਦੀ ਹੈ। ਅਜਿਹੇ ਸੰਵੇਦਨਸ਼ੀਲ ਮੁੱਦਿਆਂ 'ਤੇ ਸਿਆਸਤ ਪੰਜਾਬ ਦੀ ਏਕਤਾ ਅਤੇ ਭਾਈਚਾਰਕ ਸਾਂਝ ਲਈ ਨੁਕਸਾਨਦੇਹ ਹੋ ਸਕਦੀ ਹੈ।

ਰਾਹੁਲ ਗਾਂਧੀ ਦੀ ਸੰਗਰੂਰ ਰੈਲੀ : 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਦੀ ਜਿੱਤ ਦਾ ਮੁੱਢ ਬਣੇਗੀ : ਪਵਨ ਦੀਵਾਨ

• ਰੈਲੀ ਦੀਆਂ ਤਿਆਰੀਆਂ ਸਬੰਧੀ ਸਰਾਭਾ ਨਗਰ ਵਿਖੇ ਕਾਂਗਰਸੀ ਆਗੂਆਂ ਨਾਲ ਕੀਤੀ ਮੀਟਿੰਗ

(ਨਿਊਜ਼ ਚੈਕ ਪੋਸਟ) ਲੁਧਿਆਣਾ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਵੱਲੋਂ 4 ਨਵੰਬਰ ਨੂੰ ਸੰਗਰੂਰ ਦੇ ਪਿੰਡ ਫੱਗੂਵਾਲ ਵਿਖੇ ਕੀਤੀ ਜਾ ਰਹੀ ਰੈਲੀ ਦੀਆਂ ਤਿਆਰੀਆਂ ਸਬੰਧੀ ਸਰਾਭਾ ਨਗਰ ਵਿਖੇ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਮੀਟਿੰਗ ਦੀ ਅਗਵਾਈ ਜ਼ਿਲ੍ਹਾ ਕਾਂਗਰਸ ਕਮੇਟੀ, ਲੁਧਿਆਣਾ ਸ਼ਹਿਰੀ ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੇ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ, ਪਵਨ ਦੀਵਾਨ ਨੇ ਕਿਹਾ ਕਿ ਰਾਹੁਲ ਗਾਂਧੀ ਦੀ ਸੰਗਰੂਰ ਰੈਲੀ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਸ਼ਾਨਦਾਰ ਜਿੱਤ ਦਾ ਮੁੱਢ ਸਾਬਤ ਹੋਵੇਗੀ। ਉਨ੍ਹਾਂ ਪਾਰਟੀ ਆਗੂਆਂ ਅਤੇ ਵਰਕਰਾਂ ਨੂੰ ਵੱਡੀ ਗਿਣਤੀ ਵਿੱਚ ਰੈਲੀ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ ਕਰਦਿਆਂ, ਕਿਹਾ ਕਿ ਪੰਜਾਬ ਵਿੱਚੋਂ ਆਮ ਆਦਮੀ ਪਾਰਟੀ ਦੀ ਨਾਕਾਮ ਸਰਕਾਰ ਨੂੰ ਜੜ੍ਹੋਂ ਉਖਾੜਨ ਲਈ ਲੋਕ ਬੇਸਬਰੀ ਨਾਲ ਚੋਣਾਂ ਦੀ ਉਡੀਕ ਕਰ ਰਹੇ ਹਨ। ਦੀਵਾਨ ਨੇ ਸੂਬੇ ਦੀ ਮੌਜੂਦਾ ਸਥਿਤੀ 'ਤੇ ਚਿੰਤਾ ਪ੍ਰਗਟ ਕਰਦਿਆਂ, ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਗੰਭੀਰ ਸਮੱਸਿਆ ਕਾਰਨ ਆਏ ਦਿਨ ਬੇਕਸੂਰ ਲੋਕਾਂ ਦੀਆਂ ਜਾਨਾਂ ਜਾ ਰਹੀਆਂ ਹਨ। ਇਸ ਤੋਂ ਇਲਾਵਾ, ਫਾਈਰਿੰਗ ਅਤੇ ਕਤਲ ਦੀਆਂ ਘਟਨਾਵਾਂ ਲਗਾਤਾਰ ਸਾਹਮਣੇ ਆ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਪੂਰੀ ਤਰ੍ਹਾਂ ਬੇਕਾਬੂ ਹੋ ਚੁੱਕੀ ਹੈ ਅਤੇ ਸਰਕਾਰ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਯਕੀਨੀ ਬਣਾਉਣ ਵਿੱਚ ਅਸਫਲ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਬਦਲਾਅ ਚਾਹੁੰਦੇ ਹਨ ਅਤੇ ਸੂਬੇ ਵਿੱਚ ਮੁੜ ਕਾਂਗਰਸ ਪਾਰਟੀ ਦੀ ਸਰਕਾਰ ਲਿਆਉਣ ਦੇ ਇੱਛੁਕ ਹਨ। ਰਾਹੁਲ ਗਾਂਧੀ ਦੀ ਅਗਵਾਈ ਹੇਠ ਹੋਣ ਵਾਲੀ ਸੰਗਰੂਰ ਰੈਲੀ ਪਾਰਟੀ ਵਰਕਰਾਂ ਵਿੱਚ ਨਵਾਂ ਜੋਸ਼ ਅਤੇ ਉਤਸ਼ਾਹ ਭਰੇਗੀ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ, ਕੁਲਬੀਰ ਸਿੰਘ ਨੀਟਾ, ਬਲਜੀਤ ਸਿੰਘ ਅਹੂਜਾ, ਵਰੁਣ ਸ਼ਰਮਾ, ਹੇਮੰਤ ਮਹਾਜਨ, ਵਿਕਰਮ ਮੋਹਨ ਸਿੰਘ, ਕਮਲ ਪਾਹਵਾ, ਜਸਵਿੰਦਰ ਸਿੰਘ ਬੱਗਾ, ਰੋਹਿਤ ਪਾਹਵਾ, ਐਡਵੋਕੇਟ ਸੰਦੀਪ ਅਰੋੜਾ, ਰਜਨੀਸ਼ ਸਿੰਗਲਾ ਅਤੇ ਹਰਭਗਤ ਗਰੇਵਾਲ ਵੀ ਮੌਜੂਦ ਸਨ।



ਓ ਛੋਟੂ, ਪੰਜਾਬ ਪੁਲਿਸ ਦੀ ਕੋਈ ਰੀਸ ਨੀ ਆ ਓਏ...

ਨਸ਼ੇ 'ਚ ਟੱਲੀ ਪੁਲਿਸ ਮੁਲਾਜ਼ਮ ਨੇ ਸਰਕਾਰੀ ਏ.ਕੇ.-47 ਰਾਈਫਲ ਨਾਲ ਕੀਤੇ ਹਵਾਈ ਫਾਇਰ



(ਸਰਬਜੀਤ ਸਿੰਘ ਸੋਨੀ) ਲੁਧਿਆਣਾ। ਮਹਾਨਗਰ ਦੇ ਥਾਣਾ ਜੋਧੇਵਾਲ ਅਧੀਨ ਪੈਂਦੀ ਗਗਨਦੀਪ ਕਾਲੋਨੀ ਵਿੱਚ ਸ਼ਨੀਵਾਰ ਅੱਧੀ ਰਾਤ ਨੂੰ ਕਾਨੂੰਨ ਦੇ ਇੱਕ ਰਾਖੇ ਵੱਲੋਂ ਹੀ ਕਾਨੂੰਨ ਦੀਆਂ ਧੱਜੀਆਂ ਉਡਾਉਣ ਦਾ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਇੱਕ ਸਥਾਨਕ ਕਾਰਕੁਨ ਨਾਲ ਬਤੌਰ ਗੰਨਮੈਨ ਤਾਇਨਾਤ ਪੁਲਿਸ ਕਾਂਸਟੇਬਲ ਲਵਪ੍ਰੀਤ ਸਿੰਘ ਨੇ ਸ਼ਰਾਬ ਦੇ ਨਸ਼ੇ ਵਿੱਚ ਧੁੱਤ ਹੋ ਕੇ ਆਪਣੇ ਦੋਸਤ ਦੀ ਨਿੱਜੀ ਰੰਜਿਸ਼ ਦਾ ਬਦਲਾ ਲੈਣ ਲਈ ਆਪਣੀ ਸਰਕਾਰੀ ਏ.ਕੇ.-47 ਰਾਈਫਲ ਨਾਲ ਸ਼ਰੇਆਮ ਤਾਬੜਤੋੜ ਹਵਾਈ ਫਾਇਰਿੰਗ ਕਰ ਦਿੱਤੀ। ਇਸ ਖ਼ੌਫ਼ਨਾਕ ਵਾਰਦਾਤ ਤੋਂ ਬਾਅਦ ਜੋਧੇਵਾਲ ਪੁਲਿਸ ਨੇ ਮੁਲਜ਼ਮ ਕਾਂਸਟੇਬਲ ਲਵਪ੍ਰੀਤ ਸਿੰਘ ਅਤੇ ਉਸਦੇ ਦੋਸਤ ਵਰੁਣ ਕੁਮਾਰ ਖ਼ਿਲਾਫ਼ ਸੰਗੀਨ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰ ਲਿਆ ਹੈ।

ਮਾਮਲਾ ਦੋਸਤ ਦੀ ਨਿੱਜੀ ਰੰਜਿਸ਼ ਦਾ ਬਦਲਾ ਲੈਣ ਦਾ

ਨਸ਼ੇ 'ਚ ਟੱਲੀ ਪੁਲਿਸ ਮੁਲਾਜ਼ਮ ਨੇ ਯਾਰੀ ਨਿਭਾਉਣ ਲਈ ਵਰਤੀ ਸਰਕਾਰੀ ਰਾਈਫਲ

ਪੁਲਿਸ ਤੋਂ ਮਿਲੀ ਜਾਣਕਾਰੀ ਮੁਤਾਬਕ ਇਹ ਸਾਰਾ ਹੰਗਾਮਾ ਕਾਂਸਟੇਬਲ ਲਵਪ੍ਰੀਤ ਸਿੰਘ ਦੇ ਦੋਸਤ ਵਰੁਣ ਕੁਮਾਰ ਅਤੇ ਗਗਨਦੀਪ ਕਾਲੋਨੀ ਦੇ ਰਹਿਣ ਵਾਲੇ ਰਾਜ ਕੁਮਾਰ ਵਿਚਾਲੇ ਚੱਲ ਰਹੇ ਪੁਰਾਣੇ ਵਿਵਾਦ ਕਾਰਨ ਹੋਇਆ। ਸ਼ਨੀਵਾਰ ਦੇਰ ਰਾਤ ਕਾਂਸਟੇਬਲ ਲਵਪ੍ਰੀਤ ਸਿੰਘ ਖ਼ਾਕੀ ਦਾ ਰੋਅਬ ਦਿਖਾਉਂਦੇ ਹੋਏ ਆਪਣੇ ਦੋਸਤ ਵਰੁਣ ਨਾਲ ਰਾਜ ਕੁਮਾਰ ਦੇ ਘਰ ਪਹੁੰਚ ਗਿਆ। ਦੱਸਿਆ ਜਾ ਰਿਹਾ ਹੈ ਕਿ ਦੋਵੇਂ ਮੁਲਜ਼ਮ ਉਸ ਵੇਲੇ ਸ਼ਰਾਬ ਦੇ ਨਸ਼ੇ ਵਿੱਚ ਪੂਰੀ ਤਰ੍ਹਾਂ ਧੁੱਤ ਸਨ ਅਤੇ ਉਨ੍ਹਾਂ ਨੇ ਉੱਥੇ ਪਹੁੰਚਦਿਆਂ ਹੀ ਰਾਜ ਕੁਮਾਰ ਨਾਲ ਗਾਲੀ-ਗਲੋਚ ਕਰਦਿਆਂ ਤਿੱਖੀ ਬਹਿਸ ਸ਼ੁਰੂ ਕਰ ਦਿੱਤੀ।

ਕਾਰ 'ਚੋਂ ਹਥਿਆਰ ਕੱਢ ਝੋਕੇ 4 ਰਾਊਂਡ

ਵਧੀਕ ਡਿਪਟੀ ਕਮਿਸ਼ਨਰ ਪੁਲਿਸ ਸੰਦੀਪ ਵਢੇਰਾ ਨੇ ਦੱਸਿਆ ਕਿ ਤਕਰਾਰ ਵਧਣ 'ਤੇ ਕਾਂਸਟੇਬਲ ਲਵਪ੍ਰੀਤ ਸਿੰਘ ਨੇ ਆਪਣੀ ਕਾਰ ਵਿੱਚੋਂ ਸਰਕਾਰੀ ਏ.ਕੇ.-47 ਰਾਈਫਲ ਕੱਢ ਲਈ। ਉਸਨੇ ਰਾਜ ਕੁਮਾਰ ਨੂੰ ਡਰਾਉਣ ਅਤੇ ਇਲਾਕੇ ਵਿੱਚ ਆਪਣੀ ਧਾਕ ਜਮਾਉਣ ਲਈ ਹਵਾ ਵਿੱਚ ਇੱਕ ਤੋਂ ਬਾਅਦ ਇੱਕ 4 ਤਾਬੜਤੋੜ ਫਾਇਰ ਕਰ ਦਿੱਤੇ। ਅੱਧੀ ਰਾਤ ਨੂੰ ਹੋਈ ਗੋਲੀਬਾਰੀ ਦੀ ਆਵਾਜ਼ ਸੁਣ ਕੇ ਆਸ-ਪਾਸ ਦੇ ਲੋਕ ਘਰਾਂ ਅੰਦਰ ਸਹਿਮ ਗਏ। ਮੁਲਜ਼ਮ ਵਾਰਦਾਤ ਤੋਂ ਬਾਅਦ ਰਾਜ ਕੁਮਾਰ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦੇ ਹੋਏ ਮੌਕੇ ਤੋਂ ਫਰਾਰ ਹੋ ਗਏ। ਖ਼ੁਸ਼ਕਿਸਮਤੀ ਰਹੀ ਕਿ ਇਸ ਹਵਾਈ ਫਾਇਰਿੰਗ ਦੌਰਾਨ ਕੋਈ ਜਾਨੀ ਨੁਕਸਾਨ ਨਹੀਂ ਹੋਇਆ।

ਖਾਕੀ ਹੋਈ ਦਾਗੀ ! ਪੁਲਿਸ ਨੇ ਮਾਮਲਾ ਕੀਤਾ ਦਰਜ

ਐਤਵਾਰ ਸਵੇਰੇ ਪੀੜਤ ਰਾਜ ਕੁਮਾਰ ਨੇ ਥਾਣਾ ਜੋਧੇਵਾਲ ਪਹੁੰਚ ਕੇ ਕਾਨੂੰਨ ਦੇ ਇਸ 'ਰਾਖੇ' ਖ਼ਿਲਾਫ਼ ਲਿਖਤੀ ਸ਼ਿਕਾਇਤ ਦਰਜ ਕਰਵਾਈ। ਪੁਲਿਸ ਨੇ ਮਾਮਲੇ ਦੀ ਜਾਂਚ ਅਤੇ ਦੋਸ਼ਾਂ ਦੀ ਪੁਸ਼ਟੀ ਕਰਨ ਤੋਂ ਬਾਅਦ ਦੋਵਾਂ ਮੁਲਜ਼ਮਾਂ ਖ਼ਿਲਾਫ਼ ਐਫ.ਆਈ.ਆਰ ਦਰਜ ਕਰ ਲਈ ਹੈ। ਏ.ਡੀ.ਸੀ.ਪੀ. ਸੰਦੀਪ ਵਡੇਰਾ ਨੇ ਸਾਫ਼ ਕੀਤਾ ਕਿ ਕਾਨੂੰਨੀ ਕਾਰਵਾਈ ਦੇ ਨਾਲ-ਨਾਲ ਮੁਲਜ਼ਮ ਕਾਂਸਟੇਬਲ ਲਵਪ੍ਰੀਤ ਸਿੰਘ ਖ਼ਿਲਾਫ਼ ਸਖ਼ਤ ਵਿਭਾਗੀ ਅਨੁਸ਼ਾਸਨੀ ਕਾਰਵਾਈ ਵੀ ਸ਼ੁਰੂ ਕਰ ਦਿੱਤੀ ਗਈ ਹੈ, ਜਿਸ ਤਹਿਤ ਉਸਦੀ ਮੁਅੱਤਲੀ ਤੈਅ ਮੰਨੀ ਜਾ ਰਹੀ ਹੈ। ਪੁਲਿਸ ਵੱਲੋਂ ਫਰਾਰ ਮੁਲਜ਼ਮਾਂ ਦੀ ਭਾਲ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

'ਵਾਰਿਸ ਪੰਜਾਬ ਦੇ' ਦੀ ਸਰਕਾਰ ਬਣਨ 'ਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਕੀਤਾ ਜਾਵੇਗਾ ਹੱਲ

• ਵਿਕਾਸ ਨੂੰ ਪਹਿਲ ਅਤੇ ਨਸ਼ੇ ਤੇ ਰੋਕ ਲਗਾਈ ਜਾਵੇਗੀ : ਇਆਲੀ, ਸ਼ਿਵਾਲਿਕ

(ਮੋਹਿਤ ਗਾਦੜਾ) ਲਾਡੋਵਾਲ। ਵਾਰਿਸ ਪੰਜਾਬ ਦੇ,ਦੇ ਸੀਨੀ. ਆਗੂ ਤੇ ਹਲਕਾ ਦਾਖਾ ਦੇ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਅਤੇ ਹਲਕਾ ਗਿੱਲ ਦੇ ਇੰਚਾਰਜ ਦਰਸ਼ਨ ਸਿੰਘ ਸ਼ਿਵਾਲਿਕ ਨੇ 'ਆਮ ਆਦਮੀ ਪਾਰਟੀ' ਦੀ ਸਰਕਾਰ 'ਤੇ ਤਿੱਖੇ ਸਿਆਸੀ ਹਮਲੇ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਬਦਲਾਅ ਦੇ ਨਾਂ 'ਤੇ ਸੱਤਾ ਵਿੱਚ ਆਈ ਸਰਕਾਰ ਨੇ ਲੋਕਾਂ ਨੂੰ ਨਿਰਾਸ਼ ਕੀਤਾ ਹੈ ਅਤੇ ਆਪਣੇ ਕਾਰਜਕਾਲ ਦੌਰਾਨ ਲੋਕਾਂ ਨੂੰ ਲੁੱਟਿਆ ਤੇ ਕੁੱਟਿਆ ਗਿਆ ਹੈ, ਜਿਸ ਕਾਰਨ ਪੰਜਾਬ ਤਰੱਕੀ ਕਰਨ ਦੀ ਬਜਾਏ ਕਈ ਸਾਲ ਪਿੱਛੇ ਧੱਕਿਆ ਗਿਆ।ਉਨ੍ਹਾਂ ਕਿਹਾ ਕਿ ÷ਆਪ÷ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਲੋਕਾਂ ਨਾਲ ਵੱਡੇ-ਵੱਡੇ ਵਾਅਦੇ ਕੀਤੇ ਸਨ, ਪਰ ਅੱਜ ਲੋਕ ਆਪਣੀਆਂ ਮੁੱਢਲੀਆਂ ਸਮੱਸਿਆਵਾਂ ਦੇ ਹੱਲ ਲਈ ਸੰਘਰਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਨੂੰ ਜਿਸ ਬਦਲਾਅ ਦੀ ਉਮੀਦ ਸੀ, ਉਹ ਉਮੀਦ ਪੂਰੀ ਹੁੰਦੀ ਨਜ਼ਰ ਨਹੀਂ ਆ ਰਹੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਸਰਕਾਰ ਦੀ ਕਾਰਗੁਜ਼ਾਰੀ ਦਾ ਮੁਲਾਂਕਣ ਕਰ ਰਹੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਇਸ ਦਾ ਜਵਾਬ ਦੇਣਗੇ ਉਨ੍ਹਾਂ ਕਿਹਾ ਕਿ 'ਵਾਰਿਸ ਪੰਜਾਬ ਦੇ' ਦੀ ਸਰਕਾਰ ਪੰਜਾਬ ਨੂੰ ਮੁੜ ਤਰੱਕੀ ਦੀਆਂ ਲੀਹਾਂ 'ਤੇ ਲਿਆਉਣ ਲਈ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦੇ ਯਤਨ ਕਰੇਗੀ । ਸੂਬੇ ਵਿੱਚ ਵਿਕਾਸ ਕਾਰਜਾਂ ਨੂੰ ਗਤੀ ਦੇਣ, ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣ ਅਤੇ ਆਮ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਦੇਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਉਨ੍ਹਾਂ ਨਸ਼ਿਆਂ ਦੇ ਮੁੱਦੇ 'ਤੇ ਬੋਲਦਿਆਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।



ਪੁਲਿਸ ਨੇ ਕੁੱਪ ਕਲਾਂ 'ਚ ਨਜਾਇਜ਼ ਕਬਜ਼ੇ ਹਟਵਾਏ

(ਰਵਿੰਦਰ ਸਿੰਘ ਰੇਸ਼ਮ) ਕੁੱਪ ਕਲਾਂ। ਜਿਲਾ ਮਾਲੇਰਕੋਟਲਾ ਦੇ ਅੰਤਰਗਤ ਪੈਂਦੇ ਕਸਬਾ ਕੁੱਪ ਕਲਾਂ 'ਚ ਜਿਲਾ ਮਾਲੇਰਕੋਟਲਾ ਦੀ ਟਰੈਫਿਕ ਪੁਲਿਸ ਵੱਲੋਂ ਵੱਡੀ ਕਾਰਵਾਈ ਕਰਦਿਆਂ ਸੜਕ ਦੇ ਆਲੇ-ਦੁਆਲੇ ਤੋਂ ਨਜਾਇਜ਼ ਕਬਜ਼ੇ ਹਟਵਾਏ ਗਏ। ਇਸ ਮੌਕੇ ਗੱਲਬਾਤ ਕਰਦਿਆਂ ਜਿਲਾ ਟ?ਰੈਫਿਕ ਪੁਲਿਸ ਦੇ ਇੰਚਾਰਜ ਸ. ਹਰਭਜਨ ਸਿੰਘ ਨੇ ਕਿਹਾ ਕਿ ਜਿਲਾ ਪੁਲਿਸ ਮੁਖੀ ਸ. ਹਰਕਮਲਪ੍ਰੀਤ ਸਿੰਘ ਖੱਖ ਦੇ ਸਖ਼ਤ ਦਿਸ਼ਾ-ਨਿਰਦੇਸ਼ਾਂ ਹੇਠ ਹਦਾਇਤਾਂ ਦੀ ਪਾਲਣਾ ਕਰਦਿਆਂ ਅੱਜ ਕੁੱਪ ਕਲਾਂ ਵਿੱਚ ਇਹ ਕਾਰਵਾਈ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਹਾਦਸਿਆਂ ਨੂੰ ਰੋਕਣ ਲਈ ਦੁਕਾਨਦਾਰਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਸੜਕ 'ਤੇ ਗਲਤ ਤਰੀਕੇ ਨਾਲ ਸਮਾਨ ਨਾ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਅਗਰ ਹਦਾਇਤਾਂ ਦੀ ਪਾਲਣਾ ਨਾ ਕੀਤੀ ਤਾਂ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।



ਹਦਾਇਤਾਂ ਦੀ ਪਾਲਣਾ ਨਾ ਕਰਨ ਤੇ ਹੋਵੇਗੀ ਕਾਨੂੰਨੀ ਕਾਰਵਾਈ: ਟਰੈਫਿਕ ਇੰਚਾ : ਹਰਭਜਨ ਸਿੰਘ





ਕਾਂਗਰਸ, ਅਕਾਲੀ-ਭਾਜਪਾ ਤੇ ਆਪ ਨੇ ਪੰਜਾਬ ਨੂੰ ਕੀਤਾ ਤਬਾਹ : ਡਾ. ਕਰੀਮਪੁਰੀ

• ਬਸਪਾ ਨੇ ਖੇਤਰਫਲ ਦੀ ਲੁੱਟ, ਨਸ਼ਿਆਂ, ਡਾ. ਅੰਬੇਡਕਰ ਜੀ ਦੇ ਬੁੱਤਾਂ ਦੀ ਬੇਅਦਬੀ ਤੇ ਪੁਲਿਸ ਜਬਰ ਦੇ ਮੁੱਦੇ ਚੁੱਕੇ

ਪੰਜਾਬ ਦੇ 117 ਵਿਧਾਨ ਸਭਾ ਹਲਕਿਆਂ ਵਿੱਚ ਬਸਪਾ ਵੱਲੋਂ 15 ਨੁਕਤੀ ਮੰਗ ਪੱਤਰ ਰਾਸ਼ਟਰਪਤੀ ਨੂੰ ਭੇਜੇ ਜਾਣਗੇ

(ਰਣਜੀਤ ਕਲਸੀ) ਜਲੰਧਰ/ਚੰਡੀਗੜ੍ਹ। ਬਹੁਜਨ ਸਮਾਜ ਪਾਰਟੀ (ਬਸਪਾ) ਪੰਜਾਬ ਦੇ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਅੱਜ 1 ਨਵੰਬਰ ਨੂੰ 'ਪੰਜਾਬ ਦਿਵਸ' ਦੇ ਮੌਕੇ ਸੂਬੇ ਭਰ ਵਿੱਚ 'ਪੰਜਾਬ ਸੰਭਾਲੋ ਮੁਹਿੰਮ' ਨੂੰ ਹੋਰ ਤੇਜ਼ ਕਰਦਿਆਂ ਭਾਰਤ ਦੇ ਰਾਸ਼ਟਰਪਤੀ ਦੇ ਨਾਂ 15 ਨੁਕਤੀ ਮੰਗ ਪੱਤਰ ਭੇਜਣ ਦਾ ਐਲਾਨ ਕੀਤਾ।

ਮੀਡੀਆ ਨਾਲ ਗੱਲਬਾਤ ਕਰਦਿਆਂ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਕਿਹਾ ਕਿ 1 ਨਵੰਬਰ ਦਾ ਦਿਨ ਪੰਜਾਬ ਲਈ ਮਹਿਜ਼ ਇੱਕ ਤਾਰੀਖ਼ ਨਹੀਂ, ਸਗੋਂ ਸਾਡੇ ਵਜੂਦ, ਹੱਕਾਂ ਅਤੇ ਵਿਰਾਸਤ ਦਾ ਲੇਖਾ-ਜੋਖਾ ਕਰਨ ਦਾ ਦਿਨ ਹੈ।

ਉਨ੍ਹਾਂ ਕਿਹਾ ਕਿ ਆਜ਼ਾਦੀ ਵੇਲੇ 1.76 ਲੱਖ ਵਰਗ ਕਿਲੋਮੀਟਰ ਵਾਲਾ ਪੁਨਰਗਠਿਤ ਪੰਜਾਬ ਅੱਜ ਘਟ ਕੇ ਮਹਿਜ਼ 50,362 ਵਰਗ ਕਿਲੋਮੀਟਰ (ਮਹਿਜ਼ 28.5%) ਰਹਿ ਗਿਆ ਹੈ। ਪੰਜਾਬ ਦੀ ਇਸ ਭੂਗੋਲਿਕ, ਆਰਥਿਕ ਅਤੇ ਸਮਾਜਿਕ ਤਬਾਹੀ ਲਈ ਹੁਣ ਤੱਕ ਰਾਜ ਕਰਨ ਵਾਲੀਆਂ ਕਾਂਗਰਸ, ਅਕਾਲੀ-ਭਾਜਪਾ ਅਤੇ ਮੌਜੂਦਾ ਆਮ ਆਦਮੀ ਪਾਰਟੀ (ਆਪ) ਸਰਕਾਰਾਂ ਬਰਾਬਰ ਦੀਆਂ ਦੋਸ਼ੀ ਹਨ। ਇਨ੍ਹਾਂ ਸਰਕਾਰਾਂ ਨੇ ਪੰਜਾਬ ਸਿਰ ਕਰੀਬ 5 ਲੱਖ ਕਰੋੜ ਦਾ ਕਰਜ਼ਾ ਚਾੜਿ੍ਆ, ਲੋਕਾਂ ਨੂੰ ਬੇਰੁਜ਼ਗਾਰੀ ਤੇ ਨਸ਼ਿਆਂ ਦੇ ਖੂਹ ਵਿੱਚ ਸੁੱਟਿਆ। ਪੰਜਾਬ ਨੂੰ ਬਰਬਾਦ ਕਰਨ ਵਾਲੀਆਂ ਇਨ੍ਹਾਂ ਪਾਰਟੀਆਂ ਦਾ ਚਿਹਰਾ ਜਨਤਾ ਦੇ ਸਾਹਮਣੇ ਨੰਗਾ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰਾਂ ਨੇ ਪੰਜਾਬ ਦੇ ਟੋਟੇ-ਟੋਟੇ ਕੀਤੇ, ਚੰਡੀਗੜ੍ਹ ਤੇ ਪਾਣੀਆਂ ਦੇ ਹੱਕਾਂ 'ਤੇ ਡਾਕਾ ਮਾਰਿਆ ਅਤੇ ਧਾਰਮਿਕ-ਸਮਾਜਿਕ ਹਮਲੇ ਕੀਤੇ। ਇਸੇ ਤਰ੍ਹਾਂ ਅਕਾਲੀ-ਭਾਜਪਾ ਸਰਕਾਰ ਨੇ ਪੰਜਾਬ ਵਿੱਚ ਨਸ਼ਿਆਂ ਦੀਆਂ ਜੜ੍ਹਾਂ ਲਾਈਆਂ, ਕਿਸਾਨੀ ਅਤੇ ਜਵਾਨੀ ਨੂੰ ਰੋਲਿਆ ਅਤੇ ਕੇਂਦਰੀ ਅਧਿਕਾਰਾਂ ਦੀ ਦੁਰਵਰਤੋਂ ਕਰਕੇ ਪੰਜਾਬ ਦੇ ਹੱਕਾਂ ਦਾ ਦਮਨ ਕੀਤਾ। ਆਮ ਆਦਮੀ ਪਾਰਟੀ (ਆਪ) ਦੀ ਸਰਕਾਰ ਨੇ 'ਬਦਲਾਅ' ਦੇ ਝੂਠੇ ਦਾਅਵੇ ਕਰਕੇ ਪੰਜਾਬ ਵਿੱਚ ਨਸ਼ਿਆਂ ਨਾਲ ਰੋਜ਼ਾਨਾ ਹੋ ਰਹੀਆਂ ਮੌਤਾਂ 'ਤੇ ਅੱਖਾਂ ਮੀਚੀਆਂ, ਪੁਲਿਸ ਜਬਰ ਵਧਾਇਆ ਅਤੇ ਦਿੱਲੀ ਦੇ ਇਸ਼ਾਰਿਆਂ 'ਤੇ ਪੰਜਾਬ ਦਾ ਖ਼ਜ਼ਾਨਾ ਲੁੱਟਿਆ।



ਡਾ. ਕਰੀਮਪੁਰੀ ਨੇ ਦੱਸਿਆ ਕਿ 'ਪੰਜਾਬ ਸੰਭਾਲੋ ਮੁਹਿੰਮ' ਤਹਿਤ ਰਾਸ਼ਟਰਪਤੀ ਨੂੰ ਭੇਜੇ ਜਾਣ ਵਾਲੇ ਮੈਮੋਰੰਡਮ ਵਿੱਚ ਨਸ਼ੇ ਨਾਲ ਹੋ ਰਹੀਆਂ ਮੌਤਾਂ, ਸਮਗਲਰਾਂ-ਸਿਆਸਤਦਾਨਾਂ ਦੇ ਗੱਠਜੋੜ ਦੀ ਹਾਈ ਕੋਰਟ ਦੇ ਜੱਜ ਤੋਂ ਜਾਂਚ ਤੇ ਪੀੜਤ ਪਰਿਵਾਰਾਂ ਨੂੰ ਮੁਆਵਜ਼ੇ, ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਬੁੱਤਾਂ ਦੀ ਬੇਅਦਬੀ, 14 ਵੱਖ-ਵੱਖ ਥਾਂਵਾਂ 'ਤੇ ਸ੍ਰੀ ਗੁਰੂ ਰਵਿਦਾਸ ਧਾਮਾਂ/ਗੁਰੂਘਰਾਂ 'ਤੇ ਹਮਲਿਆਂ ਤੇ ਬੇਅਦਬੀਆਂ ਦੀ ਨਿਰਪੱਖ ਉੱਚ-ਪੱਧਰੀ ਜਾਂਚ ਦੇ ਮਾਮਲਿਆਂ ਨੂੰ ਚੁੱਕਿਆ ਗਿਆ ਹੈ। ਇਸ ਤੋਂ ਇਲਾਵਾ ਅੰਦੋਲਨਕਾਰੀ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਤੇ ਵਿਰੋਧੀ ਧਿਰਾਂ 'ਤੇ ਦਰਜ ਝੂਠੇ ਪਰਚੇ ਰੱਦ ਕਰਨ, ਪੁਲਿਸ ਹਿਰਾਸਤ ਵਿੱਚ ਹੋ ਰਹੀਆਂ ਮੌਤਾਂ 'ਤੇ ਰੋਕ ਅਤੇ ਦੋਸ਼ੀ ਅਧਿਕਾਰੀਆਂ 'ਤੇ ਕਾਰਵਾਈ ਦੀ ਗੱਲ ਰੱਖੀ ਗਈ ਹੈ।

ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਕਿਹਾ ਕਿ ਚੰਡੀਗੜ੍ਹ 'ਤੇ ਪੰਜਾਬ ਦਾ ਹੱਕ ਹੈ। ਚੰਡੀਗੜ੍ਹ ਨੂੰ ਬਿਨਾਂ ਸ਼ਰਤ ਤੁਰੰਤ ਪੰਜਾਬ ਦੇ ਹਵਾਲੇ ਕੀਤਾ ਜਾਵੇ। 1966 ਵੇਲੇ ਬਾਹਰ ਛੱਡੇ ਗਏ ਪੰਜਾਬੀ ਇਲਾਕਿਆਂ ਨੂੰ ਵਾਪਸ ਪੰਜਾਬ ਵਿੱਚ ਸ਼ਾਮਲ ਕੀਤਾ ਜਾਵੇ। ਬੀਐਸਐਫ ਦਾ ਸੀਮਾ ਅਧਿਕਾਰ 50 ਕਿਲੋਮੀਟਰ ਕਰਨ ਦਾ ਫ਼ੈਸਲਾ ਵਾਪਸ ਹੋਵੇ। ਐਸਵਾਈਐਲ ਨੂੰ ਰੱਦ ਕਰਕੇ ਪੰਜਾਬ ਦੇ ਪਾਣੀਆਂ ਦੀ ਲੁੱਟ ਬੰਦ ਕੀਤੀ ਜਾਵੇ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਿਆਂ ਲਈ ਉਮਰ ਕੈਦ ਦਾ ਪ੍ਰਬੰਧ ਹੋਵੇ ਤੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਤੁਰੰਤ ਰਿਹਾਈ ਹੋਵੇ। ਫ਼ਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਦਾ ਕਾਨੂੰਨ ਬਣਾਇਆ ਜਾਵੇ। ਰੁਕੇ ਹੋਏ ਕੇਂਦਰੀ ਫੰਡ ਤੁਰੰਤ ਜਾਰੀ ਹੋਣ। ਕੈਂਸਰ ਬੈਲਟ ਅਤੇ ਧਰਤੀ ਹੇਠਲੇ ਪਾਣੀ ਲਈ ਪੈਕੇਜ, ਵਾਤਾਵਰਣ ਅਤੇ ਸਿਹਤ ਸੰਕਟ ਲਈ ਕੇਂਦਰੀ ਮੁਆਵਜ਼ਾ ਮਿਲੇ। ਨੌਜਵਾਨੀ ਦਾ ਪਲਾਇਨ ਰੋਕਣ ਲਈ ਪੰਜਾਬ ਵਿੱਚ ਉਦਯੋਗਿਕ ਪੈਕੇਜ ਦੇ ਕੇ ਸਥਾਨਕ ਰੁਜ਼ਗਾਰ ਪੈਦਾ ਕੀਤਾ ਜਾਵੇ। ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਜ਼ੋਰ ਦੇ ਕੇ ਕਿਹਾ ਕਿ ਹੁਣ ਤੱਕ ਦੀਆਂ ਸਰਕਾਰਾਂ ਨੇ ਪੰਜਾਬ ਨੂੰ ਆਰਥਿਕ, ਧਾਰਮਿਕ ਅਤੇ ਸਮਾਜਿਕ ਤੌਰ 'ਤੇ ਕੰਗਾਲ ਕੀਤਾ ਹੈ। ਪੰਜਾਬ ਦੀ ਗੁਆਚੀ ਸ਼ਾਨ ਨੂੰ ਬਹਾਲ ਕਰਨ, ਨਸ਼ਾ-ਮੁਕਤ ਪੰਜਾਬ ਬਣਾਉਣ, ਬਹੁਜਨ-ਦਲਿਤ-ਕਿਸਾਨ-ਮਜ਼ਦੂਰ ਏਕਤਾ ਕਾਇਮ ਕਰਨ ਅਤੇ ਇੱਕ ਆਤਮ-ਨਿਰਭਰ ਤੇ ਖ਼ੁਸ਼ਹਾਲ ਪੰਜਾਬ ਦੇ ਨਿਰਮਾਣ ਲਈ ਮਾਯੂਸ ਹੋ ਚੁੱਕੇ ਪੰਜਾਬੀਆਂ ਕੋਲ ਬਸਪਾ ਦੀ 'ਪੰਜਾਬ ਸੰਭਾਲੋ ਮੁਹਿੰਮ' ਹੀ ਇੱਕੋ-ਇੱਕ ਸੱਚਾ ਅਤੇ ਇਮਾਨਦਾਰ ਵਿਕਲਪ ਹੈ। ਉਨ੍ਹਾਂ ਪੰਜਾਬ ਦੇ 117 ਹਲਕਿਆਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸੂਬੇ ਨੂੰ ਬਚਾਉਣ ਲਈ ਬਸਪਾ ਦੇ ਝੰਡੇ ਹੇਠ ਇੱਕਜੁੱਟ ਹੋਣ ਅਤੇ ਪੰਜਾਬ ਦੀ ਆਨ, ਬਾਨ ਤੇ ਸ਼ਾਨ ਲਈ ਇਸ ਅੰਦੋਲਨ ਦਾ ਹਿੱਸਾ ਬਣਨ।

ਪੰਜਾਬੀ ਲੋਕ ਵਿਰਾਸਤ ਅਕਾਡਮੀ ਵੱਲੋਂ ਸ਼੍ਰੀ ਗੁਰੂ ਗਰੰਥ ਸਾਹਿਬ ਵਿੱਚ ਸ਼ਾਮਿਲ ਰਾਗਾਂ ਦੀ ਵਿਸ਼ਾਲ ਟਕਸਾਲੀ ਪੇਸ਼ਕਾਰੀ ਲਈ

ਸਰਦਾਰ ਕੇ.ਜੇ. ਸਿੰਘ ਤੇ ਪ੍ਰਿੰਸੀਪਲ ਸੁਖਵੰਤ ਸਿੰਘ ਦਾ ਵਿਸ਼ੇਸ਼ ਸਨਮਾਨ

• ਹੁਣ ਗੁਰਬਾਣੀ ਸੰਗੀਤ ਦਾ ਟਕਸਾਲੀ ਸਰੂਪ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਸੁਣ ਸਕਣਗੀਆਂ

'ਸਬਦ ਨਾਦ' ਸੰਸਥਾ ਲੁਧਿਆਣਾ ਵੱਲੋਂ 18 ਘੰਟਿਆਂ ਅੰਦਰ ਸੱਤ ਭਾਗਾਂ ਵਿੱਚ ਰੀਕਾਰਡ ਕੀਤੇ ਪੰਚਮ ਪਾਤਿਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਜੀ ਵੱਲੋਂ ਨਿਰਧਾਰਤ ਰਾਗਾਂ ਆਧਾਰਿਤ ਵਿਸ਼ੇਸ਼ ਸੰਗੀਤਕ ਪ੍ਰੋਜੈਕਟ ਨੂੰ ਸੰਪੂਰਨ ਕਰਨ ਲਈ ਕੇ ਜੇ ਸਿੰਘ ਤੇ ਪ੍ਰਿੰਸੀਪਲ ਸੁਖਵੰਤ ਸਿੰਘ ਨੂੰ ਅੱਜ ਪੰਜਾਬੀ ਲੋਕ ਵਿਰਾਸਤ ਅਕਾਡਮੀ ਵੱਲੋਂ ਸਨਮਾਨਿਤ ਕੀਤਾ ਗਿਆ।

ਇਸ ਪ੍ਰਾਜੈਕਟ ਵਿੱਚ 141 ਮੌਲਿਕ ਗੁਰਬਾਣੀ ਸ਼ਬਦਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ 31 ਰਾਗਾਂ ਅਤੇ 31 ਮਿਸ਼ਰਤ ਰਾਗਾਂ ਸਮੇਤ ਸਮੁੱਚੇ 62 ਰਾਗਾਂ ਅਤੇ ਚੋਣਵੀਆਂ ਗੁਰਬਾਣੀ ਲੋਕ-ਰਾਗ ਪਰੰਪਰਾ ਅਨੁਸਾਰ ਸੰਗੀਤਬੱਧ ਕਰਨਾ ਮਹਾਨ ਸੇਵਾ ਹੈ।



ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਇਸ ਅਲੌਕਿਕ ਪੇਸ਼ਕਸ਼ ਉਪਰੰਤ ਪੂਰੇ ਵਿਸ਼ਵ ਵਿੱਚ ਵੱਸਦੇ ਗੁਰੂ ਨਾਨਕ ਨਾਮ ਲੇਵਾ ਇਹ ਮਹਾਨ ਗੁਰਬਾਣੀ ਗਾਇਨ ਦੇ ਟਕਸਾਲੀ ਸਰੂਪ ਨੂੰ ਸੁਣ ਸਕਣਗੇ। ਪੰਜਾਬੀ ਲੋਕ ਵਿਰਾਸਤ ਅਕਾਡਮੀ ਵੱਲੋਂ ਸਰਦਾਰ ਕੇ ਜੇ ਸਿੰਘ ਤੇ ਪ੍ਰਿੰਸੀਪਲ ਸੁਖਵੰਤ ਸਿੰਘ ਜੀ ਨੂੰ ਸਨਮਾਨਿਤ ਕੀਤਾ ਗਿਆ।

ਇਸ ਪ੍ਰਾਜੈਕਟ ਬਾਰੇ ਜਾਣਕਾਰੀ ਦੇਦਿਆਂ ਪ੍ਰਿੰਸੀਪਲ ਸੁਖਵੰਤ ਸਿੰਘ ਨੇ ਦੱਸਿਆ ਕਿ ਇਸ ਪ੍ਰਾਜੈਕਟ ਨੂੰ ਪੂਰਾ ਕਰਨ ਲਈ ਦਸ ਸਾਲ ਲੱਗੇ ਹਨ। ਇਹ ਪ੍ਰੋਜੈਕਟ ਸੰਤ ਬਾਬਾ ਸੁੱਚਾ ਸਿੰਘ ਜਵੱਦੀ ਵਾਲਿਆਂ ਦੀ ਦੂਰਦਰਸ਼ੀ ਸੋਚ ਤੋਂ ਪ੍ਰੇਰਨਾ ਲੈ ਕੇ ਆਰੰਭ ਕੀਤਾ ਗਿਆ ਸੀ। ਇਸ ਦਾ ਉਦੇਸ਼ ਗੁਰਬਾਣੀ ਦੀ ਸੰਪੂਰਨ ਰਾਗਾਤਮਕ ਸੰਗੀਤਕ ਵਿਰਾਸਤ ਨੂੰ ਟਕਸਾਲੀ ਰੂਪ ਵਿੱਚ ਸਤਿਕਾਰ ਸਹਿਤ ਸੰਭਾਲਣਾ ਸੀ। ਇਸ ਉਪਰਾਲੇ ਦੀ ਸੰਪੂਰਨਤਾ ਸੰਗਤਾਂ ਦੇ ਸਹਿਯੋਗ ਅਤੇ ਗੁਰਬਾਣੀ ਸੰਗੀਤ ਦੇ ਗੂੜ੍ਹ ਗਿਆਤਾ ਸੰਗੀਤਕਾਰਾਂ,ਨਿਰਮਾਤਾ ਅਤੇ ਅਧਿਆਪਕਾਂ ਬਿਨ ਸੰਭਵ ਨਹੀਂ ਸੀ। ਇਸ ਪ੍ਰੋਜੈਕਟ ਦੀਆਂ ਸੰਗੀਤਕ ਰਚਨਾਵਾਂ ਤਿਆਰ ਕਰਨ ਵਿੱਚ ਸਰਦਾਰ ਕੇ. ਜੇ. ਸਿੰਘ ਜੀ ਨਿਰਮਾਤਾ, ਧੁਨੀ ਇੰਜੀਨੀਅਰ ਅਤੇ ਸੰਗੀਤ ਲੇਬਲ ਦੇ ਮਾਲਕ ਨੇ ਵੱਡਾ ਸਹਿਯੋਗ ਦਿੱਤਾ। ਰਿਕਾਰਡਿੰਗ, ਮਿਕਸਿੰਗ ਅਤੇ ਰਿਲੀਜ਼ ਦੀ ਸਮੁੱਚੀ ਜ਼ਿੰਮੇਵਾਰੀ ਨਿਭਾ ਕੇ ਉਨ੍ਹਾਂ ਇਤਿਹਾਸਕ ਕਾਰਜ ਕੀਤਾ ਹੈ। ਪਦਮ ਸ਼੍ਰੀ ਭਾਈ ਹਰਜਿੰਦਰ ਸਿੰਘ ਸ੍ਰੀਨਗਰ ਵਾਲਿਆ ਦੀ ਸਰਪ੍ਰਸਤੀ ਬਿਨ ਇਹ ਕਾਰਜ ਏਨਾ ਸਰਬ ਸੰਪੂਰਨ ਨਹੀਂ ਸੀ ਬਣਨਾ।

ਉਨ੍ਹਾਂ ਕਿਹਾ ਕਿ ਗੁਰੂ ਘਰ ਦੇ ਪ੍ਰਸਿੱਧ ਕੀਰਤਨੀਏ ਜਿਨ੍ਹਾਂ ਨੇ ਇਸ ਪ੍ਰੋਜੈਕਟ ਨੂੰ ਆਪਣੀ ਰਹਿਨੁਮਾਈ ਪ੍ਰਦਾਨ ਕੀਤੀ, ਉਹ ਸਭ ਧੰਨਵਾਦ ਦੇ ਹੱਕਦਾਰ ਹਨ। ਸਰਦਾਰ ਕੇ ਜੇ ਸਿੰਘ ਨੇ ਦੱਸਿਆ ਕਿ ਇਸ ਉਪਰਾਲੇ ਵਿੱਚ ਭਾਰਤ ਅਤੇ ਵਿਸ਼ਵ ਭਰ ਦੇ 270 ਤੋਂ ਵੱਧ ਕਲਾਕਾਰ ਜੁੜੇ ਜਿਨ੍ਹਾਂ ਵਿੱਚ ਸਿੱਖ ਰਾਗੀ ਸਿੰਘ, ਭਾਰਤੀ ਸ਼ਾਸਤਰੀ ਗਾਇਕ ਅਤੇ ਪ੍ਰਸਿੱਧ ਸਾਜ਼-ਵਾਦਕ ਸ਼ਾਮਲ ਹਨ।

ਲਗਪਗ ਇੱਕ ਦਹਾਕੇ ਦੀ ਨਿਰੰਤਰ ਮਿਹਨਤ ਤੋਂ ਬਾਅਦ ਇਹ ਪ੍ਰੋਜੈਕਟ 30 ਅਕਤੂਬਰ 2026 ਨੂੰ ਰਾਮਗੜ੍ਹੀਆ ਗਰਲਜ਼ ਕਾਲਜ ਲੁਧਿਆਣਾ ਦੇ ਬਾਬਾ ਗੁਰਮੁਖ ਸਿੰਘ ਹਾਲ ਵਿੱਚ ਸੰਗਤ ਅਰਪਣ ਕੀਤਾ ਗਿਆ। ਉਨ੍ਹਾਂ ਦੱਸਿਆ ਕਿਮੁੰਬਈ ਸਥਿਤ ਸੰਗੀਤਕ ਲੇਬਲ ਅਸਲੀ ਮਿਊਜ਼ਿਕ ਵੱਲੋਂ ਰਿਲੀਜ਼ ਕੀਤੇ ਗਏ ਇਸ ਪ੍ਰੋਜੈਕਟ ਦੇ ਸਾਰੇ ਸੱਤ ਭਾਗ ਯੂਟਿਊਬ, ਐਪਲ ਮਿਊਜ਼ਿਕ, ਸਪੌਟੀਫਾਈ, ਐਮਾਜ਼ਾਨ ਮਿਊਜ਼ਿਕ, ਜੀ. ਓ .ਸਾਵਨ ਅਤੇ ਗਾਨਾ ਵਰਗੇ ਪ੍ਰਮੁੱਖ ਸੰਗੀਤਕ ਮੰਚਾਂ 'ਤੇ ਵਿਸ਼ਵ ਭਰ ਵਿੱਚ ਸੁਣੇ ਜਾ ਸਕਦੇ ਹਨ। ਇਸ ਮੌਕੇ ਯੂ ਐੱਸ ਏ ਤੋਂ ਆਏ ਸ. ਜਸਜੀਤ ਸਿੰਘ ਨੱਤ, ਗੁਰਿੰਦਰਜੀਤ ਸਿੰਘ ਨੱਤ ਤੇ ਸਰਦਾਰਨੀ ਜਸਵਿੰਦਰ ਕੌਰ ਗਿੱਲ ਵੀ ਹਾਜ਼ਰ ਸਨ।

- ਪ੍ਰੋ. ਗੁਰਭਜਨ ਸਿੰਘ ਗਿੱਲ, ਲੁਧਿਆਣਾ।

ਕੀ ਲੋਕਾਂ ਦੇ ਹੱਕਾਂ ਦੀ ਆਵਾਜ਼ ਦਬਾਉਣ ਲਈ ਪੁਲਿਸ ਦੀ ਵਰਦੀ ਵਰਤੀ ਜਾ ਸਕਦੀ ਹੈ?

• ਧਰਨਾ ਦੇਣਾ ਲੋਕਤੰਤਰੀ ਹੱਕ ਹੈ, ਕੋਈ ਜੁਰਮ ਨਹੀਂ, ਕਾਨੂੰਨ ਦੀ ਰਾਖੀ ਕਰਨ ਵਾਲੀ ਪੁਲਿਸ ਖੁਦ ਵੀ ਜਵਾਬਦੇਹ ਹੋਵੇ..

ਅਸਲ ਗੁੰਡਾ ਰਾਜ ਦੀ ਤਸਵੀਰ ਉਦੋਂ ਬਣਦੀ ਹੈ ਜਦੋਂ ਤਾਕਤਵਰ ਨੂੰ ਆਪਣੀ ਤਾਕਤ ਦਾ ਹਿਸਾਬ ਨਾ ਦੇਣਾ ਪਵੇ ਅਤੇ ਕਮਜ਼ੋਰ ਨੂੰ ਆਪਣਾ ਹੱਕ ਮੰਗਣ ਲਈ ਵੀ ਡਰਨਾ ਪਵੇ। ਇਸ ਲਈ ਕਿਸੇ ਵੀ ਘਟਨਾ ਨੂੰ ਬਿਨਾਂ ਜਾਂਚ ਦੇ ਗੁੰਡਾ ਰਾਜ ਕਰਾਰ ਦੇਣਾ ਠੀਕ ਨਹੀਂ, ਪਰ ਜੇਕਰ ਕਾਨੂੰਨ ਦੇ ਰਖਵਾਲੇ ਹੀ ਕਾਨੂੰਨੀ ਹੱਦਾਂ ਦੀ ਉਲੰਘਣਾ ਕਰਨ ਤਾਂ ਉਸ ਨੂੰ ਵੀ ਕਿਸੇ ਕੀਮਤ 'ਤੇ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ।

ਲੋਕਤੰਤਰ ਦੀ ਅਸਲ ਤਾਕਤ ਸਿਰਫ਼ ਸਰਕਾਰ ਬਣਾਉਣ ਵਾਲੀਆਂ ਵੋਟਾਂ ਵਿੱਚ ਨਹੀਂ, ਸਗੋਂ ਸਰਕਾਰ ਦੀਆਂ ਗ਼ਲਤ ਨੀਤੀਆਂ ਵਿਰੁੱਧ ਬੇਖ਼ੌਫ਼ ਆਵਾਜ਼ ਉਠਾਉਣ ਦੇ ਅਧਿਕਾਰ ਵਿੱਚ ਵੀ ਹੁੰਦੀ ਹੈ। ਜਦੋਂ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਦਫ਼ਤਰਾਂ ਵਿੱਚ ਨਹੀਂ ਮਿਲਦਾ, ਜਦੋਂ ਲੋਕਾਂ ਦੀਆਂ ਅਰਜ਼ੀਆਂ ਅਤੇ ਮੰਗਾਂ ਨੂੰ ਅਣਸੁਣਿਆ ਕੀਤਾ ਜਾਂਦਾ ਹੈ ਤਾਂ ਉਹ ਸੜਕਾਂ 'ਤੇ ਆ ਕੇ ਧਰਨਾ ਦਿੰਦੇ ਹਨ, ਰੋਸ ਪ੍ਰਗਟਾਉਂਦੇ ਹਨ ਅਤੇ ਸਰਕਾਰ ਨੂੰ ਆਪਣੀ ਜ਼ਿੰਮੇਵਾਰੀ ਯਾਦ ਕਰਵਾਉਂਦੇ ਹਨ। ਇਹ ਲੋਕਤੰਤਰ ਦੀ ਕਮਜ਼ੋਰੀ ਨਹੀਂ, ਬਲਕਿ ਇਸ ਦੀ ਜ਼ਿੰਦਾਦਿਲੀ ਹੈ।

ਪਰ ਜਦੋਂ ਲੋਕਾਂ ਦੇ ਸਵਾਲਾਂ ਦਾ ਜਵਾਬ ਸੰਵਾਦ ਦੀ ਥਾਂ ਪੁਲਿਸੀ ਤਾਕਤ ਨਾਲ ਦਿੱਤਾ ਜਾਣ ਲੱਗੇ ਤਾਂ ਲੋਕਤੰਤਰ ਦੀ ਮਰਿਆਦਾ ਬਾਰੇ ਸਵਾਲ ਖੜ੍ਹੇ ਹੋਣੇ ਸੁਭਾਵਿਕ ਹਨ।



ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨਾਲ ਸਬੰਧਤ ਸਾਹਮਣੇ ਆਈ ਵੀਡੀਓ ਨੇ ਇੱਕ ਵਾਰ ਫਿਰ ਪੁਲਿਸ ਦੀ ਕਾਰਜਸ਼ੈਲੀ ਅਤੇ ਪ੍ਰਦਰਸ਼ਨਕਾਰੀਆਂ ਨਾਲ ਕੀਤੇ ਜਾਂਦੇ ਵਿਹਾਰ ਨੂੰ ਚਰਚਾ ਦਾ ਵਿਸ਼ਾ ਬਣਾ ਦਿੱਤਾ ਹੈ। ਵੀਡੀਓ ਵਿੱਚ ਪੁਲਿਸ ਮੁਲਾਜ਼ਮਾਂ ਅਤੇ ਇੱਕ ਲੜਕੀ ਵਿਚਕਾਰ ਦਿਖਾਈ ਦੇ ਰਹੇ ਵਿਹਾਰ ਨੂੰ ਲੈ ਕੇ ਲੋਕਾਂ ਵਿੱਚ ਰੋਸ ਪੈਦਾ ਹੋਣਾ ਸੁਭਾਵਿਕ ਹੈ। ਬੇਸ਼ੱਕ ਕਿਸੇ ਵੀ ਘਟਨਾ ਬਾਰੇ ਅੰਤਿਮ ਨਤੀਜੇ 'ਤੇ ਪਹੁੰਚਣ ਤੋਂ ਪਹਿਲਾਂ ਪੂਰੇ ਤੱਥਾਂ, ਵੀਡੀਓ ਦੇ ਸੰਦਰਭ ਅਤੇ ਦੋਵਾਂ ਪੱਖਾਂ ਦੀ ਗੱਲ ਸਾਹਮਣੇ ਆਉਣੀ ਚਾਹੀਦੀ ਹੈ, ਪਰ ਇੱਕ ਗੱਲ ਸਪੱਸ਼ਟ ਹੈ ਕਿ ਕਿਸੇ ਵੀ ਨਾਗਰਿਕ ਦੀ ਇੱਜ਼ਤ ਅਤੇ ਮਨੁੱਖੀ ਮਰਿਆਦਾ ਨਾਲ ਸਮਝੌਤਾ ਨਹੀਂ ਹੋਣਾ ਚਾਹੀਦਾ।

ਸਵਾਲ ਇਹ ਨਹੀਂ ਕਿ ਪੁਲਿਸ ਕੋਲ ਕਾਨੂੰਨ ਲਾਗੂ ਕਰਵਾਉਣ ਦੀ ਤਾਕਤ ਹੈ ਜਾਂ ਨਹੀਂ?, ਸਵਾਲ ਇਹ ਹੈ ਕਿ ਕੀ ਉਸ ਤਾਕਤ ਦੀ ਵਰਤੋਂ ਕਾਨੂੰਨ ਅਤੇ ਮਨੁੱਖੀ ਮਰਿਆਦਾਵਾਂ ਦੇ ਅੰਦਰ ਰਹਿ ਕੇ ਕੀਤੀ ਜਾ ਰਹੀ ਹੈ?

ਪੁਲਿਸ ਦੀ ਵਰਦੀ ਲੋਕਾਂ ਦੀ ਸੁਰੱਖਿਆ, ਭਰੋਸੇ ਅਤੇ ਨਿਆਂ ਦੀ ਨਿਸ਼ਾਨੀ ਹੋਣੀ ਚਾਹੀਦੀ ਹੈ। ਇਹ ਵਰਦੀ ਕਿਸੇ ਵੀ ਮੁਲਾਜ਼ਮ ਨੂੰ ਕਿਸੇ ਨਾਗਰਿਕ ਨਾਲ ਬਦਸਲੂਕੀ ਕਰਨ, ਉਸ ਨੂੰ ਜ਼ਲੀਲ ਕਰਨ ਜਾਂ ਆਪਣੀ ਤਾਕਤ ਦਾ ਬੇਲੋੜਾ ਪ੍ਰਦਰਸ਼ਨ ਕਰਨ ਦਾ ਅਧਿਕਾਰ ਨਹੀਂ ਦਿੰਦੀ। ਜੇਕਰ ਕੋਈ ਪ੍ਰਦਰਸ਼ਨਕਾਰੀ ਕਾਨੂੰਨ ਦੀ ਉਲੰਘਣਾ ਕਰਦਾ ਹੈ ਤਾਂ ਉਸ ਖ਼ਿਲਾਫ਼ ਕਾਨੂੰਨੀ ਪ੍ਰਕਿਰਿਆ ਅਪਣਾਈ ਜਾ ਸਕਦੀ ਹੈ, ਪਰ ਕਾਨੂੰਨੀ ਕਾਰਵਾਈ ਅਤੇ ਧੱਕੇਸ਼ਾਹੀ ਵਿਚਕਾਰ ਇੱਕ ਵੱਡਾ ਫ਼ਰਕ ਹੈ।

ਭਾਰਤੀ ਸੰਵਿਧਾਨ ਦੀ ਧਾਰਾ 19 ਨਾਗਰਿਕਾਂ ਨੂੰ ਵਿਚਾਰ ਪ੍ਰਗਟਾਉਣ ਅਤੇ ਸ਼ਾਂਤੀਪੂਰਨ ਢੰਗ ਨਾਲ ਇਕੱਠੇ ਹੋਣ ਦਾ ਅਧਿਕਾਰ ਦਿੰਦੀ ਹੈ। ਇਸ ਅਧਿਕਾਰ ਉੱਤੇ ਕਾਨੂੰਨੀ ਅਤੇ ਵਾਜਬ ਪਾਬੰਦੀਆਂ ਹੋ ਸਕਦੀਆਂ ਹਨ, ਪਰ ਇਸ ਦਾ ਮਤਲਬ ਇਹ ਨਹੀਂ ਕਿ ਸਰਕਾਰ ਦੀ ਆਲੋਚਨਾ ਕਰਨ ਵਾਲੇ ਹਰ ਵਿਅਕਤੀ ਨੂੰ ਕਾਨੂੰਨ-ਵਿਵਸਥਾ ਲਈ ਖ਼ਤਰਾ ਸਮਝ ਲਿਆ ਜਾਵੇ।

ਅੱਜ ਸਵਾਲ ਪੰਜਾਬ ਯੂਨੀਵਰਸਿਟੀ ਦੀ ਇੱਕ ਵੀਡੀਓ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ। ਇਹ ਸਵਾਲ ਹਰ ਉਸ ਨਾਗਰਿਕ ਦਾ ਹੈ ਜੋ ਆਪਣੇ ਹੱਕਾਂ ਲਈ ਆਵਾਜ਼ ਉਠਾਉਂਦਾ ਹੈ। ਕੀ ਸਰਕਾਰ ਦੇ ਵਿਰੁੱਧ ਬੋਲਣਾ ਗ਼ਲਤ ਹੈ? ਕੀ ਆਪਣੀਆਂ ਮੰਗਾਂ ਮਨਵਾਉਣ ਲਈ ਧਰਨਾ ਦੇਣਾ ਜੁਰਮ ਹੈ? ਕੀ ਪੁਲਿਸ ਦੀ ਮੌਜੂਦਗੀ ਦਾ ਮਤਲਬ ਇਹ ਹੋਣਾ ਚਾਹੀਦਾ ਹੈ ਕਿ ਲੋਕ ਆਪਣੀ ਗੱਲ ਕਹਿਣ ਤੋਂ ਵੀ ਡਰਨ?

ਜੇਕਰ ਕਿਸੇ ਧਰਨੇ ਕਾਰਨ ਆਵਾਜਾਈ ਪ੍ਰਭਾਵਿਤ ਹੁੰਦੀ ਹੈ ਜਾਂ ਕਾਨੂੰਨ-ਵਿਵਸਥਾ ਦੀ ਸਮੱਸਿਆ ਪੈਦਾ ਹੁੰਦੀ ਹੈ ਤਾਂ ਪ੍ਰਸ਼ਾਸਨ ਕੋਲ ਉਸ ਨੂੰ ਸੁਚੱਜੇ ਢੰਗ ਨਾਲ ਸੰਭਾਲਣ ਦੇ ਕਈ ਕਾਨੂੰਨੀ ਤਰੀਕੇ ਹਨ। ਗੱਲਬਾਤ, ਸਮਝੌਤਾ, ਨਿਯਮਾਂ ਅਨੁਸਾਰ ਕਾਰਵਾਈ ਅਤੇ ਜਵਾਬਦੇਹੀ ਵਾਲਾ ਪ੍ਰਬੰਧ ਕਿਸੇ ਵੀ ਲੋਕਤੰਤਰੀ ਸਰਕਾਰ ਦੀ ਪਹਿਲੀ ਤਰਜੀਹ ਹੋਣੀ ਚਾਹੀਦੀ ਹੈ। ਤਾਕਤ ਦੀ ਵਰਤੋਂ ਆਖ਼ਰੀ ਕਦਮ ਹੋਣੀ ਚਾਹੀਦੀ ਹੈ, ਪਹਿਲਾ ਨਹੀਂ।

ਸਰਕਾਰਾਂ ਨੂੰ ਇਹ ਵੀ ਸਮਝਣਾ ਪਵੇਗਾ ਕਿ ਵਿਰੋਧ ਕਰਨ ਵਾਲੇ ਲੋਕ ਸਰਕਾਰ ਦੇ ਦੁਸ਼ਮਣ ਨਹੀਂ ਹੁੰਦੇ। ਉਹ ਵੀ ਇਸੇ ਦੇਸ਼ ਦੇ ਨਾਗਰਿਕ ਹਨ, ਜਿਨ੍ਹਾਂ ਦੀਆਂ ਆਪਣੀਆਂ ਸਮੱਸਿਆਵਾਂ, ਉਮੀਦਾਂ ਅਤੇ ਹੱਕ ਹਨ। ਚੋਣਾਂ ਦੌਰਾਨ ਜਨਤਾ ਦੀ ਆਵਾਜ਼ ਸੁਣਨਾ ਅਤੇ ਸੱਤਾ ਵਿੱਚ ਆਉਣ ਤੋਂ ਬਾਅਦ ਉਸੇ ਆਵਾਜ਼ ਨੂੰ ਦਬਾਉਣਾ ਕਿਸੇ ਵੀ ਲੋਕਤੰਤਰੀ ਪ੍ਰਬੰਧ ਲਈ ਚੰਗਾ ਸੰਕੇਤ ਨਹੀਂ ਹੋ ਸਕਦਾ।

ਇਸ ਮਾਮਲੇ ਵਿੱਚ ਪ੍ਰਸ਼ਾਸਨ ਨੂੰ ਚਾਹੀਦਾ ਹੈ ਕਿ ਸਾਹਮਣੇ ਆਈ ਵੀਡੀਓ ਅਤੇ ਪੂਰੀ ਘਟਨਾ ਦੀ ਨਿਰਪੱਖ ਜਾਂਚ ਕਰਵਾਈ ਜਾਵੇ। ਜੇਕਰ ਕਿਸੇ ਪੁਲਿਸ ਮੁਲਾਜ਼ਮ ਵੱਲੋਂ ਅਧਿਕਾਰਾਂ ਦੀ ਹੱਦ ਪਾਰ ਕੀਤੀ ਗਈ ਹੈ ਤਾਂ ਜਵਾਬਦੇਹੀ ਤੈਅ ਹੋਵੇ। ਇਸੇ ਤਰ੍ਹਾਂ ਜੇਕਰ ਪ੍ਰਦਰਸ਼ਨਕਾਰੀਆਂ ਵੱਲੋਂ ਕਿਸੇ ਕਾਨੂੰਨੀ ਨਿਯਮ ਦੀ ਉਲੰਘਣਾ ਹੋਈ ਹੈ ਤਾਂ ਉਸ ਬਾਰੇ ਵੀ ਤੱਥਾਂ ਦੇ ਆਧਾਰ 'ਤੇ ਕਾਰਵਾਈ ਹੋਵੇ। ਕਾਨੂੰਨ ਸਭ ਲਈ ਇੱਕੋ ਜਿਹਾ ਹੋਣਾ ਚਾਹੀਦਾ ਹੈ, ਚਾਹੇ ਉਹ ਆਮ ਨਾਗਰਿਕ ਹੋਵੇ ਜਾਂ ਵਰਦੀਧਾਰੀ ਮੁਲਾਜ਼ਮ।

ਅਸਲ ਗੁੰਡਾ ਰਾਜ ਦੀ ਤਸਵੀਰ ਉਦੋਂ ਬਣਦੀ ਹੈ ਜਦੋਂ ਤਾਕਤਵਰ ਨੂੰ ਆਪਣੀ ਤਾਕਤ ਦਾ ਹਿਸਾਬ ਨਾ ਦੇਣਾ ਪਵੇ ਅਤੇ ਕਮਜ਼ੋਰ ਨੂੰ ਆਪਣਾ ਹੱਕ ਮੰਗਣ ਲਈ ਵੀ ਡਰਨਾ ਪਵੇ। ਇਸ ਲਈ ਕਿਸੇ ਵੀ ਘਟਨਾ ਨੂੰ ਬਿਨਾਂ ਜਾਂਚ ਦੇ ਗੁੰਡਾ ਰਾਜ ਕਰਾਰ ਦੇਣਾ ਠੀਕ ਨਹੀਂ, ਪਰ ਜੇਕਰ ਕਾਨੂੰਨ ਦੇ ਰਖਵਾਲੇ ਹੀ ਕਾਨੂੰਨੀ ਹੱਦਾਂ ਦੀ ਉਲੰਘਣਾ ਕਰਨ ਤਾਂ ਉਸ ਨੂੰ ਵੀ ਕਿਸੇ ਕੀਮਤ 'ਤੇ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ।

ਲੋਕਤੰਤਰ ਪੁਲਿਸ ਦੀਆਂ ਲਾਠੀਆਂ ਨਾਲ ਨਹੀਂ, ਲੋਕਾਂ ਦੇ ਭਰੋਸੇ ਨਾਲ ਮਜ਼ਬੂਤ ਹੁੰਦਾ ਹੈ। ਸਰਕਾਰਾਂ ਬਦਲਦੀਆਂ ਰਹਿੰਦੀਆਂ ਹਨ, ਅਹੁਦੇਦਾਰ ਆਉਂਦੇ-ਜਾਂਦੇ ਰਹਿੰਦੇ ਹਨ, ਪਰ ਸੰਵਿਧਾਨ ਵੱਲੋਂ ਦਿੱਤੇ ਲੋਕਾਂ ਦੇ ਅਧਿਕਾਰ ਸਦਾ ਕਾਇਮ ਰਹਿਣੇ ਚਾਹੀਦੇ ਹਨ।

ਯਾਦ ਰੱਖੋ, ਧਰਨਾ ਦੇਣ ਵਾਲਾ ਹਰ ਵਿਅਕਤੀ ਅਪਰਾਧੀ ਨਹੀਂ ਹੁੰਦਾ ਅਤੇ ਵਰਦੀ ਪਹਿਨਣ ਵਾਲਾ ਹਰ ਵਿਅਕਤੀ ਕਾਨੂੰਨ ਤੋਂ ਉੱਪਰ ਨਹੀਂ ਹੁੰਦਾ। ਲੋਕਤੰਤਰ ਵਿੱਚ ਸਵਾਲ ਪੁੱਛਣ ਦੀ ਆਜ਼ਾਦੀ ਹੀ ਲੋਕਾਂ ਦੀ ਸਭ ਤੋਂ ਵੱਡੀ ਤਾਕਤ ਹੈ। ਇਸ ਆਵਾਜ਼ ਨੂੰ ਸੁਣਿਆ ਜਾਣਾ ਚਾਹੀਦਾ ਹੈ, ਦਬਾਇਆ ਨਹੀਂ ਜਾਣਾ ਚਾਹੀਦਾ।

- ਰਣਜੀਤ ਕਲਸੀ।

ਪ੍ਰੇਮ ਵਿਆਹ ਦੇ 6 ਮਹੀਨਿਆਂ ਬਾਅਦ ਸਾਂਝੀ ਖ਼ੁਦਕੁਸ਼ੀ ਜਾਂ ਸਾਜ਼ਿਸ਼ ਤਹਿਤ ਹੋਇਆ ਕਤਲ!

• ਲਾਸ਼ਾਂ ਮਿਲਣ ਤੋਂ ਬਾਅਦ ਹਰ ਐਂਗਲ ਖੰਗਾਲ ਰਹੀ ਪੁਲਿਸ

(ਸਰਬਜੀਤ ਸਿੰਘ ਸੋਨੀ) ਲੁਧਿਆਣਾ। ਥਾਣਾ ਪੀ.ਏ.ਯੂ. ਦੇ ਅਧੀਨ ਆਉਂਦੇ ਇਲਾਕੇ ਪ੍ਰਤਾਪ ਸਿੰਘ ਵਾਲਾ ਵਿੱਚ ਅੱਜ ਉਸ ਵੇਲੇ ਹੜਕੰਪ ਮਚ ਗਿਆ, ਜਦੋਂ ਇੱਕ ਕਿਰਾਏ ਦੇ ਮਕਾਨ ਵਿੱਚ ਰਹਿ ਰਹੇ ਨਵ-ਵਿਆਹੇ ਜੋੜੇ ਦੀਆਂ ਸ਼ੱਕੀ ਹਾਲਾਤਾਂ ਵਿੱਚ ਫਾਹਾ ਲੱਗੀਆਂ ਲਾਸ਼ਾਂ ਬਰਾਮਦ ਹੋਈਆਂ। ਮ੍ਰਿਤਕ ਜੋੜੇ ਨੇ ਲਗਭਗ 6 ਮਹੀਨੇ ਪਹਿਲਾਂ ਮਾਰਚ 2026 ਵਿੱਚ ਪ੍ਰੇਮ ਵਿਆਹ ਕਰਵਾਇਆ ਸੀ। ਮ੍ਰਿਤਕਾਂ ਦੀ ਪਛਾਣ ਵਿਜੇ 21 ਸਾਲ, ਰਹਿਣ ਵਾਲਾ ਮੱਧ ਪ੍ਰਦੇਸ਼ ਅਤੇ ਉਸ ਦੀ ਪਤਨੀ ਸੀਮਾ 20 ਸਾਲ, ਰਹਿਣ ਵਾਲੀ ਬਿਹਾਰ ਵਜੋਂ ਹੋਈ ਹੈ, ਜੋ ਇਸ ਇਲਾਕੇ ਵਿੱਚ ਇੱਕ ਕਿਰਾਏ ਦੇ ਮਕਾਨ ਵਿੱਚ ਇਕੱਠੇ ਰਹਿ ਰਹੇ ਸਨ। ਸਬ-ਇੰਸਪੈਕਟਰ ਮਨਪ੍ਰੀਤ ਸਿੰਘ ਨੇ ਦੱਸਿਆ ਕਿ ਪੁਲਿਸ ਨੂੰ ਪਿੰਡ ਦੇ ਸਰਪੰਚ ਤੋਂ ਸੂਚਨਾ ਮਿਲੀ ਸੀ ਕਿ ਇਹ ਜੋੜਾ ਪਿਛਲੇ ਕੁਝ ਸਮੇਂ ਤੋਂ ਨਾ ਤਾਂ ਕਿਸੇ ਦੀਆਂ ਫੋਨ ਕਾਲਾਂ ਦਾ ਜਵਾਬ ਦੇ ਰਿਹਾ ਹੈ ਅਤੇ ਨਾ ਹੀ ਆਪਣੇ ਘਰ ਦਾ ਦਰਵਾਜ਼ਾ ਖੋਲ੍ਹ ਰਿਹਾ ਹੈ। ਸੂਚਨਾ ਮਿਲਦਿਆਂ ਹੀ ਪੀ.ਏ.ਯੂ. ਥਾਣੇ ਦੀ ਪੁਲਿਸ ਟੀਮ ਤੁਰੰਤ ਮੌਕੇ 'ਤੇ ਪਹੁੰਚੀ ਅਤੇ ਜਦੋਂ ਘਰ ਦਾ ਮੁੱਖ ਦਰਵਾਜ਼ਾ ਤੋੜ ਕੇ ਅੰਦਰ ਵੇਖਿਆ ਤਾਂ ਦੋਵਾਂ ਦੀਆਂ ਲਾਸ਼ਾਂ ਛੱਤ ਵਾਲੇ ਪੱਖੇ ਨਾਲ ਲਟਕ ਰਹੀਆਂ ਸਨ। ਜਾਂਚ ਅਧਿਕਾਰੀ ਅਨੁਸਾਰ ਮੁਢਲੀ ਜਾਂਚ ਵਿੱਚ ਇਹ ਮਾਮਲਾ ਆਪਸੀ ਸਹਿਮਤੀ ਨਾਲ ਚੁੱਕਿਆ ਖ਼ੌਫ਼ਨਾਕ ਕਦਮ ਜਾਪਦਾ ਹੈ, ਪਰ ਪੁਲਿਸ ਕਤਲ ਜਾਂ ਕਿਸੇ ਹੋਰ ਬਾਹਰੀ ਸਾਜ਼ਿਸ਼ ਦੇ ਐਂਗਲ ਨੂੰ ਵੀ ਨਕਾਰ ਨਹੀਂ ਰਹੀ ਹੈ। ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤਾ ਗਿਆ ਹੈ। ਅਧਿਕਾਰੀ ਨੇ ਦੱਸਿਆ ਕਿ ਇਸ ਸ਼ੱਕੀ ਮੌਤ ਦੇ ਅਸਲ ਕਾਰਨ ਅਜੇ ਸਪੱਸ਼ਟ ਨਹੀਂ ਹਨ। ਪੁਲਿਸ ਇਸ ਗੱਲ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ ਕਿ ਕੀ ਜੋੜੇ ਵਿਚਕਾਰ ਕੋਈ ਘਰੇਲੂ ਝਗੜਾ ਚੱਲ ਰਿਹਾ ਸੀ ਜਾਂ ਕੋਈ ਹੋਰ ਹਾਲਾਤ ਇਸ ਘਟਨਾ ਦਾ ਕਾਰਨ ਬਣੇ। ਫਿਲਹਾਲ ਪੁਲਿਸ ਜੋੜੇ ਦੇ ਮੋਬਾਈਲ ਫੋਨ ਰਿਕਾਰਡਾਂ ਦੀ ਜਾਂਚ ਕਰ ਰਹੀ ਹੈ ਅਤੇ ਹੋਰ ਜਾਣਕਾਰੀ ਇਕੱਠੀ ਕਰਨ ਲਈ ਉਨ੍ਹਾਂ ਦੇ ਪਰਿਵਾਰਾਂ ਨਾਲ ਸੰਪਰਕ ਸਾਧ ਰਹੀ ਹੈ। ਰਿਸ਼ਤੇਦਾਰਾਂ ਦੇ ਲੁਧਿਆਣਾ ਪਹੁੰਚਣ ਅਤੇ ਪੋਸਟਮਾਰਟਮ ਦੀ ਰਿਪੋਰਟ ਆਉਣ ਤੋਂ ਬਾਅਦ ਹੀ ਅਗਲੇਰੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਆਸਟਰੇਲੀਆ ਤੋਂ ਆਈ ਪਤਨੀ ਦਾ ਬੇਰਹਿਮੀ ਨਾਲ ਕਤਲ, ਪਤੀ ਨੇ ਚਾਕੂਆਂ ਨਾਲ ਕੀਤੇ ਕਈ ਵਾਰ

(ਸਰਬਜੀਤ ਸਿੰਘ ਸੋਨੀ) ਲੁਧਿਆਣਾ। ਲੁਧਿਆਣਾ ਦੇ ਪੱਖੋਵਾਲ ਰੋਡ ਸਥਿਤ ਵਿਕਾਸ ਨਗਰ ਵਿੱਚ ਇੱਕ ਦਿਲ ਕੰਬਾਊ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਆਸਟਰੇਲੀਆ ਤੋਂ ਮਹਿਜ਼ 4 ਦਿਨ ਪਹਿਲਾਂ ਪਰਤੀ 49 ਸਾਲਾ ਮਹਿਲਾ ਕਮਲਦੀਪ ਕੌਰ ਦਾ ਚਾਕੂ ਮਾਰ ਕੇ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ। ਵਾਰਦਾਤ ਤੋਂ ਬਾਅਦ ਥਾਣਾ ਦੁੱਗਰੀ ਦੀ ਪੁਲਿਸ ਨੇ ਮੁਸਤੈਦੀ ਦਿਖਾਉਂਦੇ ਹੋਏ ਮ੍ਰਿਤਕਾ ਦੇ ਸ਼ੱਕੀ ਪਤੀ ਰਵਿੰਦਰ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਮ੍ਰਿਤਕਾ ਦੇ ਪੁੱਤਰ ਗਗਨਦੀਪ ਸਿੰਘ ਨੇ ਦੱਸਿਆ ਕਿ ਉਸ ਦੇ ਪਿਤਾ ਰਵਿੰਦਰ ਸਿੰਘ (ਜੋ ਕਿ ਡਰਾਈਵਰ ਦਾ ਕੰਮ ਕਰਦੇ ਹਨ) 6 ਮਹੀਨੇ ਤੋਂ ਆਸਟਰੇਲੀਆ ਰਹਿ ਰਹੇ ਸਨ ਅਤੇ ਸ਼ੁੱਕਰਵਾਰ ਨੂੰ ਹੀ ਅੰਮ੍ਰਿਤਸਰ ਏਅਰਪੋਰਟ ਰਾਹੀਂ ਵਾਪਸ ਪਰਤੇ ਸਨ। ਸ਼ਨੀਵਾਰ ਸ਼ਾਮ ਨੂੰ ਪਿਤਾ ਨੇ ਯੋਜਨਾਬੱਧ ਤਰੀਕੇ ਨਾਲ ਗਗਨਦੀਪ ਨੂੰ ਜੂਸ ਅਤੇ ਹੋਰ ਸਾਮਾਨ ਲੈਣ ਲਈ ਘਰੋਂ ਬਾਹਰ ਭੇਜ ਦਿੱਤਾ। ਜਦੋਂ ਉਹ ਸ਼ਾਮ ਕਰੀਬ 4:30 ਤੋਂ 5 ਵਜੇ ਦੇ ਵਿਚਕਾਰ ਵਾਪਸ ਆਇਆ, ਤਾਂ ਉਸਦੀ ਮਾਂ ਬੈਡਰੂਮ ਵਿੱਚ ਖੂਨ ਨਾਲ ਲੱਥਪੱਥ ਜ਼ਮੀਨ 'ਤੇ ਪਈ ਸੀ। ਗਗਨਦੀਪ ਅਨੁਸਾਰ, ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਉਸਦੇ ਪਿਤਾ ਨੇ ਕਤਲ ਵਿੱਚ ਵਰਤਿਆ ਚਾਕੂ ਰਸੋਈ ਵਿੱਚ ਧੋ ਕੇ ਰੱਖ ਦਿੱਤਾ ਸੀ ਅਤੇ ਪੁੱਛਣ 'ਤੇ ਗਰਮੀ ਲੱਗਣ ਦਾ ਬਹਾਨਾ ਬਣਾਉਣ ਲੱਗੇ। ਗੁਆਂਢ ਵਿੱਚ ਰਹਿਣ ਵਾਲੀ ਨਰਿੰਦਰ ਕੌਰ ਨੇ ਦੱਸਿਆ ਕਿ ਜਦੋਂ ਉਨ੍ਹਾਂ ਨੇ ਘਰ ਦਾ ਗੇਟ ਖੁੱਲ੍ਹਾ ਦੇਖਿਆ ਅਤੇ ਅੰਦਰੋਂ ਬੱਚੇ ਦੇ ਚੀਕਣ ਦੀ ਆਵਾਜ਼ ਸੁਣੀ, ਤਾਂ ਉਹ ਤੁਰੰਤ ਅੰਦਰ ਗਈ। ਉੱਥੇ ਕਮਲਦੀਪ ਦੀ ਲਾਸ਼ ਦੇਖ ਕੇ ਉਨ੍ਹਾਂ ਨੇ ਰੌਲਾ ਪਾਇਆ, ਜਿਸ ਤੋਂ ਬਾਅਦ ਮੁਲਜ਼ਮ ਪਤੀ ਘਰ ਦੇ ਅੰਦਰੋਂ ਬਾਹਰ ਨਿਕਲਿਆ।

ਥਾਣਾ ਦੁੱਗਰੀ ਦੇ ਐਸ.ਐਚ.ਓ ਗੁਰਮੁਖ ਸਿੰਘ ਦਿਓਲ ਨੇ ਦੱਸਿਆ ਕਿ ਮ੍ਰਿਤਕਾ ਦੀ ਪਿੱਠ ਅਤੇ ਪੇਟ 'ਤੇ ਚਾਕੂ ਨਾਲ ਕਈ ਵਾਰ ਕੀਤੇ ਗਏ ਸਨ, ਜਿਸ ਕਾਰਨ ਉਸ ਦੀਆਂ ਨਸਾਂ ਕੱਟ ਗਈਆਂ ਸਨ। ਮਹਿਲਾ ਨੂੰ ਤੁਰੰਤ ਦੀਪ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਿਸ ਮੁਤਾਬਕ ਮੁਲਜ਼ਮ ਪਤੀ ਆਪਣੀ ਪਤਨੀ 'ਤੇ ਕਿਸੇ ਗੱਲ ਨੂੰ ਲੈ ਕੇ ਸ਼ੱਕ ਕਰਦਾ ਸੀ। ਪੁਲਿਸ ਨੇ ਘਟਨਾ ਸਥਾਨ ਤੋਂ ਸਬੂਤ ਅਤੇ ਵਾਰਦਾਤ ਵਿੱਚ ਵਰਤਿਆ ਚਾਕੂ ਬਰਾਮਦ ਕਰ ਲਿਆ ਹੈ। ਦੋਸ਼ੀ ਪੁਲਿਸ ਹਿਰਾਸਤ ਵਿੱਚ ਹੈ ਅਤੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।

ਕਿਸਾਨ ਯੂਨੀਅਨ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਦਾ ਜਨਮ ਦਿਹਾੜੇ 'ਤੇ ਸ਼੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ

(ਹਰਪ੍ਰੀਤ ਸਿੰਘ ਕੈਲੇ) ਮਾਛੀਵਾੜਾ ਸਾਹਿਬ। ਬਾਬਾ ਬੰਦਾ ਸਿੰਘ ਬਹਾਦਰ ਕਿਸਾਨ ਮਜ਼ਦੂਰ ਯੂਨੀਅਨ (ਰਜਿ:) ਵੱਲੋਂ ਅੱਜ ਸਿੱਖ ਕੌਮ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦਾ ਜਨਮ ਦਿਹਾੜਾ ਗੁਰਦੁਆਰਾ ਸ੍ਰੀ ਚਰਨ ਕਮਲ ਸਾਹਿਬ ਵਿਖੇ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਿਸਾਨ ਯੂਨੀਅਨ ਦੇ ਪ੍ਰਧਾਨ ਜੁਗਰਾਜ ਸਿੰਘ ਮੰਡ ਨੇ ਦੱਸਿਆ ਕਿ ਦੱਸਿਆ ਕਿ ਯੂਨੀਅਨ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਦੇ ਸਹਿਯੋਗ ਨਾਲ ਅੱਜ ਬਾਬਾ ਬੰਦਾ ਸਿੰਘ ਬਹਾਦਰ ਦੇ ਜਨਮ ਦਿਹਾੜੇ ਮੌਕੇ ਗੁਰਦੁਆਰਾ ਸ਼੍ਰੀ ਚਰਨ ਕੰਵਲ ਸਾਹਿਬ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਇਆ ਗਿਆ। ਇਸ ਮੌਕੇ ਕਥਾਵਾਚਕ ਭਾਈ ਇਕਨਾਮ ਸਿੰਘ ਵੱਲੋਂ ਗੁਰਬਾਣੀ ਦੀ ਕਥਾ ਕਰਦਿਆਂ ਬਾਬਾ ਬੰਦਾ ਸਿੰਘ ਬਹਾਦਰ ਦੇ ਜੀਵਨ ਬਾਰੇ ਚਾਨਣਾ ਪਾਇਆ ਗਿਆ। ਯੂਨੀਅਨ ਦੇ ਪ੍ਰਧਾਨ ਜੁਗਰਾਜ ਸਿੰਘ ਮੰਡ ਨੇ ਦੱਸਿਆ ਕਿ ਉਹਨਾਂ ਨੇ ਆਪਣੀ ਕਿਸਾਨ ਯੂਨੀਅਨ ਦਾ ਨਾਮ ਬਾਬਾ ਬੰਦਾ ਸਿੰਘ ਬਹਾਦਰ ਦੇ ਨਾਮ ਤੇ ਰੱਖਿਆ ਹੈ ਤੇ ਉਹਨਾਂ ਦਾ ਉਦੇਸ਼ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਆ ਰਹੀਆਂ ਦਰਪੇਸ਼ ਸਮੱਸਿਆਵਾਂ ਦਾ ਹੱਲ ਕਰਵਾਉਣਾ ਹੈ। ਇਸ ਮੌਕੇ ਧਾਰਮਿਕ ਸਮਾਗਮ ਵਿੱਚ ਭਾਜਪਾ ਦੇ ਆਗੂ ਨਿਸ਼ੂ ਚਹਿਲਾ, ਵਾਰਿਸ ਪੰਜਾਬ ਦੇ ਹਲਕਾ ਇੰਚਾਰਜ ਬਰਜਿੰਦਰ ਸਿੰਘ ਬਬਲੂ ਲੋਪੋਂ, ਸਾਬਕਾ ਵਿਧਾਇਕ ਜਗਜੀਵਨ ਸਿੰਘ ਖੀਰਨੀਆਂ, ਜਿਲਾ



ਪਰਿਸ਼ਦ ਮੈਂਬਰ ਹਰਜੋਤ ਸਿੰਘ ਮਾਂਗਟ, ਰੁਪਿੰਦਰ ਸਿੰਘ ਬੈਨੀਪਾਲ, ਮਨਮੋਹਣ ਸਿੰਘ ਖੇੜਾ, ਸਮਾਜ ਸੇਵੀ ਸ਼ਿਵ ਕੁਮਾਰ ਸ਼ਿਵਲੀ, ਹਰਜਤਿੰਦਰ ਸਿੰਘ ਬਾਜਵਾ, ਕਰਮਜੀਤ ਸਿੰਘ ਲੋਪੋਂ, ਅਭੀ ਬੈਨੀਪਾਲ ਤੋਂ ਇਲਾਵਾ ਯੂਨੀਅਨ ਦੇ ਸਕੱਤਰ ਜਨਰਲ ਗੁਰਮੀਤ ਸਿੰਘ ਢੀਂਡਸਾ, ਲਖਵਿੰਦਰ ਸਿੰਘ, ਪ੍ਰਿਤਪਾਲ ਸਿੰਘ, ਖੁਸ਼ਦੀਪ ਸਿੰਘ, ਅਜੇਪਾਲ ਸਿੰਘ, ਕੁਲਵਿੰਦਰ ਸਿੰਘ, ਦਵਿੰਦਰ ਸਿੰਘ ਤੇ ਫਤਿਹ ਸਿੰਘ ਤੋਂ ਇਲਾਵਾ ਹੋਰ ਪਤਵੰਤੇ ਸੱਜਣਾਂ ਨੇ ਹਾਜਰੀ ਲਗਵਾਈ। ਇਸ ਮੌਕੇ ਆਈਆਂ ਸੰਗਤਾਂ ਲਈ ਗੁਰੂ ਕੇ ਤੁਟ ਲੰਗਰ ਵੀ ਵਰਤਾਏ ਗਏ।

ਸਤਿਨਾਮ ਮਾਣਕ ਦਾ ਨਵਾਂ ਕਾਵਿ-ਸੰਗ੍ਰਹਿ 'ਅਹਿਸਾਸ' ਲੋਕ-ਅਰਪਣ ਲਈ ਤਿਆਰ


(ਨਿਊਜ਼ ਚੈਕ ਪੋਸਟ) ਫਗਵਾੜਾ। ਪੰਜਾਬੀ ਦੇ ਪ੍ਰਸਿੱਧ ਪੱਤਰਕਾਰ, ਸਮਰਪਿਤ ਲੇਖਕ ਅਤੇ ਕਵੀ ਸਤਿਨਾਮ ਮਾਣਕ ਦਾ ਨਵਾਂ ਕਵਿਤਾ ਸੰਗ੍ਰਹਿ 'ਅਹਿਸਾਸ' ਹੁਣੇ ਜਿਹੇ ਪ੍ਰਕਾਸ਼ਤ ਹੋ ਕੇ ਸਾਹਮਣੇ ਆਇਆ ਹੈ। ਇਹ ਪੁਸਤਕ ਮਾਣਕ ਜੀ ਦੇ ਜ਼ਿੰਦਗੀ ਦੇ ਡੂੰਘੇ ਤਜਰਬਿਆਂ ਅਤੇ ਸੰਵੇਦਨਸ਼ੀਲ ਅਹਿਸਾਸਾਂ ਦਾ ਅਜਿਹਾ ਪ੍ਰਗਟਾਵਾ ਹੈ, ਜੋ ਅੱਜ ਦੇ ਸਮੇਂ ਦੇ ਕੜਵੇ ਸੱਚ ਨੂੰ ਬੜੀ ਤੀਬਰਤਾ ਨਾਲ ਪੇਸ਼ ਕਰਦਾ ਹੈ।



ਆਮ ਤੌਰ 'ਤੇ ਇਹ ਮੰਨਿਆ ਜਾਂਦਾ ਹੈ ਕਿ ਪੱਤਰਕਾਰੀ ਖੇਤਰ ਦੀਆਂ ਰਚਨਾਵਾਂ ਵਕਤੀ ਹੁੰਦੀਆਂ ਹਨ ਅਤੇ ਲੇਖਕ ਬਹੁਤ ਥੋੜ੍ਹੇ ਸਮੇਂ ਲਈ ਚਰਚਾ ਵਿੱਚ ਰਹਿੰਦੇ ਹਨ, ਪਰ ਸਤਿਨਾਮ ਮਾਣਕ ਨੇ ਆਪਣੀ ਸੂਖਮ ਵਿਚਾਰਧਾਰਾ ਨਾਲ ਇਸ ਧਾਰਨਾ ਨੂੰ ਵੱਖਰਾ ਮੋੜ ਦਿੱਤਾ ਹੈ। ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਪ੍ਰਤੀ ਅੰਤਾਂ ਦਾ ਮੋਹ ਰੱਖਣ ਵਾਲੇ ਮਾਣਕ ਜੀ ਨੇ ਜ਼ਿੰਦਗੀ ਵੱਖ-ਵੱਖ ਪੱਖਾਂ ਨੂੰ ਕਵਿਤਾ ਰਾਹੀਂ ਬਹੁਤ ਹੀ ਖ਼ੂਬਸੂਰਤ ਢੰਗ ਨਾਲ ਲੋਕਾਂ ਦੇ ਸਾਹਮਣੇ ਲਿਆਂਦਾ ਹੈ। ਉਨ੍ਹਾਂ ਦੀਆਂ ਕਈ ਕਵਿਤਾਵਾਂ ਅਤੇ ਗ਼ਜ਼ਲਾਂ ਨੂੰ ਨਾਮਵਰ ਗਾਇਕਾਂ ਅਤੇ ਲੇਖਕਾਂ ਦੁਆਰਾ ਗਾਇਆ ਵੀ ਜਾ ਚੁੱਕਾ ਹੈ।

ਪੰਜਾਬੀ ਵਿਰਸਾ ਟਰੱਸਟ ਦੇ ਮੁੱਖ ਪ੍ਰਬੰਧਕ ਅਤੇ ਪੰਜਾਬੀ ਕਾਲਮਨਵੀਸ ਪੱਤਰਕਾਰ ਮੰਚ ਦੇ ਪ੍ਰਧਾਨ ਗੁਰਮੀਤ ਸਿੰਘ ਪਲਾਹੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਤਿਨਾਮ ਮਾਣਕ ਦੇ ਇਸ ਨਵੇਂ ਕਾਵਿ-ਸੰਗ੍ਰਹਿ 'ਅਹਿਸਾਸ' ਦਾ ਸਾਹਿਤਕ ਜਗਤ ਵਿੱਚ ਨਿੱਘਾ ਸਵਾਗਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਕੁੱਝ ਹੀ ਦਿਨਾਂ ਵਿੱਚ ਪੰਜਾਬੀ ਦੇ ਸਿਰਮੌਰ ਲੇਖਕਾਂ ਅਤੇ ਸਾਹਿਤਕਾਰਾਂ ਵੱਲੋਂ ਇੱਕ ਵਿਸ਼ੇਸ਼ ਸਮਾਗਮ ਦੌਰਾਨ ਇਸ ਪੁਸਤਕ ਨੂੰ ਬਕਾਇਦਾ ਤੌਰ 'ਤੇ ਲੋਕ-ਅਰਪਣ ਕੀਤਾ ਜਾਵੇਗਾ। ਇਹ ਪੁਸਤਕ ਚੇਤਨਾ ਪ੍ਰਕਾਸ਼ਨ ਨੇ ਛਾਪੀ ਹੈ।

ਦ ਬ੍ਰਿਟਿਸ਼ ਵਰਲਡ ਸਕੂਲ 'ਚ ਕਰਵਾਈ ਐਥਲੈਟਿਕ ਮੀਟ





(ਰਵਿੰਦਰ ਸਿੰਘ ਰੇਸ਼ਮ) ਕੁੱਪ ਕਲਾਂ। ਕੁੱਪ ਤੋਂ ਮਲੌਦ ਰੋਡ 'ਤੇ ਸਥਿਤ ਆਈ.ਸੀ.ਐੱਸ.ਈ ਬੋਰਡ ਅਧੀਨ ਚੱਲ ਰਹੀ ਇਲਾਕੇ ਦੀ ਮੰਨੀ-ਪ੍ਰਮੰਨੀ ਵਿੱਦਿਅਕ ਸੰਸਥਾ ਦਾ ਬ੍ਰਿਟਿਸ਼ ਵਰਲਡ ਸਕੂਲ ਰਾਮਗੜ੍ਹ ਸਰਦਾਰਾਂ 'ਚ ਸਲਾਨਾ ਐਥਲੈਟਿਕ ਮੀਟ ਕਰਵਾਈ ਗਈ ਜੋ ਸਾਨੋ-ਸ਼ੌਕਤ ਨਾਲ ਸੰਪੰਨ ਹੋਈ। ਇਸ ਮੌਕੇ ਬੱਚਿਆਂ ਨੇ ਵੱਖ-ਵੱਖ ਖੇਡਾਂ ਵਿੱਚ ਭਾਗ ਲੈ ਕੇ ਚੰਗਾ ਪ੍ਰਦਰਸ਼ਨ ਕੀਤਾ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ.ਗੁਰਪ੍ਰੀਤ ਸਿੰਘ ਚਹਿਲ ਨੇ ਕਿਹਾ ਕਿ ਖੇਡਾਂ ਦਾ ਵਿਦਿਆਰਥੀਆਂ ਦੇ ਜੀਵਨ ਵਿੱਚ ਅਹਿਮ ਸਥਾਨ ਹੈ ਕਿਉਂ ਕਿ ਖੇਡਾਂ ਜਿੱਥੇ ਨਿਰੋਗ ਜੀਵਨ ਨੂੰ ਜਨਮ ਦਿੰਦੀਆਂ ਹਨ ਉੱਥੇ ਹੀ ਇਸ ਨਾਲ ਵਿਦਿਆਰਥੀਆਂ ਦਾ ਮਾਨਸਿਕ ਵਿਕਾਸ ਹੁੰਦਾ ਹੈ। ਇਸ ਮੌਕੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਗਏ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਹਰਲੀਨ ਕੌਰ ਨੇ ਬੱਚਿਆਂ ਦੀ ਹੌਂਸਲਾ ਅਫ਼ਜਾਈ ਕਰਦਿਆਂ ਜਿੱਥੇ ਜੇਤੂ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਉੱਥੇ ਹੀ ਦੂਜੇ ਵਿਦਿਆਰਥੀਆਂ ਨੂੰ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਰਵਿੰਦਰ ਸਿੰਘ ਰੇਸ਼ਮ, ਹਰਦੀਪ ਕੌਰ, ਗੁਰਕੀਰਤ ਸਿੰਘ, ਰਾਜੇਸ਼ ਕੁਮਾਰ, ਸੁਰਿੰਦਰ ਕੌਰ, ਰਵਨੀਤ ਕੌਰ, ਕਰਮਜੀਤ ਕੌਰ, ਵੀਰਪਾਲ ਕੌਰ, ਮਹੁੰਮਦ ਸ਼ਕੀਲ, ਸ਼ਹਿਨਾਜ਼, ਗਗਨਜੋਤ ਵਰਮਾ, ਕ੍ਰਿਸ਼ਮਾ ਆਦਿ ਹਾਜ਼ਰ ਰਹੇ।

ਮਾਈਨਿੰਗ ਥਾਵਾਂ 'ਤੇ ਸਖ਼ਤ ਸੁਰੱਖਿਆ ਪ੍ਰਬੰਧ ਯਕੀਨੀ ਬਣਾਉਣ ਦੇ ਹੁਕਮ, ਗੈਰ-ਕਾਨੂੰਨੀ ਮਾਈਨਿੰਗ ਵਿਰੁੱਧ ਹੋਵੇਗੀ ਸਖ਼ਤ ਕਾਰਵਾਈ : ਡਿਪਟੀ ਕਮਿਸ਼ਨਰ

• ਸਾਰੇ ਮਾਈਨਿੰਗ ਵਾਹਨਾਂ ਵਿੱਚ ਜੀ.ਪੀ.ਐੱਸ. ਲਾਜ਼ਮੀ, ਨਿਰਧਾਰਤ ਸਮੇਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਹੋਵੇਗੀ ਕਾਰਵਾਈ

(ਆਰ.ਸੀ. ਸਿੰਘ/ਹਿਤੇਸ਼) ਲੁਧਿਆਣਾ। ਡਿਪਟੀ ਕਮਿਸ਼ਨਰ ਲੁਧਿਆਣਾ ਨੇ ਜ਼ਿਲ੍ਹੇ ਵਿੱਚ ਮਾਈਨਿੰਗ ਗਤੀਵਿਧੀਆਂ ਦੀ ਸਮੀਖਿਆ ਕਰਦਿਆਂ ਸਬੰਧਤ ਵਿਭਾਗਾਂ ਨੂੰ ਸਾਰੀਆਂ ਮਨਜ਼ੂਰਸ਼ੁਦਾ ਮਾਈਨਿੰਗ ਸਾਈਟਾਂ 'ਤੇ ਸਖ਼ਤ ਸੁਰੱਖਿਆ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਅਧਿਕਾਰਤ ਮਾਈਨਿੰਗ ਦੀ ਆੜ ਵਿੱਚ ਕਿਸੇ ਵੀ ਤਰ੍ਹਾਂ ਦੀ ਗੈਰ-ਕਾਨੂੰਨੀ ਮਾਈਨਿੰਗ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਹ ਨਿਰਦੇਸ਼ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਦੀ ਪਾਲਣਾ ਤਹਿਤ ਜਾਰੀ ਕੀਤੇ ਗਏ ਹਨ।ਡਿਪਟੀ ਕਮਿਸ਼ਨਰ ਨੇ ਹਦਾਇਤ ਕੀਤੀ ਕਿ ਮਾਈਨਿੰਗ ਸਮੱਗਰੀ ਦੀ ਢੋਆ-ਢੁਆਈ ਵਿੱਚ ਲੱਗੇ ਹਰੇਕ ਟਿੱਪਰ ਅਤੇ ਟਰਾਲੀ ਵਿੱਚ ਕਾਰਜਸ਼ੀਲ ਜੀ.ਪੀ.ਐੱਸ. ਯੰਤਰ ਲਾਜ਼ਮੀ ਹੋਵੇ। ਸਾਰੇ ਅਧਿਕਾਰਤ ਵਾਹਨਾਂ ਦੀ ਸੂਚੀ ਸਬੰਧਤ ਐਸ.ਡੀ.ਐਮ. ਅਤੇ ਪੁਲਿਸ ਥਾਣਿਆਂ ਨਾਲ ਸਾਂਝੀ ਕੀਤੀ ਜਾਵੇ ਅਤੇ ਵਾਹਨਾਂ ਦੀ ਵਿੰਡਸਕਰੀਨ 'ਤੇ ਵੈਧ ਪ੍ਰਵਾਨਗੀ ਪੱਤਰ ਪ੍ਰਮੁੱਖਤਾ ਨਾਲ ਲਗਾਇਆ ਜਾਵੇ। ਉਨ੍ਹਾਂ ਕਿਹਾ ਕਿ ਮਾਈਨਿੰਗ ਸਮੱਗਰੀ ਦੀ ਢੋਆ-ਢੁਆਈ ਸਿਰਫ਼ ਮਨਜ਼ੂਰਸ਼ੁਦਾ ਰੂਟਾਂ ਅਤੇ ਨਿਰਧਾਰਤ ਸਮੇਂ ਦੌਰਾਨ ਹੀ ਕੀਤੀ ਜਾ ਸਕੇਗੀ। ਇਸ ਤੋਂ ਇਲਾਵਾ ਹਰੇਕ ਮਾਈਨਿੰਗ ਸਾਈਟ 'ਤੇ ਠੇਕੇਦਾਰ ਦਾ ਨਾਮ, ਪ੍ਰਵਾਨਗੀ ਨੰਬਰ, ਮਿਆਦ ਅਤੇ ਕੰਮਕਾਜੀ ਸਮੇਂ ਸਬੰਧੀ ਜਾਣਕਾਰੀ ਵਾਲੇ ਸਾਈਨਬੋਰਡ ਲਗਾਉਣੇ ਲਾਜ਼ਮੀ ਹੋਣਗੇ।



ਉਨ੍ਹਾਂ ਕਿਹਾ ਕਿ ਜੀ.ਪੀ.ਐੱਸ. ਤੋਂ ਬਿਨਾਂ, ਬਿਨਾਂ ਮਨਜ਼ੂਰੀ ਜਾਂ ਨਿਰਧਾਰਤ ਰੂਟ ਅਤੇ ਸਮੇਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਡਰੇਨੇਜ-ਕਮ-ਜ਼ਿਲ੍ਹਾ ਮਾਈਨਿੰਗ ਅਫ਼ਸਰ ਨੂੰ ਸਾਰੇ ਸੁਰੱਖਿਆ ਪ੍ਰਬੰਧ ਸੱਤ ਦਿਨਾਂ ਦੇ ਅੰਦਰ ਲਾਗੂ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਸਬੰਧਤ ਐਸ.ਡੀ.ਐਮਜ਼ ਵੱਲੋਂ ਮੌਕੇ 'ਤੇ ਭੌਤਿਕ ਜਾਂਚ ਕਰਨ ਉਪਰੰਤ ਹੀ ਪਾਲਣਾ ਰਿਪੋਰਟ ਪੇਸ਼ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਸਾਰੇ ਸੁਰੱਖਿਆ ਪ੍ਰਬੰਧ ਲਾਗੂ ਅਤੇ ਤਸਦੀਕ ਹੋਣ ਤੱਕ ਮਾਈਨਿੰਗ ਕਾਰਜ ਮੁਅੱਤਲ ਰਹਿਣਗੇ।

ਡਿਪਟੀ ਕਮਿਸ਼ਨਰ ਨੇ ਖੇਤਰੀ ਟਰਾਂਸਪੋਰਟ ਅਥਾਰਟੀ ਨੂੰ ਸ਼ੱਕੀ ਅਣਅਧਿਕਾਰਤ ਅਤੇ ਓਵਰਲੋਡ ਰੇਤ ਦੇ ਟਿੱਪਰਾਂ ਵਿਰੁੱਧ ਦਿਨ-ਰਾਤ ਜਾਂਚ ਮੁਹਿੰਮ ਚਲਾਉਣ ਦੇ ਹੁਕਮ ਦਿੱਤੇ। ਖ਼ਾਸ ਤੌਰ 'ਤੇ ਦਰਿਆਈ ਖੇਤਰਾਂ, ਸਤਲੁਜ ਦੇ ਬੰਨ੍ਹਾਂ ਅਤੇ ਪਿੰਡਾਂ ਦੀਆਂ ਲਿੰਕ ਸੜਕਾਂ 'ਤੇ ਨਿਗਰਾਨੀ ਵਧਾਉਣ ਲਈ ਕਿਹਾ ਗਿਆ। ਬਿਨਾਂ ਮਨਜ਼ੂਰੀ ਸਮੱਗਰੀ ਲਿਜਾਣ ਵਾਲੇ ਵਾਹਨਾਂ ਨੂੰ ਜ਼ਬਤ ਕਰਨ ਦੇ ਨਾਲ ਲੋੜ ਅਨੁਸਾਰ ਐਫ.ਆਈ.ਆਰ. ਦਰਜ ਕੀਤੀ ਜਾਵੇਗੀ ਅਤੇ ਵਾਰ-ਵਾਰ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੇ ਪਰਮਿਟ ਮੁਅੱਤਲ ਜਾਂ ਰੱਦ ਕੀਤੇ ਜਾ ਸਕਣਗੇ।ਪੁਲਿਸ ਵਿਭਾਗ ਨੂੰ ਦਰਿਆਈ ਖੇਤਰਾਂ ਵੱਲ ਜਾਣ ਵਾਲੇ ਰਸਤਿਆਂ 'ਤੇ ਨਾਕਾਬੰਦੀ ਅਤੇ ਰਾਤ ਦੀ ਗਸ਼ਤ ਹੋਰ ਮਜ਼ਬੂਤ ਕਰਨ ਲਈ ਕਿਹਾ ਗਿਆ ਹੈ। ਗੈਰ-ਕਾਨੂੰਨੀ ਮਾਈਨਿੰਗ ਜਾਂ ਅਣਅਧਿਕਾਰਤ ਢੋਆ-ਢੁਆਈ ਵਿੱਚ ਸ਼ਾਮਲ ਵਾਹਨਾਂ ਅਤੇ ਮਸ਼ੀਨਰੀ ਨੂੰ ਜ਼ਬਤ ਕਰਕੇ ਜ਼ਿੰਮੇਵਾਰ ਵਿਅਕਤੀਆਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਨ੍ਹਾਂ ਹੁਕਮਾਂ ਦੀ ਪਾਲਣਾ ਜ਼ਮੀਨੀ ਪੱਧਰ 'ਤੇ ਯਕੀਨੀ ਬਣਾਈ ਜਾਵੇ ਅਤੇ ਇਸ ਦੀ ਨਿਯਮਤ ਤਸਦੀਕ ਵੀ ਕੀਤੀ ਜਾਵੇ। ਉਨ੍ਹਾਂ ਦੁਹਰਾਇਆ ਕਿ ਸਰਕਾਰ ਵੱਲੋਂ ਨਿਰਧਾਰਤ ਨਿਯਮਾਂ ਅਨੁਸਾਰ ਅਧਿਕਾਰਤ ਮਾਈਨਿੰਗ ਦੀ ਹੀ ਇਜਾਜ਼ਤ ਹੋਵੇਗੀ ਅਤੇ ਗੈਰ-ਕਾਨੂੰਨੀ ਮਾਈਨਿੰਗ, ਅਣਅਧਿਕਾਰਤ ਢੋਆ-ਢੁਆਈ ਅਤੇ ਓਵਰਲੋਡਿੰਗ ਵਿਰੁੱਧ ਕਿਸੇ ਵੀ ਤਰ੍ਹਾਂ ਦੀ ਢਿੱਲ ਨਹੀਂ ਵਰਤੀ ਜਾਵੇਗੀ।

ਇਨਸਾਫ਼ ਦੇਣ ਦੀ ਬਜਾਇ ਪੰਜਾਬ ਸਰਕਾਰ ਅੰਦੋਲਨਾਂ ਨੂੰ ਲਾਠੀ ਗੋਲੀ ਨਾਲ ਦਬਾਉਣਾ ਚਾਹੁੰਦੀ ਹੈ : ਲੋਕ ਇਨਸਾਫ਼ ਮੰਚ

(ਨਿਊਜ਼ ਚੈਕ ਪੋਸਟ) ਫਿਲੌਰ। ਮਾਨਸਾ ਵਿੱਚ ਨਸ਼ਿਆਂ ਖ਼?ਲਾਫ਼ ਮਿਸ਼ਨ ਤਹਿਤ ਡਟ ਕੇ ਲੜਨ ਵਾਲੇ ਨੌਜਵਾਨ ਆਗੂ ਪਰਮਿੰਦਰ ਸਿੰਘ ਝੋਟੇ ਦਾ ਬੀਤੇ ਦਿਨੀਂ ਦਿਨ-ਦਹਾੜੇ ਕੀਤਾ ਗਿਆ ਕਤਲ ਸੂਬੇ ਦੀ ਅਮਨ-ਕਾਨੂੰਨ ਦੀ ਬਦਤਰ ਹਾਲਤ ਨੂੰ ਬਿਆਨ ਕਰਦਾ ਹੈ ਅਤੇ ਓਸ ਤੋਂ ਬਾਅਦ ਇਨਸਾਫ਼ ਲਈ ਮਾਨਸੇ ਲੱਗੇ ਸ਼ਾਂਤੀਪੂਰਨ ਧਰਨੇ ਨੂੰ ਪੰਜਾਬ ਸਰਕਾਰ ਦੀ ਸ਼ਹਿ ਤਾਂ ਚੁਕਵਾਉਣ ਲਈ ਪੁਲਿਸ ਪ੍ਰਸ਼ਾਸ਼ਨ ਵਲੋਂ ਮੋਰਚੇ ਦੇ ਆਗੂਆਂ ਨੂੰ ਗਿਰਫ਼ਤਾਰ ਕਰਨ ਅਤੇ ਕੇਸ ਪਾਉਣ ਦੀ ਲੋਕ ਇਨਸਾਫ਼ ਮੰਚ ਦੇ ਪ੍ਰਧਾਨ ਜਰਨੈਲ ਫਿਲੌਰ ਨੇ ਨਿਖੇਧੀ ਕਰਦਿਆਂ ਮੰਗ ਕੀਤੀ ਹੈ ਕਿ ਮੋਰਚੇ ਦੇ ਆਗੂਆਂ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ।



ਇਸ ਮੌਕੇ ਜਰਨੈਲ ਫਿਲੌਰ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਦੀ ਸਰਪ੍ਰਸਤੀ ਹੇਠ ਪੁਲਿਸ ਪ੍ਰਸ਼ਾਸਨ ਅੰਦੋਲਨਕਾਰੀਆਂ ਨੂੰ ਨਿਸ਼ਾਨਾ ਬਣਾ ਰਹੀ ਹੈ ਅਤੇ ਝੂਠੇ ਪਰਚੇ ਪਾ ਕੇ ਅੰਦੋਲਨ ਨੂੰ ਦਬਾਉਣਾ ਚਾਹੁੰਦੀ ਹੈ। ਓਹਨਾਂ ਕਿਹਾ ਕਿ ਪੰਜਾਬ ਸਾਰਾ ਪੁਲਿਸ ਸਟੇਟ ਬਣ ਕੇ ਰਹਿ ਗਿਆ ਹੈ ਅਤੇ ਹਰ ਰੋਜ਼ ਲੋਕਾਂ ਦੇ ਲੋਕਤੰਤਰਿਕ ਹੱਕਾਂ ਦਾ ਸ਼ਰੇਆਮ ਘਾਣ ਕੀਤਾ ਜਾ ਰਿਹਾ ਹੈ। ਓਹਨਾਂ ਕਿਹਾ ਕੇ ਯੁੱਧ ਨਸ਼ਿਆਂ ਵਿਰੁੱਧ ਕਰਨ ਦੀ ਬਜਾਇ ਜੇਹੜੇ ਲੋਕ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਦੇ ਹਨ ਨੂੰ ਹੀ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਮੰਚ ਨੇ ਚੇਤਾਵਨੀ ਦਿੱਤੀ ਕਿ ਜੇਕਰ ਮਾਨਸਾ ਮੋਰਚੇ ਦੀਆਂ ਮੰਗਾਂ ਪੂਰੀਆਂ ਨਾ ਕੀਤੀਆਂ ਗਈਆਂ ਤਾਂ ਪੰਜਾਬ ਦੇ ਲੋਕ ਸਰਕਾਰ ਨੂੰ ਕਦੇ ਵੀ ਮੁਆਫ਼ ਨਹੀਂ ਕਰਨਗੇ । ਇਸ ਮੌਕੇ ਲੋਕ ਇਨਸਾਫ਼ ਮੰਚ ਦੇ ਸਕੱਤਰ ਪ੍ਰਸ਼ੋਤਮ ਫਿਲੌਰ, ਮਾਸਟਰ ਹੰਸ ਰਾਜ, ਸੰਦੀਪ ਫਿਲੌਰ, ਰਾਮਜੀ ਦਾਸ ਗੰਨਾ ਪਿੰਡ, ਡਾਕਟਰ ਅਸ਼ੋਕ ਫਿਲੌਰ, ਹਨੀ ਸੰਤੋਖਪੁਰਾ, ਅਮਰਜੀਤ ਲਾਡੀ ਮਹਿਸਮਪੁਰ, ਸੁਨੀਲ ਗੰਨਾ ਪਿੰਡ, ਅਕਾਸ਼ ਸੰਧੂ, ਅਰਸ਼ਪ੍ਰੀਤ ਗੁਰੂ, ਸੁਰਿੰਦਰ ਮਾਹਲਾ, ਸਰੂਪ ਕਲੇਰ, ਜੋਗਿੰਦਰ ਪਾਲ ਕਾਲਾ ਆਦਿ ਹਾਜ਼ਰ ਸਨ।

ਪੰਜਾਬ ਸਟੇਟ ਬੈਡਮਿੰਟਨ ਚੈਂਪੀਅਨਸ਼ਿਪ ਨੂੰ ਮਿਲਿਆ ਭਰਵਾਂ ਹੁੰਗਾਰਾ

• ਵਰਧਮਾਨ ਸਪੈਸ਼ਲ ਸਟੀਲਜ਼ ਨੇ 4 ਲੱਖ ਅਤੇ ਹੀਰੋ ਗਰੁੱਪ ਨੇ 2 ਲੱਖ ਰੁਪਏ ਦਾ ਦਿੱਤਾ ਸੀ.ਐਸ.ਆਰ. ਯੋਗਦਾਨ

(ਆਰ.ਸੀ. ਸਿੰਘ/ਹਿਤੇਸ਼) ਲੁਧਿਆਣਾ। ਪੰਜਾਬ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨ ਖਿਡਾਰੀਆਂ ਨੂੰ ਬਿਹਤਰ ਖੇਡ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਲੁਧਿਆਣਾ ਵਿਖੇ ਕਰਵਾਈ ਜਾ ਰਹੀ ਪੰਜਾਬ ਸਟੇਟ ਜੂਨੀਅਰ ਅਤੇ ਸੀਨੀਅਰ ਬੈਡਮਿੰਟਨ ਚੈਂਪੀਅਨਸ਼ਿਪ-2026 ਨੂੰ ਕਾਰਪੋਰੇਟ ਸੈਕਟਰ ਵੱਲੋਂ ਆਪਣੀਆਂ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀ.ਐਸ.ਆਰ.) ਪਹਿਲਕਦਮੀਆਂ ਤਹਿਤ ਭਰਵਾਂ ਸਮਰਥਨ ਮਿਲਿਆ ਹੈ ਬੈਡਮਿੰਟਨ ਐਸੋਸੀਏਸ਼ਨ ਆਫ਼ ਲੁਧਿਆਣਾ ਵੱਲੋਂ ਸ਼ਾਸਤਰੀ ਹਾਲ ਵਿਖੇ 30 ਅਕਤੂਬਰ ਤੋਂ 2 ਨਵੰਬਰ ਤੱਕ ਕਰਵਾਈ ਜਾ ਰਹੀ ਇਸ ਚੈਂਪੀਅਨਸ਼ਿਪ ਦੀ ਅਗਵਾਈ ਡਿਪਟੀ ਕਮਿਸ਼ਨਰ ਲੁਧਿਆਣਾ ਅਤੇ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਹਿਮਾਂਸ਼ੂ ਜੈਨ, ਆਈ.ਏ.ਐਸ. ਕਰ ਰਹੇ ਹਨ। ਚੈਂਪੀਅਨਸ਼ਿਪ ਦੇ ਸਫਲ ਆਯੋਜਨ ਲਈ ਵਰਧਮਾਨ ਸਪੈਸ਼ਲ ਸਟੀਲਜ਼ ਵੱਲੋਂ 4 ਲੱਖ ਰੁਪਏ ਅਤੇ ਹੀਰੋ ਗਰੁੱਪ (ਹੀਰੋ ਸਾਈਕਲਜ਼) ਵੱਲੋਂ 2 ਲੱਖ ਰੁਪਏ ਦਾ ਸੀ.ਐਸ.ਆਰ. ਯੋਗਦਾਨ



ਦਿੱਤਾ ਗਿਆ ਹੈ। ਇਸ ਸਹਾਇਤਾ ਨਾਲ ਖਿਡਾਰੀਆਂ ਦੇ ਆਰਾਮ, ਸਿਹਤ ਅਤੇ ਬਿਹਤਰ ਪ੍ਰਦਰਸ਼ਨ ਨੂੰ ਧਿਆਨ ਵਿੱਚ ਰੱਖਦਿਆਂ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਗਏ ਹਨ। ਇਸ ਤੋਂ ਇਲਾਵਾ ਖਿਡਾਰੀਆਂ ਨੂੰ ਗੁਣਵੱਤਾ ਭਰਪੂਰ ਭੋਜਨ ਅਤੇ ਰਿਫਰੈਸ਼ਮੈਂਟ ਮੁਹੱਈਆ ਕਰਵਾਉਣ ਦੇ ਨਾਲ-ਨਾਲ ਸਮੁੱਚੇ ਪ੍ਰਬੰਧਾਂ ਨੂੰ ਉੱਚ ਪੱਧਰੀ ਬਣਾਇਆ ਗਿਆ ਹੈ। ਇਸ ਮੌਕੇ ਬੈਡਮਿੰਟਨ ਐਸੋਸੀਏਸ਼ਨ ਆਫ਼ ਲੁਧਿਆਣਾ ਦੀ ਜਨਰਲ ਸਕੱਤਰ ਡਾ. ਸੁਲਭਾ ਜਿੰਦਲ ਨੇ ਦੋਵੇਂ ਸੰਸਥਾਵਾਂ ਦਾ ਖੁੱਲ੍ਹੇ ਦਿਲ ਨਾਲ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਉਨ੍ਹਾਂ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ ਦਾ ਅਨਮੋਲ ਮਾਰਗਦਰਸ਼ਨ ਅਤੇ ਪ੍ਰਸ਼ਾਸਕੀ ਸਹਿਯੋਗ ਦੇਣ ਲਈ ਵਿਸ਼ੇਸ਼ ਧੰਨਵਾਦ ਕੀਤਾ। ਉਨ੍ਹਾਂ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਵੱਲੋਂ ਚੈਂਪੀਅਨਸ਼ਿਪ ਨੂੰ ਸਫਲ ਬਣਾਉਣ ਲਈ ਕੀਤੇ ਜਾ ਰਹੇ ਅਣਥੱਕ ਯਤਨਾਂ ਅਤੇ ਵਚਨਬੱਧਤਾ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਕਾਰਪੋਰੇਟ ਸੰਸਥਾਵਾਂ ਦਾ ਅਜਿਹਾ ਸਹਿਯੋਗ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਮਜ਼ਬੂਤ ਕਰਨ ਅਤੇ ਉੱਭਰਦੇ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਬਿਹਤਰ ਮੌਕੇ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ।

ਜਨਤਕ ਨੋਟਿਸ ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਚੈਕ ਪੋਸਟ ਅਖਬਾਰ ਨਾਲ ਸੰਬੰਧਤ ਕੋਈ ਵੀ ਕਿਸੇ ਵੀ ਤਰ੍ਹਾਂ ਦੇ ਕਾਨੂੰਨੀ ਮਸਲੇ ਦੇ ਨਿਪਟਾਰੇ ਲਈ ਅਧਿਕਾਰ ਖੇਤਰ ਕੇਵਲ ਲੁਧਿਆਣਾ ਸ਼ਹਿਰ ਦੀ ਕਚਿਹਰੀ ਅਧੀਨ ਹੀ ਹੋਵੇਗਾ।

प्रकाशक, मुद्रक, मालिक व संपादक : रणजीत कुमार द्वारा आईकॉन प्रिंटर्स, बी-23-2974/1, गली न.-2, राम नगर, सीएमसी अस्पताल, लुधियाना से छपवा कर कार्यालय : 135, न्यू अजाद नगर, बहादरके रोड, लुधियाना (पंजाब) से प्रकाशित किया।



ਦੀਵਾਨ ਨੇ ਬਿਨਾਂ ਐੱਨਓਸੀ ਦੇ ਜਾਇਦਾਦਾਂ ਦੀਆਂ ਰਜਿਸਟਰੀਆਂ ਹੋਣ ਦੇ ਮਾਮਲੇ ਦੀ ਜਾਂਚ ਦੀ ਕੀਤੀ ਮੰਗ

• ਮਜ਼ਬੂਤ ਨਿਗਰਾਨੀ ਪ੍ਰਣਾਲੀ ਸਥਾਪਤ ਕਰਨ ’ਤੇ ਦਿੱਤਾ ਜ਼ੋਰ

(ਆਰ.ਸੀ. ਸਿੰਘ) ਲੁਧਿਆਣਾ।

ਜ਼ਿਲ੍ਹਾ ਕਾਂਗਰਸ ਕਮੇਟੀ, ਲੁਧਿਆਣਾ (ਸ਼ਹਿਰੀ) ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੇ ਦੋਸ਼ ਲਗਾਇਆ ਹੈ ਕਿ ਮਾਲ ਮੰਤਰੀ ਦੀ ਰਿਹਾਇਸ਼ ਤੋਂ ਮਹਿਜ਼ ਪੰਜ ਕਿਲੋਮੀਟਰ ਦੀ ਦੂਰੀ ’ਤੇ ਸਥਿਤ ਟਰਾਂਸਪੋਰਟ ਨਗਰ ਦਾ ਤਹਿਸੀਲ ਦਫ਼ਤਰ ਕਥਿਤ ਭ੍ਰਿਸ਼ਟਾਚਾਰ ਦਾ ਅੱਡਾ ਬਣਦਾ ਜਾ ਰਿਹਾ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਨਿਰਧਾਰਤ ਨਿਯਮਾਂ ਦੀਆਂ ਸ਼ਰੇਆਮ ਉਲੰਘਣਾਵਾਂ ਕਰਦਿਆਂ, ਐੱਨਓਸੀ ਤੋਂ ਬਿਨਾਂ ਹੀ ਜਾਇਦਾਦਾਂ ਦੀਆਂ ਰਜਿਸਟਰੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਇਹ ਵੀ ਦੋਸ਼ ਲਗਾਇਆ ਕਿ ਅਜਿਹੀਆਂ ਰਜਿਸਟਰੀਆਂ ਕਥਿਤ ਤੌਰ ’ਤੇ ਨਾਜਾਇਜ਼ ਲੈਣ-ਦੇਣ ਦੇ ਬਦਲੇ ਕੀਤੀਆਂ ਜਾ ਰਹੀਆਂ ਹਨ। ਇਸ ਮਾਮਲੇ ਦੀ ਸੁਤੰਤਰ ਅਤੇ ਨਿਰਧਾਰਤ ਸਮੇਂ ਅੰਦਰ ਜਾਂਚ ਕਰਵਾਉਣ ਦੀ ਮੰਗ ਕਰਦਿਆਂ, ਦੀਵਾਨ ਨੇ ਦੋਸ਼ੀ ਪਾਏ ਜਾਣ ਵਾਲੇ ਸਾਰੇ ਵਿਅਕਤੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ।

ਦੀਵਾਨ ਨੇ ਮਾਮਲੇ ਬਾਰੇ ਵਿਸਥਾਰ ਨਾਲ ਗੱਲ ਕਰਦਿਆਂ, ਕਿਹਾ ਕਿ ਜਦੋਂ ਤੋਂ ਸਰਕਾਰ ਨੇ ਇਹ ਛੋਟ ਦਿੱਤੀ ਹੈ ਕਿ ਜਾਇਦਾਦ ਦੀ ਸਥਿਤੀ ਭਾਵੇਂ ਕਿਸੇ ਵੀ ਤਹਿਸੀਲ ਦੇ ਅਧਿਕਾਰ ਖੇਤਰ ਵਿੱਚ ਆਉਂਦੀ ਹੋਵੇ, ਉਸਦੀ ਰਜਿਸਟਰੀ ਕਿਸੇ ਵੀ ਤਹਿਸੀਲ ਵਿੱਚ ਕਰਵਾਈ ਜਾ ਸਕਦੀ ਹੈ, ਉਦੋਂ ਤੋਂ ਟਰਾਂਸਪੋਰਟ ਨਗਰ ਦੇ ਤਹਿਸੀਲ ਦਫ਼ਤਰ ਵਿੱਚ ਲੋਕਾਂ ਦੀ ਭਾਰੀ ਭੀੜ



ਦੇਖਣ ਨੂੰ ਮਿਲ ਰਹੀ ਹੈ ਅਤੇ ਜ਼ਿਆਦਾਤਰ ਜਾਇਦਾਦਾਂ ਦੀਆਂ ਰਜਿਸਟਰੀਆਂ ਇੱਥੇ ਹੀ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਨੇ ਅਫ਼ਸੋਸ ਜਤਾਉਂਦਿਆਂ ਕਿਹਾ ਕਿ ਇਸ ਨਾਲ ਨਾ ਸਿਰਫ਼ ਭ੍ਰਿਸ਼ਟਾਚਾਰ ਨੂੰ ਹੱਲਾਸ਼ੇਰੀ ਮਿਲੀ ਹੈ, ਸਗੋਂ ਬੇਮਿਸਾਲ ਭੀੜ ਵੀ ਵਧੀ ਹੈ, ਜਿਸ ਕਾਰਨ ਲੋਕਾਂ ਨੂੰ ਆਪਣੀਆਂ ਜਾਇਦਾਦਾਂ ਦੀਆਂ ਰਜਿਸਟਰੀਆਂ ਕਰਵਾਉਣ ਲਈ ਦੋ-ਦੋ ਮਹੀਨੇ ਤੱਕ ਉਡੀਕ ਕਰਨੀ ਪੈ ਰਹੀ ਹੈ।

ਦੀਵਾਨ ਨੇ ਦੋਸ਼ ਲਗਾਇਆ ਕਿ ਸਬੰਧਤ ਤਹਿਸੀਲ ਦਫ਼ਤਰ ਵਿੱਚ ਤਾਇਨਾਤ ਅਧਿਕਾਰੀ ਅਤੇ ਕਰਮਚਾਰੀ ਨਿਰਧਾਰਤ ਨਿਯਮਾਂ ਦੀ ਉਲੰਘਣਾ ਕਰਦਿਆਂ, ਜਾਇਦਾਦਾਂ ਦੀਆਂ ਰਜਿਸਟਰੀਆਂ ਕਰਵਾਉਣ ਵਿੱਚ ਕਥਿਤ ਤੌਰ ’ਤੇ ਮਦਦ ਕਰ ਰਹੇ ਹਨ। ਇਨ੍ਹਾਂ ਵਿੱਚ ਉਹ ਮਾਮਲੇ ਵੀ ਸ਼ਾਮਲ ਹਨ, ਜਿੱਥੇ ਲਾਜ਼ਮੀ ਐੱਨਓਸੀ ਪ੍ਰਾਪਤ ਨਹੀਂ ਕੀਤੀ ਜਾ ਰਹੀ। ਉਨ੍ਹਾਂ ਕਿਹਾ ਕਿ ਅਜਿਹੀਆਂ ਕਾਰਵਾਈਆਂ ਨਾ ਸਿਰਫ਼ ਜਾਇਦਾਦਾਂ ਦੇ ਲੈਣ-ਦੇਣ ਸਬੰਧੀ ਨਿਯਮਾਂ ਦੀ ਉਲੰਘਣਾ ਹਨ, ਸਗੋਂ ਇਸ ਨਾਲ ਸਰਕਾਰੀ ਖ਼ਜ਼ਾਨੇ ਨੂੰ ਵੀ ਭਾਰੀ ਨੁਕਸਾਨ ਹੋ ਸਕਦਾ ਹੈ।

ਦੀਵਾਨ ਨੇ ਕਿਹਾ ਕਿ ਵੱਡੇ ਪੱਧਰ ’ਤੇ ਇਹ ਦੋਸ਼ ਲੱਗ ਰਹੇ ਹਨ ਕਿ ਕੁਝ ਅਧਿਕਾਰੀਆਂ ਨੂੰ ਨਾਜਾਇਜ਼ ਰਕਮ ਦੇ ਕੇ ਬਿਨਾਂ ਐੱਨਓਸੀ ਵਾਲੀਆਂ ਜਾਇਦਾਦਾਂ ਦੀਆਂ ਰਜਿਸਟਰੀਆਂ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਮੰਗ ਕੀਤੀ ਕਿ ਇਨ੍ਹਾਂ ਦੋਸ਼ਾਂ ਦੀ ਗੰਭੀਰਤਾ ਨੂੰ ਦੇਖਦਿਆਂ, ਮਾਮਲੇ ਦੀ ਡੂੰਘਾਈ ਨਾਲ, ਨਿਰਪੱਖ ਅਤੇ ਉੱਚ ਪੱਧਰੀ ਜਾਂਚ ਹੋਣੀ ਚਾਹੀਦੀ ਹੈ, ਤਾਂ ਜੋ ਸੱਚਾਈ ਸਾਹਮਣੇ ਆ ਸਕੇ ਅਤੇ ਜ਼ਿੰਮੇਵਾਰੀ ਤੈਅ ਕੀਤੀ ਜਾ ਸਕੇ।

ਚੈਕ ਪੋਸਟ

ਦੀਵਾਨ ਨੇ ਇਸ ਸਥਿਤੀ ਨੂੰ ਵੱਡੀ ਵਿਡੰਬਨਾ ਕਰਾਰ ਦਿੰਦਿਆਂ, ਕਿਹਾ ਕਿ ਇੱਕ ਪਾਸੇ ਲਾਜ਼ਮੀ ਐੱਨਓਸੀ ਤੋਂ ਬਿਨਾਂ ਜਾਇਦਾਦਾਂ ਦੀਆਂ ਰਜਿਸਟਰੀਆਂ ਕਥਿਤ ਤੌਰ ’ਤੇ ਬਿਨਾਂ ਕਿਸੇ ਰੋਕ-ਟੋਕ ਦੇ ਕੀਤੀਆਂ ਜਾ ਰਹੀਆਂ ਹਨ। ਜਦਕਿ ਦੂਜੇ ਪਾਸੇ, ਉਨ੍ਹਾਂ ਬਿਨੈਕਾਰਾਂ ਦੇ ਮਾਮਲਿਆਂ ਵਿੱਚ ਅਕਸਰ ਇਤਰਾਜ਼ ਲਗਾ ਦਿੱਤੇ ਜਾਂਦੇ ਹਨ, ਜਿਨ੍ਹਾਂ ਨੇ ਸਾਰੀਆਂ ਨਿਰਧਾਰਤ ਸ਼ਰਤਾਂ ਪੂਰੀਆਂ ਕੀਤੀਆਂ ਹੁੰਦੀਆਂ ਹਨ ਅਤੇ ਨਿਯਮਾਂ ਦੀ ਪਾਲਣਾ ਕੀਤੀ ਹੁੰਦੀ ਹੈ। ਉਨ੍ਹਾਂ ਕਿਹਾ ਕਿ ਅਜਿਹੀ ਮਨਮਾਨੀ ਕਾਰਜਪ੍ਰਣਾਲੀ ਨਾ ਸਿਰਫ਼ ਕਾਨੂੰਨ ਦੀ ਪਾਲਣਾ ਕਰਨ ਵਾਲੇ ਨਾਗਰਿਕਾਂ ਨੂੰ ਬੇਲੋੜਾ ਪ੍ਰੇਸ਼ਾਨ ਕਰਦੀ ਹੈ, ਸਗੋਂ ਰਜਿਸਟਰੀ ਪ੍ਰਕਿਰਿਆ ਵਿੱਚ ਪਾਰਦਰਸ਼ਤਾ, ਇਕਸਾਰਤਾ ਅਤੇ ਨਿਰਪੱਖਤਾ ’ਤੇ ਵੀ ਗੰਭੀਰ ਸਵਾਲ ਖੜ੍ਹੇ ਕਰਦੀ ਹੈ।

ਦੀਵਾਨ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪਿਛਲੇ ਕੁਝ ਸਾਲਾਂ ਦੌਰਾਨ ਹੋਈਆਂ ਸਾਰੀਆਂ ਜਾਇਦਾਦਾਂ ਦੀਆਂ ਰਜਿਸਟਰੀਆਂ ਦੀ ਜਾਂਚ ਕਰਨ ਲਈ ਵਿਆਪਕ ਅਤੇ ਸਮਾਂਬੱਧ ਜਾਂਚ ਦੇ ਹੁਕਮ ਦਿੱਤੇ ਜਾਣ, ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਕਿਹੜੀਆਂ ਰਜਿਸਟਰੀਆਂ ਲਾਜ਼ਮੀ ਐੱਨਓਸੀ ਤੋਂ ਬਿਨਾਂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਬੇਨਿਯਮੀ ਵਿੱਚ ਸ਼ਾਮਲ ਪਾਏ ਜਾਣ ਵਾਲੇ ਹਰ ਅਧਿਕਾਰੀ ਜਾਂ ਵਿਅਕਤੀ ਵਿਰੁੱਧ ਸਖ਼ਤ ਵਿਭਾਗੀ ਅਤੇ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।

ਦੀਵਾਨ ਨੇ ਇਹ ਵੀ ਮੰਗ ਕੀਤੀ ਕਿ ਇੱਕ ਮਜ਼ਬੂਤ ਨਿਗਰਾਨੀ ਪ੍ਰਣਾਲੀ ਸਥਾਪਤ ਕੀਤੀ ਜਾਵੇ, ਤਾਂ ਜੋ ਹਰ ਜਾਇਦਾਦ ਦੀ ਰਜਿਸਟਰੀ ਨਿਰਧਾਰਤ ਨਿਯਮਾਂ ਅਨੁਸਾਰ ਅਤੇ ਐੱਨਓਸੀ ਸਮੇਤ ਸਾਰੀਆਂ ਲਾਜ਼ਮੀ ਮਨਜ਼ੂਰੀਆਂ ਦੀ ਪੂਰੀ ਜਾਂਚ ਤੋਂ ਬਾਅਦ ਹੀ ਕੀਤੀ ਜਾ ਸਕੇ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਉਨ੍ਹਾਂ ਦੀ ਅਗਵਾਈ ਹੇਠ ਇੱਕ ਵਫ਼ਦ ਜਲਦ ਹੀ ਪੰਜਾਬ ਦੇ ਰਾਜਪਾਲ ਨਾਲ ਮੁਲਾਕਾਤ ਕਰਕੇ ਮੰਗ ਪੱਤਰ ਵੀ ਸੌਂਪੇਗਾ।

ਆਪ ਪਾਰਟੀ ਨੂੰ ਝਟਕਾ : ਜ਼ਿਲ੍ਹਾ ਜੁਆਇੰਟ ਸਕੱਤਰ ਸੂਬੇਦਾਰ ਜੀਤ ਦਾਸ ਪਰਿਵਾਰ ਸਮੇਤ ਕਾਂਗਰਸ ’ਚ ਸ਼ਾਮਲ



(ਨਿਊਜ਼ ਚੈਕ ਪੋਸਟ) ਫਗਵਾੜਾ।

ਫਗਵਾੜਾ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਸਿਆਸੀ ਝਟਕਾ ਲੱਗਾ ਜਦੋਂ ਪਾਰਟੀ ਦੇ ਜ਼ਿਲ੍ਹਾ ਜੁਆਇੰਟ ਸਕੱਤਰ ਸੂਬੇਦਾਰ ਜੀਤ ਦਾਸ ਨੇ ਆਪਣੇ ਪਰਿਵਾਰ ਅਤੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ। ਜ਼ਿਲ੍ਹਾ ਕਾਂਗਰਸ ਪ੍ਰਧਾਨ ਅਤੇ ਫਗਵਾੜਾ ਦੇ ਵਿਧਾਇਕ ਸਰਦਾਰ ਬਲਵਿੰਦਰ ਸਿੰਘ ਧਾਲੀਵਾਲ (ਰਿਟਾ. ਆਈ.ਏ.ਐਸ.) ਨੇ ਸਾਰੇ ਨਵੇਂ ਸ਼ਾਮਲ ਹੋਏ ਮੈਂਬਰਾਂ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਉਨ੍ਹਾਂ ਨੂੰ ਪੂਰਾ ਮਾਣ-ਸਤਿਕਾਰ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਸੂਬੇਦਾਰ ਜੀਤ ਦਾਸ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਸੀਨੀਅਰ ਲੀਡਰਸ਼ਿਪ ਵੱਲੋਂ ਵਰਕਰਾਂ ਨੂੰ ਲੋੜੀਂਦਾ ਨੈਤਿਕ ਸਮਰਥਨ ਅਤੇ ਹੌਸਲਾ ਨਹੀਂ ਮਿਲ ਰਿਹਾ। ਉਨ੍ਹਾਂ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਭਾਵੇਂ ਉਹ ਵਿਰੋਧੀ ਧਿਰ ਵਿੱਚ ਹਨ, ਪਰ ਫਿਰ ਵੀ ਫਗਵਾੜਾ ਦੇ ਨਾਗਰਿਕ ਹੋਣ ਦੇ ਨਾਤੇ ਜਦੋਂ ਵੀ ਕਿਸੇ ਨੂੰ ਲੋੜ ਪੈਂਦੀ ਹੈ, ਉਹ ਲੋਕਾਂ ਦੀ ਮਦਦ ਲਈ ਅੱਗੇ ਆਉਂਦੇ ਹਨ। ਉਨ੍ਹਾਂ ਕਿਹਾ ਕਿ ਧਾਲੀਵਾਲ ਵੱਲੋਂ ਲੋਕਾਂ ਨਾਲ ਬਣਾਈ ਗਈ ਸਿੱਧੀ ਸਾਂਝ ਅਤੇ ਲੋੜ ਵੇਲੇ ਮਿਲਣ ਵਾਲਾ ਸਹਿਯੋਗ ਉਨ੍ਹਾਂ ਦੇ ਕਾਂਗਰਸ ਵਿੱਚ ਸ਼ਾਮਲ ਹੋਣ ਦਾ ਇੱਕ ਅਹਿਮ ਕਾਰਨ ਹੈ। ਇਸ ਮੌਕੇ ਕਾਂਗਰਸ ਵਿੱਚ ਸ਼ਾਮਲ ਹੋਏ ਮਹਿੰਦਰ ਸਿੰਘ ਗਿੱਲ, ਅਸ਼ਵਨੀ ਸ਼ਰਮਾ, ਕਸ਼ਮੀਰ ਲਾਲ, ਸੰਤੋਖ ਸਿੰਘ ਅਤੇ ਮੰਗਤ ਰਾਮ ਤੇ ਹੋਰਨਾਂ ਨੇ ਵੀ ਆਮ ਆਦਮੀ ਪਾਰਟੀ ਦੀ ਕਾਰਗੁਜ਼ਾਰੀ ’ਤੇ ਸਵਾਲ ਉਠਾਉਂਦਿਆਂ ਕਿਹਾ ਕਿ ‘ਆਪ’ ਪਾਰਟੀ ਅਹਿਮ ਮੋਰਚਿਆਂ ’ਤੇ ਪੂਰੀ ਤਰ੍ਹਾਂ ਅਸਫਲ ਰਹੀ ਹੈ। ਉਨ੍ਹਾਂ ਖਾਸ ਤੌਰ ’ਤੇ ਨਸ਼ਾ ਤਸਕਰੀ ਅਤੇ ਨਸ਼ਾ ਮਾਫੀਆ ’ਤੇ ਕਾਬੂ ਪਾਉਣ ਵਿੱਚ ਸਰਕਾਰ ਦੀ ਕਾਰਗੁਜ਼ਾਰੀ ਨੂੰ ਲੈ ਕੇ ਨਿਰਾਸ਼ਾ ਜ਼ਾਹਰ ਕੀਤੀ। ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਨਵੇਂ ਮੈਂਬਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਵਿੱਚ ਹਰ ਵਰਕਰ ਦਾ ਮਾਣ-ਸਤਿਕਾਰ ਕੀਤਾ ਜਾਵੇਗਾ ਅਤੇ ਸਾਰਿਆਂ ਨੂੰ ਨਾਲ ਲੈ ਕੇ ਚੱਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਪਾਰਟੀ ਨੂੰ ਮਜ਼ਬੂਤ ਬਣਾਉਣ ਵਿੱਚ ਵਰਕਰਾਂ ਦੀ ਭੂਮਿਕਾ ਅਹਿਮ ਹੈ ਅਤੇ ਨਵੇਂ ਸਾਥੀਆਂ ਦੇ ਤਜਰਬੇ ਅਤੇ ਸਹਿਯੋਗ ਨਾਲ ਸੰਗਠਨ ਨੂੰ ਹੋਰ ਮਜ਼ਬੂਤੀ ਮਿਲੇਗੀ। ਇਸ ਮੌਕੇ ਨਰੇਸ਼ ਭਾਰਦਵਾਜ਼ ਸ਼ਹਿਰੀ ਬਲਾਕ ਪ੍ਰਧਾਨ ਫਗਵਾੜਾ, ਕੌਂਸਲਰ ਸੰਜੀਵ ਬੁੱਗਾ, ਕੌਂਸਲਰ ਬੰਟੀ ਵਾਲੀਆ, ਜ਼ਿਲ੍ਹਾ ਮਹਿਲਾ ਕਾਂਗਰਸ ਪ੍ਰਧਾਨ ਰਣਜੀਤ ਕੌਰ ਰਾਣੀ, ਸੋਹਣ ਸਿੰਘ ਪਰਮਾਰ, ਅਸ਼ੋਕ ਸੰਧੀ, ਸੁਖਪਾਲ ਸਿੰਘ, ਹਰਵਿੰਦਰ ਸਿੰਘ, ਡਾ. ਅਸ਼ਵਨੀ ਪੀਪਾਰੰਗੀ, ਸੋਹਨ ਸਿੰਘ ਸਮੇਤ ਹੋਰ ਕਾਂਗਰਸੀ ਆਗੂ ਅਤੇ ਵਰਕਰ ਮੌਜੂਦ ਸਨ।

ਚੈਕ ਪੋਸਟ

‘ਸ਼ੁਭ ਦੀਵਾਲੀ ਮਿਲਨ’ ਸਮਾਗਮ ਦੌਰਾਨ ਲਘੂ ਉਦਯੋਗ ਭਾਰਤੀ ਦੀ ਨਵੀਂ ਕਾਰਜਕਾਰਨੀ ਦਾ ਹੋਇਆ ਐਲਾਨ

(ਮਮਤਾ) ਫਗਵਾੜਾ।

ਤਿਉਹਾਰ ਸਿਰਫ਼ ਖੁਸ਼ੀਆਂ ਸਾਂਝੀਆਂ ਕਰਨ ਦਾ ਮੌਕਾ ਹੀ ਨਹੀਂ ਹੁੰਦੇ, ਸਗੋਂ ਸਮਾਜਿਕ ਅਤੇ ਵਪਾਰਕ ਭਾਈਚਾਰੇ ਨੂੰ ਇੱਕ-ਦੂਜੇ ਦੇ ਨੇੜੇ ਲਿਆਉਣ ਦਾ ਵੀ ਸਾਧਨ ਬਣਦੇ ਹਨ। ਇਸੇ ਭਾਵਨਾ ਤਹਿਤ ਲਘੂ ਉਦਯੋਗ ਭਾਰਤੀ ਫਗਵਾੜਾ ਵੱਲੋਂ ਸ਼ਾਖਾ ਪ੍ਰਧਾਨ ਇੰਦਰ ਪਾਲ ਖੁਰਾਨਾ ਦੀ ਅਗਵਾਈ ਹੇਠ ਇੰਪੀਰੀਅਲ ਪੂਨਮ ਹੋਟਲ ਵਿਖੇ ‘ਸ਼ੁਭ ਦੀਵਾਲੀ ਮਿਲਨ’ ਸਮਾਗਮ ਬੜੇ ਉਤਸ਼ਾਹਪੂਰਨ ਮਾਹੌਲ ਵਿੱਚ ਕਰਵਾਇਆ ਗਿਆ। ਇਸ ਸਮਾਗਮ ਵਿੱਚ 125 ਤੋਂ ਵੱਧ ਮੈਂਬਰਾਂ ਨੇ ਸ਼ਿਰਕਤ ਕੀਤੀ, ਜਦਕਿ 50 ਤੋਂ ਵੱਧ ਮਹਿਲਾਵਾਂ ਦੀ ਮੌਜੂਦਗੀ ਨੇ ਵੀ ਸਮਾਗਮ ਦੀ ਰੌਣਕ ਨੂੰ ਚਾਰ ਚੰਨ ਲਗਾਏ। ਇੰਦਰਪਾਲ ਖੁਰਾਨਾ ਨੇ ਸਮੂਹ ਹਾਜਰੀਨ ਨੂੰ ਦੀਵਾਲੀ ਅਤੇ ਅਗਲੇ ਦਿਨਾਂ ਵਿੱਚ ਆਉਣ ਵਾਲੇ ਹੋਰ ਸਾਰੇ ਤਿਉਹਾਰਾਂ ਦੀਆਂ ਸ਼ੁੱਭ ਇੱਛਾਵਾਂ ਦਿੱਤੀਆਂ। ਉਹਨਾਂ ਕਿਹਾ ਕਿ ਇਸ ਸਮਾਗਮ ਨੂੰ ਕਰਵਾਉਣ ਦਾ ਉਦੇਸ਼ ਉਦਯੋਗਿਕ ਭਾਈਚਾਰੇ ਦੇ ਨਾਲ ਸਾਲ ਦੇ ਸਭ ਤੋਂ ਵੱਡੇ ਤਿਉਹਾਰ ਦੀ ਖੁਸ਼ੀ ਸਾਂਝੀ ਕਰਨਾ ਹੈ। ਉਹਨਾਂ ਕਿਹਾ ਕਿ ਅਜਿਹੇ ਸਮਾਗਮ ਆਪਸੀ ਸਾਂਝ, ਪਿਆਰ ਅਤੇ ਸਹਿਯੋਗ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਉਨ੍ਹਾਂ ਨਵ-ਨਿਯੁਕਤ ਪ੍ਰਧਾਨ ਪੁਨੀਤ ਗੁਪਤਾ ਅਤੇ ਸਕੱਤਰ ਅਨੁਜ ਜੈਨ ਨੂੰ ਵਧਾਈ ਦਿੰਦਿਆਂ ਉਮੀਦ ਜਤਾਈ ਕਿ ਨਵੀਂ ਟੀਮ ਸਾਰੇ ਮੈਂਬਰਾਂ ਨੂੰ ਨਾਲ ਲੈ ਕੇ ਸੰਗਠਨ ਦੀਆਂ ਗਤੀਵਿਧੀਆਂ ਨੂੰ ਹੋਰ ਅੱਗੇ ਵਧਾਏਗੀ। ਉਨ੍ਹਾਂ ਸਮਾਗਮ ਵਿੱਚ ਸ਼ਾਮਲ ਹੋਏ ਸਾਰੇ ਮੈਂਬਰਾਂ ਅਤੇ ਪਰਿਵਾਰਾਂ ਦਾ ਧੰਨਵਾਦ ਵੀ ਕੀਤਾ। ਸਮਾਗਮ ਦੀ ਮੇਜ਼ਬਾਨੀ ਅਤੇ ਸਟੇਜ ਦੀ ਸੇਵਾ ਪ੍ਰਸਿੱਧ ਐਂਕਰ ਸ਼ਿਵਾਨੀ ਅਰੋੜਾ ਨੇ ਬਹੁਤ ਹੀ ਪ੍ਰਭਾਵਸ਼ਾਲੀ ਅੰਦਾਜ਼ ਵਿੱਚ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਸ਼?ਰੀ ਗਣੇਸ਼ ਵੰਦਨਾ ਨਾਲ ਹੋਈ, ਜਿਸ ਉਪਰੰਤ ਰਵਾਇਤੀ ਢੰਗ ਨਾਲ ਜੋਤੀ ਪ੍ਰਚੰਡ ਕਰਕੇ ਸਮਾਗਮ ਦਾ ਸ਼ੁਭ ਆਰੰਭ ਕੀਤਾ ਗਿਆ। ਇਸ ਦੌਰਾਨ ਆਯੋਜਿਤ ਮਨੋਰੰਜਕ ਖੇਡਾਂ,ਸੰਗੀਤਕ ਪੇਸ਼ਕਾਰੀਆਂ ਅਤੇ ਹੋਰ





ਸੱਭਿਆਚਾਰਕ ਗਤੀਵਿਧੀਆਂ ਨੇ ਹਾਜ਼ਰੀਨ ਦਾ ਖੂਬ ਮਨੋਰੰਜਨ ਕੀਤਾ। ਸਮਾਗਮ ਦੌਰਾਨ ਸੰਗਠਨ ਦੇ ਆਉਣ ਵਾਲੇ ਕਾਰਜਕਾਲ 2027-2028 ਲਈ ਨਵੀਂ ਕਾਰਜਕਾਰਣੀ ਦਾ ਐਲਾਨ ਵੀ ਕੀਤਾ ਗਿਆ। ਇਸ ਤਹਿਤ ਪੁਨੀਤ ਗੁਪਤਾ ਨੂੰ ਪ੍ਰਧਾਨ ਅਤੇ ਅਨੁਜ ਜੈਨ ਨੂੰ ਸਕੱਤਰ ਚੁਣਿਆ ਗਿਆ। ਦੋਵੇਂ ਨਿਯੁਕਤੀਆਂ ਦਾ ਸਮੂਹ ਮੈਂਬਰਾਂ ਨੇ ਸਵਾਗਤ ਕੀਤਾ ਅਤੇ ਨਵੀਂ ਟੀਮ ਨੂੰ ਸ਼ੁੱਭ ਇੱਛਾਵਾਂ ਦਿੱਤੀਆਂ। ਆਪਣੇ ਸੰਬੋਧਨ ਵਿੱਚ ਨਵ-ਨਿਯੁਕਤ ਪ੍ਰਧਾਨ ਪੁਨੀਤ ਗੁਪਤਾ ਨੇ ਭਰੋਸਾ ਦਿੱਤਾ ਕਿ ਉਹ ਮੈਂਬਰਾਂ ਦੇ ਸਰਗਰਮ ਸਹਿਯੋਗ ਅਤੇ ਸਮਰਥਨ ਨਾਲ ਉਦਯੋਗਿਕ ਭਾਈਚਾਰੇ ਦੀ ਤਰੱਕੀ ਅਤੇ ਬਿਹਤਰੀ ਲਈ ਪੂਰੀ ਇਮਾਨਦਾਰੀ ਨਾਲ ਯਤਨ ਕਰਨਗੇ। ਉਨ੍ਹਾਂ ਕਿਹਾ ਕਿ ਐਸੋਸੀਏਸ਼ਨ ਨੂੰ ਹੋਰ ਮਜ਼ਬੂਤ ਬਣਾਉਣ ਦੇ ਨਾਲ-ਨਾਲ ਉਦਯੋਗਪਤੀਆਂ ਦੇ ਹਿੱਤਾਂ ਅਤੇ ਉਨ੍ਹਾਂ ਨੂੰ ਦਰਪੇਸ਼ ਸਮੱਸਿਆਵਾਂ ਦੇ ਹੱਲ ਲਈ ਵੀ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ‘ਸ਼ੁਭ ਦੀਵਾਲੀ ਮਿਲਨ’ ਸਮਾਗਮ ਨੇ ਜਿੱਥੇ ਦੀਵਾਲੀ ਦੀਆਂ ਖੁਸ਼ੀਆਂ ਸਾਂਝੀਆਂ ਕਰਨ ਦਾ ਮੌਕਾ ਪ੍ਰਦਾਨ ਕੀਤਾ, ਉੱਥੇ ਹੀ ਉਦਯੋਗਿਕ ਭਾਈਚਾਰੇ ਵਿੱਚ ਆਪਸੀ ਸਾਂਝ, ਸਹਿਯੋਗ ਅਤੇ ਸੰਗਠਨਾਤਮਕ ਏਕਤਾ ਨੂੰ ਹੋਰ ਮਜ਼ਬੂਤ ਕਰਨ ਦਾ ਸੰਦੇਸ਼ ਵੀ ਦਿੱਤਾ ਇਸ ਮੌਕੇ ਤੇ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ।

ਚੈਕ ਪੋਸਟ

4 ਨਵੰਬਰ ਰਾਹੁਲ ਗਾਂਧੀ ਦੀ ਮਹਾਂ ਰੈਲੀ

• ਪਰਗਟ ਸਿੰਘ, ਵਿਜੇ ਇੰਦਰ ਸਿੰਗਲਾ ’ਤੇ ਸਮਿਤ ਸਿੰਘ ਨੇ ਵਿਵਸਥਾਵਾਂ ਦਾ ਲਿਆ ਜਾਇਜ਼ਾ

(ਰਵਿੰਦਰ ਸਿੰਘ ਰੇਸ਼ਮ) ਅਮਰਗੜ੍ਹ।

ਪੰਜਾਬ ਕਾਂਗਰਸ ਪ੍ਰਧਾਨ ਪਰਗਟ ਸਿੰਘ ਨੇ ਵਿਜੇ ਇੰਦਰ ਸਿੰਗਲਾ ਅਤੇ ਅਮਰਗੜ੍ਹ ਹਲਕਾ ਇੰਚਾਰਜ ਤੇ ਕਾਂਗਰਸ ਪਾਰਟੀ ਦੇ ਰਾਸ਼ਟਰੀ ਪ੍ਰਵਕਤਾ ਸਮਿਤ ਸਿੰਘ ਮਾਨ ਨਾਲ ਮਿਲ ਕੇ ਰਾਹੁਲ ਗਾਂਧੀ ਦੀ 4 ਨਵੰਬਰ 2026 ਨੂੰ ਹੋਣ ਵਾਲੀ ਮਹਾਂ ਰੈਲੀ ਲਈ ਸੰਗਰੂਰ ਵਿਖੇ ਸਾਈਟ ਦੀ ਜਾਂਚ ਕੀਤੀ। ਸਾਈਟ ਦੌਰੇ ਦੌਰਾਨ ਰੈਲੀ ਦੀਆਂ ਵਿਵਸਥਾਵਾਂ, ਲਾਜਿਸਟਿਕਸ ਅਤੇ ਸੁਰੱਖਿਆ ਪ੍ਰਬੰਧਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ।

ਇਹ ਰਾਹੁਲ ਗਾਂਧੀ ਦੀ ਪੰਜਾਬ ਵਿੱਚ ਪਹਿਲੀ ਰੈਲੀ ਹੋਵੇਗੀ, ਜਿਸ ਰਾਹੀਂ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਕਾਂਗਰਸ ਦੀ ਚੋਣ ਮੁਹਿਮ ਦੀ ਸ਼ੁਰੂਆਤ ਹੋਵੇਗੀ। ਇਸ ਰੈਲੀ ਤੋਂ ਬਾਅਦ ਚਰਨਜੀਤ ਸਿੰਘ ਚੰਨੀ ਦੀ ਯਾਤਰਾ ਪੰਜਾਬ ਵਿੱਚ ਸ਼ੁਰੂ ਹੋਵੇਗੀ। ਰਾਹੁਲ ਗਾਂਧੀ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਖਿਲਾਫ਼ ਆਪਣੀ ਮੁਹਿੰਮ ਅੱਗੇ ਵਧਾ ਰਹੇ ਹਨ ਅਤੇ ਉਨ੍ਹਾਂ ਨੇ 1 ਨਵੰਬਰ ਨੂੰ ਦਿੱਲੀ ਵਿੱਚ ਹੋਣ ਵਾਲੀ ਰੈਲੀ ਤੋਂ ਪੰਜਾਬ ਨੂੰ ਛੋਟ ਦਿੱਤੀ ਸੀ ਤਾਂ ਜੋ ਪੰਜਾਬ ਦੇ ਮੁੱਦਿਆਂ ’ਤੇ ਧਿਆਨ ਕੇਂਦਰਿਤ ਕੀਤਾ ਜਾ ਸਕੇ ਅਤੇ 4 ਨਵੰਬਰ ਦੀ ਰੈਲੀ ਦੀ ਪੂਰੀ ਤਿਆਰੀ ਕੀਤੀ ਜਾ ਸਕੇ।

ਰੈਲੀ ਦਾ ਮੁੱਖ ਫੋਕਸ ਪੰਜਾਬ ਵਿੱਚ ਨਸ਼ਿਆਂ ਦੀ ਲੁੱਟ, ਕਾਨੂੰਨ-ਵਿਵਸਥਾ ਦੀ ਡਿੱਗਦੀ ਸਥਿਤੀ ਅਤੇ ਸਰਕਾਰੀ ਅਸਫਲਤਾ ’ਤੇ ਹੋਵੇਗਾ। ਇਹ ਰੈਲੀ ਉਨ੍ਹਾਂ ਘਟਨਾਵਾਂ ਦੇ ਪਿਛੋਕੜ ਵਿੱਚ ਹੋ ਰਹੀ ਹੈ ਜਿਨ੍ਹਾਂ ਵਿੱਚ ਪਰਵਿੰਦਰ ਸਿੰਘ ਜੋਠਾ ਦੀ ਹੱਤਿਆ, ਗੁਲਜ਼ਾਰ ਸਿੰਘ ਦੀ ਖੁਦਕੁਸ਼ੀ ਅਤੇ ਕਾਰਕੁਨ ਮੋਹਨਜੀਤ ਸਿੰਘ ’ਤੇ ਪੁਲਿਸ ਵੱਲੋਂ ਤਸ਼ੱਦਦ ਸ਼ਾਮਲ ਹਨ। ਇਹ ਸਾਰੀਆਂ ਘਟਨਾਵਾਂ ਰੈਲੀ ਸਾਈਟ ਦੇ ਨੇੜਲੇ ਇਲਾਕਿਆਂ ਵਿੱਚ ਵਾਪਰੀਆਂ ਹਨ।



ਚੈਕ ਪੋਸਟ

ਸਾਈਟ ਦੌਰੇ ਦੌਰਾਨ ਪਰਗਟ ਸਿੰਘ, ਵਿਜੇ ਇੰਦਰ ਸਿੰਗਲਾ ਅਤੇ ਸਮਿਤ ਸਿੰਘ ਮਾਨ ਨੇ ਸਥਾਨਕ ਨੇਤਾਵਾਂ ਅਤੇ ਕਾਰਕੁਨਾਂ ਨਾਲ ਵਿਵਸਥਾਵਾਂ ਬਾਰੇ ਵਿਚਾਰ-ਵਟਾਂਦਰਾ ਕੀਤਾ। ਸਮਿਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਉਹ ਅਮਰਗੜ੍ਹ ਤੋਂ ਕਾਂਗਰਸ ਕਾਰਕੁਨਾਂ ਦੀ ਵੱਡੀ ਗਿਣਤੀ ਨੂੰ ਇਸ ਰੈਲੀ ਵਿੱਚ ਲੈ ਕੇ ਆਉਣਗੇ। ਪਾਰਟੀ ਇਸ ਰੈਲੀ ਨੂੰ ਪੰਜਾਬ ਵਿੱਚ ਚੋਣ ਮੁਹਿੰਮ ਦੀ ਮਜ਼ਬੂਤ ਸ਼ੁਰੂਆਤ ਵਜੋਂ ਦੇਖ ਰਹੀ ਹੈ।

ਆਓ, ਪ੍ਰਦੂਸ਼ਣ ਰਹਿਤ ਦੀਵਾਲੀ ਮਨਾਈਏ : ਕਾਕਾ ਨੱਥੂਮਾਜਰਾ

(ਰਵਿੰਦਰ ਸਿੰਘ ਰੇਸ਼ਮ) ਕੁੱਪ ਕਲਾਂ।




ਹਲਕਾ ਅਮਰਗੜ੍ਹ ਤੋਂ ਕਾਂਗਰਸ ਦੇ ਸੀਨੀਅਰ ਆਗੂ ਅਤੇ ਮਾਰਕੀਟ ਕਮੇਟੀ ਅਹਿਮਦਗੜ੍ਹ ਦੇ ਸਾਬਕਾ ਚੇਅਰਮੈਨ ਹਰਜਿੰਦਰ ਸਿੰਘ ਕਾਕਾ ਨੱਥੂਮਾਜਰਾ ਨੇ ਕਿਹਾ ਕਿ ਦੀਵਾਲੀ ਦਾ ਪਵਿੱਤਰ ਤਿਉਹਾਰ ਜਿੱਥੇ ਪੂਰੇ ਵਿਸ਼ਵ ਭਰ ਅੰਦਰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਂਦਾ ਹੈ ਉੱਥੇ ਹੀ ਇਸ ਤਿਉਹਾਰ ਨੂੰ ਮਨਾਉਣ ਸਮੇਂ ਵੱਡੀ ਸੰਖਿਆ ਵਿੱਚ ਪਟਾਕੇ ਅਤੇ ਆਤਸ਼ਬਾਜ਼ੀਆਂ ਚਲਾਈਆਂ ਜਾਂਦੀਆਂ ਹਨ ਜਿਸ ਨਾਲ ਵਾਤਾਵਰਨ ਗੰਧਲਾ ਹੁੰਦਾ ਹੈ। ਕਾਕਾ ਨੱਥੂਮਾਜਰਾ ਨੇ ਕਿਹਾ ਕਿ ਅਸੀਂ ਸਾਰੇ ਦੀਵਾਲੀ ਦੇ ਪਵਿੱਤਰ ਤਿਉਹਾਰ ਨੂੰ ਪ੍ਰਦੂਸ਼ਣ ਰਹਿਤ ਮਨਾਈਏ ਤਾਂ ਜੋ ਚੌਗਿਰਦੇ ਅੰਦਰ ਹਰੇ-ਭਰੇ ਵਾਤਾਵਰਨ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਦਿਨ ਅਸੀਂ ਆਪਣੇ ਆਲੇ-ਦੁਆਲੇ ਅਤੇ ਇਲਾਕੇ ਅੰਦਰ ਰੁੱਖ ਲਗਾ ਕੇ ਵਾਤਾਵਰਨ ਨੂੰ ਜਿੱਥੇ ਦੂਸ਼ਿਤ ਹੋਣ ਤੋਂ ਬਚਾ ਸਕਦੇ ਹਾਂ ਉੱਥੇ ਹੀ ਇਸ ਦੀ ਸ਼ੁੱਧਤਾ ਨੂੰ ਬਰਕਰਾਰ ਰੱਖ ਸਕਦੇ ਹਾਂ।

ਚੈਕ ਪੋਸਟ

ਆਓ ਸਾਰੇ ਮਿਲ ਕੇ ਦੀਵਾਲੀ ਮਨਾਈਏ

(ਰਵਿੰਦਰ ਸਿੰਘ ਰੇਸ਼ਮ) ਕੁੱਪ ਕਲਾਂ।



ਦਿਨ-ਬ-ਦਿਨ ਪਲੀਤ ਹੋ ਰਹੇ ਵਾਤਾਵਰਨ ਨੂੰ ਬਚਾਉਣ ਲਈ ਨੌਜਵਾਨ ਆਗੂਆਂ ਨੇ ਸਮੁੱਚੀ ਮਾਨਵਤਾ ਨੂੰ ਇਸ ਵਾਰ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਦੀ ਅਪੀਲ ਕੀਤੀ। ਇਸ ਮੌਕੇ ਉੱਘੇ ਸਮਾਜ ਸੇਵਕ ਸੁੱਖ ਬੈਨੀਪਾਲ, ਸਰਪੰਚ ਹਰਕਮਲ ਸਿੰਘ ਧਾਲੀਵਾਲ, ਉੱਘੇ ਸਮਾਜ ਸੇਵੀ ’ਤੇ ਸਾਬਕਾ ਸਰਪੰਚ ਸੁਰਜੀਤ ਸਿੰਘ ਔਲਖ ਅਤੇ ਉੱਘੇ ਨੌਜਵਾਨ ਸਮਾਜ ਸੇਵੀ ਸੁਖਜਿੰਦਰ ਸਿੰਘ ਨੋਨੀ ਨੇ ਗੱਲਬਾਤ ਕਰਦਿਆਂ ਕਿਹਾ ਕਿ ਦੀਵਾਲੀ ਦਾ ਤਿਉਹਾਰ ਜਿੱਥੇ ਪੂਰੇ ਵਿਸ਼ਵ ਭਰ ਅੰਦਰ ਬੜੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ ਉੱਥੇ ਹੀ ਅਸੀਂ ਇਸ ਤਿਉਹਾਰ ਨੂੰ ਪ੍ਰਦੂਸ਼ਣ ਰਹਿਤ ਮਨਾ ਕੇ ਸਾਰਿਆਂ ਨੂੰ ਇਹ ਸੰਦੇਸ਼ ਦੇਈਏ ਕਿ ਮਨੁੱਖੀ ਜੀਵਨ ਲਈ ਸੁੱਧ ਵਾਤਾਵਰਨ ਬਹੁਤ ਜ਼ਰੂਰੀ ਹੈ ਕਿਉਂ ਕਿ ਵਾਤਾਵਰਨ ਅੰਦਰ ਪਟਾਕਿਆਂ ਨਾਲ ਹੋਣ ਵਾਲਾ ਧੂੰਆਂ ਜਿੱਥੇ ਮਨੁੱਖੀ ਜੀਵਨ ਲਈ ਘਾਤਕ ਹੈ ਉੱਥੇ ਹੀ ਹਰੇ-ਭਰੇ ਵਾਤਾਵਰਨ ਨੂੰ ਗੰਧਲਾ ਕਰਦਾ ਹੈ।

ਚੈਕ ਪੋਸਟ

ਗੁਰੂ ਤੇਗ ਬਹਾਦਰ ਸਾਹਿਬ ਦੇ 350ਸਾਲਾ ਸ਼ਹੀਦੀ ਸਮਾਗਮਾਂ ਦਾ ਇਸਤਰੀ ਸਤਿਸੰਗ ਵੱਲੋਂ ਸ਼ਰਧਾਮਈ ਆਗਾਜ਼


• ਸੰਗਤਾਂ ਦੇ ਸਹਿਯੋਗ ਨਾਲ ਸ਼ਤਾਬਦੀ ਸਮਾਗਮ ਵੱਡੇ ਪੱਧਰ ’ਤੇ ਮਨਾਏ ਜਾਣਗੇ : ਕਾਲਕਾ ਤੇ ਕਾਹਲੋਂ

(ਨਿਊਜ਼ ਚੈਕ ਪੋਸਟ) ਨਵੀਂ ਦਿੱਲੀ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਧੰਨ-ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮਾਂ ਦੀ ਸੰਪੂਰਨਤਾ ਨੂੰ ਸਮਰਪਿਤ ਸਮਾਗਮਾਂ ਵਿੱਚ ਦਿੱਲੀ ਦੇ ਵੱਖ-ਵੱਖ ਇਲਾਕਿਆਂ ਤੋਂ ਵੱਡੀ ਗਿਣਤੀ ਵਿੱਚ ਪਹੁੰਚੀਆਂ ਇਸਤਰੀ ਸਤਿਸੰਗ ਜਥਿਆਂ ਦੀਆਂ ਮਾਤਾਵਾਂ ਅਤੇ ਭੈਣਾਂ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਸੰਗਤਾਂ ਦਾ ਅਥਾਹ ਪਿਆਰ, ਸ਼ਰਧਾ ਅਤੇ ਸਹਿਯੋਗ ਹੀ ਇਨ੍ਹਾਂ ਇਤਿਹਾਸਕ ਸਮਾਗਮਾਂ ਦੀ ਅਸਲ ਤਾਕਤ ਹੈ।

ਉਨ੍ਹਾਂ ਕਿਹਾ ਕਿ ਇਸਤਰੀ ਸਤਿਸੰਗ ਦੀਆਂ ਬੀਬੀਆਂ ਵੱਲੋਂ ਅੱਜ ਦੇ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਸ਼ਤਾਬਦੀ ਸਮਾਗਮਾਂ ਦੀ ਸੰਪੂਰਨਤਾ ਦੇ ਪ੍ਰੋਗਰਾਮਾਂ ਦਾ ਸ਼ਰਧਾਮਈ ਆਗਾਜ਼ ਕੀਤਾ ਗਿਆ ਹੈ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦੋਵੇਂ ਆਗੂਆਂ





ਨੇ ਕਿਹਾ ਕਿ ਸੰਗਤਾਂ ਦੇ ਆਸ਼ੀਰਵਾਦ ਅਤੇ ਸਹਿਯੋਗ ਨਾਲ ਇਹ ਸਾਰੇ ਸਮਾਗਮ ਉਸੇ ਸ਼ਾਨੋ-ਸ਼ੌਕਤ ਅਤੇ ਵੱਡੇ ਪੱਧਰ ’ਤੇ ਕਰਵਾਏ ਜਾਣਗੇ, ਜਿਸ ਤਰ੍ਹਾਂ ਪਿਛਲੇ ਸਾਲ ਲਾਲ ਕਿਲ੍ਹੇ ਦੇ ਮੈਦਾਨ ਵਿੱਚ ਇਤਿਹਾਸਕ ਸਮਾਗਮ ਆਯੋਜਿਤ ਕੀਤੇ ਗਏ ਸਨ।

ਉਨ੍ਹਾਂ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਤਾਬਦੀ ਸਮਾਗਮਾਂ ਰਾਹੀਂ ਹਰ ਵਰਗ ਨੂੰ ਗੁਰੂ ਸਾਹਿਬ ਦੀ ਮਹਾਨ ਸ਼ਹਾਦਤ ਅਤੇ ਲਾਸਾਨੀ ਕੁਰਬਾਨੀ ਨਾਲ ਜੋੜਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਉਨਾਂ ਕਿਹਾ ਕਿ ਪਿਛਲੇ ਹਫ਼ਤੇ ਮੈਰਾਥਨ ਦੌੜ ਰਾਹੀਂ ਨੌਜਵਾਨਾਂ ਅਤੇ ਬੱਚਿਆਂ ਨੂੰ ਇਸ ਇਤਿਹਾਸਕ ਦਿਹਾੜੇ ਨਾਲ ਜੋੜਿਆ ਗਿਆ ਸੀ, ਜਦਕਿ ਅੱਜ ਇਸਤਰੀ ਸਤਿਸੰਗ ਦੀਆਂ ਬੀਬੀਆਂ ਦੀ ਸ਼ਮੂਲੀਅਤ ਨੇ ਇਨ੍ਹਾਂ ਸਮਾਗਮਾਂ ਨੂੰ ਹੋਰ ਵੀ ਅਧਿਆਤਮਿਕ ਅਤੇ ਭਾਵਨਾਤਮਕ ਮਹੱਤਤਾ ਪ੍ਰਦਾਨ ਕੀਤੀ ਹੈ।

ਉਨ੍ਹਾਂ ਦੱਸਿਆ ਕਿ ਅੱਜ ਦੇ ਸਮਾਗਮ ਦੌਰਾਨ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਅਤੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਬਾਣੀ ਦੇ ਪਵਿੱਤਰ ਸਲੋਕਾਂ ਦੇ ਪਾਠ ਉਪਰੰਤ ਗੁਰਬਾਣੀ ਕੀਰਤਨ ਰਾਹੀਂ ਸ਼ਤਾਬਦੀ ਸਮਾਗਮਾਂ ਦੀ ਸੰਪੂਰਨਤਾ ਦੇ ਪ੍ਰੋਗਰਾਮਾਂ ਦੀ ਰਸਮੀ ਸ਼ੁਰੂਆਤ ਕੀਤੀ ਗਈ।

ਚੈਕ ਪੋਸਟ

ਸਰਦਾਰ ਕਾਲਕਾ ਅਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਸਮੁੱਚੀ ਮਨੁੱਖਤਾ ਲਈ ਧਾਰਮਿਕ ਆਜ਼ਾਦੀ, ਮਨੁੱਖੀ ਅਧਿਕਾਰਾਂ ਅਤੇ ਆਪਣੇ ਧਰਮ ਦੀ ਰੱਖਿਆ ਲਈ ਨਿਰਸਵਾਰਥ ਕੁਰਬਾਨੀ ਦੀ ਅਦੁੱਤੀ ਮਿਸਾਲ ਹੈ। ਉਨ੍ਹਾਂ ਕਿਹਾ ਕਿ ਇਹ ਇਤਿਹਾਸਕ ਮੌਕਾ ਸਾਨੂੰ ਦੁਨੀਆ ਭਰ ਵਿੱਚ ਗੁਰੂ ਸਾਹਿਬ ਦੇ ਸਰਬ-ਸਾਂਝੀਵਾਲਤਾ, ਨਿਡਰਤਾ ਅਤੇ ਮਨੁੱਖਤਾ ਦੀ ਰੱਖਿਆ ਦੇ ਸੰਦੇਸ਼ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣ ਦਾ ਸੁਨਹਿਰੀ ਮੌਕਾ ਪ੍ਰਦਾਨ ਕਰਦਾ ਹੈ।

ਉਨ੍ਹਾਂ ਸਮੂਹ ਸੰਗਤ ਨੂੰ ਅਪੀਲ ਕੀਤੀ ਕਿ ਇਹ ਸ਼ਤਾਬਦੀ ਸਮਾਗਮ ਕਿਸੇ ਇੱਕ ਸੰਸਥਾ ਦੇ ਨਹੀਂ, ਸਗੋਂ ਸਮੁੱਚੀ ਸਿੱਖ ਕੌਮ ਦੇ ਸਾਂਝੇ ਉਪਰਾਲੇ ਹਨ। ਇਸ ਲਈ ਹਰ ਵਰਗ ਨੂੰ ਇਨ੍ਹਾਂ ਸਮਾਗਮਾਂ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਅਪਾਰ ਕਿਰਪਾ ਸਦਕਾ ਮਿਲਿਆ ਇਹ ਇਤਿਹਾਸਕ ਮੌਕਾ ਬੇਹੱਦ ਸੁਭਾਗਾ ਹੈ ਅਤੇ ਅਜਿਹੇ ਮੌਕੇ ਵਾਰ-ਵਾਰ ਨਹੀਂ ਮਿਲਦੇ। ਉਨ੍ਹਾਂ ਸਮਾਗਮ ਵਿੱਚ ਪਹੁੰਚੀਆਂ ਸਮੂਹ ਮਾਤਾਵਾਂ, ਭੈਣਾਂ ਅਤੇ ਸੰਗਤਾਂ ਦਾ ਧੰਨਵਾਦ ਕਰਦਿਆਂ ਭਰੋਸਾ ਪ੍ਰਗਟਾਇਆ ਕਿ ਭਵਿੱਖ ਵਿੱਚ ਵੀ ਸੰਗਤਾਂ ਦਾ ਇਸੇ ਤਰ੍ਹਾਂ ਭਰਪੂਰ ਸਹਿਯੋਗ ਮਿਲਦਾ ਰਹੇਗਾ ਅਤੇ ਸ਼ਤਾਬਦੀ ਸਮਾਗਮਾਂ ਨੂੰ ਯਾਦਗਾਰੀ ਇਆ ਜਾਵੇਗਾ।

ਸੜਕ ਹਾਦਸੇ ਦੌਰਾਨ ਇਕ ਨਾਬਾਲਗ ਦੀ ਮੌਤ ਦੋ ਜ਼ਖ਼ਮੀ

(ਕੌਸ਼ਲ ਮੱਲ੍ਹਾ) ਹਠੂਰ।





ਸੜਕ ਹਾਦਸੇ ਦੌਰਾਨ ਇਕ ਨਾਬਾਲਗ ਦੀ ਮੌਤ ਦੋ ਜ਼ਖਮੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਨਿਰਮਲ ਸਿੰਘ ਡੱਲਾ ਨੇ ਦੱਸਿਆ ਕਿ ਪਿੰਡ ਡੱਲਾ ਦੇ ਤਿੰਨ ਨਾਬਾਲਗ ਬੱਚੇ ਮੋਟਰਸਾਇਕਲ ਤੇ ਪਿੰਡ ਡੱਲਾ ਤੋ ਚਕਰ ਵੱਲ ਨੂੰ ਜਾ ਰਹੇ ਸਨ ਤਾਂ ਪਿੰਡ ਮੱਲ੍ਹਾ ਅਤੇ ਪਿੰਡ ਚਕਰ ਦੇ ਵਿਚਕਾਰ ਇੱਕ ਸੜਕ ਕਿਨਾਰੇ ਖੜ੍ਹੀ ਟਰਾਲੀ ਨਾਲ ਟਕਰਾ ਗਏ।ਜਿਨ੍ਹਾ ਵਿਚ ਮੋਟਰਸਾਇਕਲ ਚਲਾਉਣ ਵਾਲੇ ਅਨਮੋਲ ਸਿੰਘ (16) ਪੁੱਤਰ ਗੁਰਪ੍ਰੀਤ ਸਿੰਘ ਗੋਪੀ ਵਾਸੀ ਡੱਲਾ ਦੀ ਮੌਕੇ ਤੇ ਹੀ ਮੌਤ ਹੋ ਗਈ ਜਦਕਿ ਸੈਲਪ੍ਰੀਤ ਸਿੰਘ (14) ਪੁੱਤਰ ਬਿੱਟੂ ਸਿੰਘ ਵਾਸੀ ਡੱਲਾ,ਅਭੀਸੇਕ ਸਿੰਘ (14) ਪੁੱਤਰ ਇਕਬਾਲ ਸਿੰਘ ਵਾਸੀ ਡੱਲਾ ਗੰਭੀਰ ਜਖਮੀ ਹਨ।ਜਿਨ੍ਹਾ ਨੂੰ ਜਗਰਾਉ ਦੇ ਇੱਕ ਨਿਜੀ ਹਸਪਤਾਲ ਵਿਚ ਦਾਖਲ ਕਰਵਾ ਦਿੱਤਾ ਗਿਆ ਹੈ।ਮੌਕੇ ਤੇ ਮੌਜੂਦ ਲੋਕਾ ਦਾ ਕਹਿਣਾ ਹੈ ਕਿ ਮੋਟਰਸਾਇਕਲ ਦੀ ਸਪੀਡ ਜਿਆਦਾ ਹੋਣ ਕਰਕੇ ਅਨਮੋਲ ਸਿੰਘ ਤੋ ਮੋਟਰਸਾਇਕਲ ਬੇਕਾਬੂ ਹੋ ਕੇ ਟਰਾਲੀ ਦੇ ਥੱਲੇ ਵੜ ਗਿਆ ਜਿਸ ਨਾਲ ਉਸ ਦੀ ਗਰਦਨ ਟੁੱਟਣ ਕਾਰਨ ਮੌਕੇ ਤੇ ਹੀ ਮੌਤ ਹੋ ਗਈ।

ਚੈਕ ਪੋਸਟ

45 ਸ਼ਰਾਬ ਦੀਆਂ ਪੇਟੀਆਂ ਸਮੇਤ ਦੋ ਕਾਬੂ

(ਕੌਸ਼ਲ ਮੱਲ੍ਹਾ) ਹਠੂਰ। ਪੁਲਿਸ ਥਾਣਾ ਹਠੂਰ ਵੱਲੋ 2 ਨੌਜਵਾਨਾ ਨੂੰ 45 ਸਰਾਬ ਦੀਆ ਪੇਟੀਆ ਸਮੇਂਤ ਕਾਬੂ ਕੀਤਾ ਗਿਆ ਹੈ। ਜਾਣਕਾਰੀ ਦਿੰਦਿਆ ਥਾਣਾ ਹਠੂਰ ਦੇ ਇੰਚਾਰਜ ਗੁਰਸੇਵਕ ਸਿੰਘ ਨੇ ਦੱਸਿਆ ਕਿ ਪੁਲਿਸ ਨੂੰ ਸੂਚਨਾ ਮਿਲੀ ਸੀ ਕਿ ਹਠੂਰ ਇਲਾਕੇ ਵਿਚ ਤਿੰਨ ਨੌਜਵਾਨ ਬਰੀਜਾ ਗੱਡੀ ਤੇ ਸਰਾਬ ਵੇਚਣ ਆ ਰਹੇ ਹਨ ਤਾਂ ਹਠੂਰ ਪੁਲਿਸ ਨੇ ਪਿੰਡ ਲੱਖਾ ਵਿਖੇ ਨਾਕਾ ਲਗਾ ਕੇ ਜਦੋ ਬਰੀਜਾ ਗੱਡੀ ਦੀ ਤਲਾਸੀ ਲਈ ਤਾਂ ਉਸ ਵਿਚੋ 45 ਪੇਟੀਆ (540 ਬੋਤਲਾਂ) ਸਰਾਬ ਬਰਾਮਦ ਕੀਤੀ ਗਈ। ਉਨ੍ਹਾ ਦੱਸਿਆ ਕਿ ਜਸਵਿੰਦਰ ਸਿੰਘ ਉਰਫ ਸ਼ਿੰਦਾ ਪੁੱਤਰ ਜਸਪਾਲ ਸਿੰਘ ਵਾਸੀ ਮੁਹੱਲਾ ਗੁਰੂ ਨਾਨਕ ਪੁਰਾ ਰਾਏਕੋਟ, ਗੁਰਪ੍ਰੀਤ ਸਿੰਘ ਉਰਫ ਗੋਪੀ ਪੁੱਤਰ ਸੁਖਵਿੰਦਰ ਸਿੰਘ ਵਾਸੀ ਕਾਲਸਾ , ਪ੍ਰਗਟ ਸਿੰਘ ਪੁੱਤਰ ਭੋਪਾਲ ਸਿੰਘ ਵਾਸੀ ਸੀਲੋਆਣੀ ਖਿਲਾਫ ਥਾਣਾ ਹਠੂਰ ਵਿਖੇ ਮੁਕੱਦਮਾ ਨੰਬਰ 188 ਧਾਰਾ 61,78 (2) 1-14 ਐਕਸਾਈਜ਼ ਐਕਟ ਤਹਿਤ ਦਰਜ ਕਰਕੇ ਅਗਲੀ ਕਾਰਵਾਈ ਸੂਰ ਕਰ ਦਿੱਤੀ ਹੈ।ਉਨ੍ਹਾ ਦੱਸਿਆ ਕਿ ਜਸਵਿੰਦਰ ਸਿੰਘ ਉਰਫ ਸ਼ਿੰਦਾ ਅਤੇ ਗੁਰਪ੍ਰੀਤ ਸਿੰਘ ਉਰਫ ਗੋਪੀ ਨੂੰ ਗ੍ਰਿਫਤਾਰ ਕਰ ਲਿਆ ਹੈ ਅਤੇ ਪ੍ਰਗਟ ਸਿੰਘ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।



ਚੈਕ ਪੋਸਟ



ਕੁਰਸੀ ਦੀ ਦੌੜ ਛੱਡ ਕੇ ਪੰਜਾਬ ਦੀ ਖ਼ੁਸ਼ਹਾਲੀ ਲਈ ਸਾਂਝੀ ਸਰਕਾਰ ਬਣਾਉਣ ਸਿਆਸਤਦਾਨ : ਦਰਸ਼ਨ ਸਿੰਘ ਰਕਬਾ

(ਦੇਵ ਸਰਾਭਾ) ਲੁਧਿਆਣਾ।

ਮਹਾਰਾਜਾ ਰਣਜੀਤ ਸਿੰਘ ਦੇ ਸਾਂਝੇ ਰਾਜ ਦੀ ਤਰਜ਼ ’ਤੇ ਪੰਜਾਬ ਵਿੱਚ ਸਰਬਸਾਂਝੀ ਸਰਕਾਰ ਬਣਾਉਣ ਦਾ ਦਿੱਤਾ ਸੁਝਾਅ ਪੰਜਾਬ ਗੁਰੂਆਂ, ਪੀਰਾਂ ਅਤੇ ਸ਼ਹੀਦਾਂ ਦੀ ਧਰਤੀ ਹੈ। ਇੱਥੋਂ ਦੇ ਲੋਕਾਂ ਨੇ ਹਮੇਸ਼ਾ ਆਪਣੇ ਹੱਕਾਂ ਲਈ ਸੰਘਰਸ਼ ਕੀਤਾ ਹੈ, ਪਰ ਅੱਜ ਵੀ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਅਤੇ ਆਮ ਲੋਕਾਂ ਨੂੰ ਅਨੇਕਾਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਿੱਖ ਚਿੰਤਕ ਕੌਂਸਲ ਦੇ ਆਗੂ ਦਰਸ਼ਨ ਸਿੰਘ ਰਕਬਾ ਨੇ ਕਰਦਿਆਂ ਪੰਜਾਬ ਦੀਆਂ ਸਮੂਹ ਸਿਆਸੀ ਪਾਰਟੀਆਂ ਨੂੰ ਅਪੀਲ ਕੀਤੀ ਕਿ ਉਹ ਕੁਰਸੀ ਦੀ ਦੌੜ ਛੱਡ ਕੇ ਪੰਜਾਬ ਦੇ ਭਵਿੱਖ ਬਾਰੇ ਗੰਭੀਰਤਾ ਨਾਲ ਸੋਚਣ। ਉਨ੍ਹਾਂ ਕਿਹਾ ਕਿ ਕਿਸਾਨੀ ਸੰਘਰਸ਼ ਦੌਰਾਨ ਸ਼ਹੀਦ ਹੋਏ ਕਿਸਾਨਾਂ ਦੇ ਪਰਿਵਾਰਾਂ ਨੂੰ ਮੁਆਵਜ਼ਾ, ਹਰ ਫ਼ਸਲ ਉੱਤੇ



ਐੱਮ.ਐੱਸ.ਪੀ. ਦੀ ਗਾਰੰਟੀ ਅਤੇ ਕਿਸਾਨਾਂ ਨੂੰ ਉਨ੍ਹਾਂ ਦੀ ਮਿਹਨਤ ਦਾ ਉਚਿਤ ਮੁੱਲ ਮਿਲਣਾ ਚਾਹੀਦਾ ਹੈ। ਇਸੇ ਤਰ੍ਹਾਂ ਨਕੋਦਰ, ਬਹਿਬਲ ਕਲਾਂ, ਬਰਗਾੜੀ, ਕੋਟਕਪੂਰਾ ਅਤੇ ਮੌੜ ਮੰਡੀ ਵਰਗੀਆਂ ਘਟਨਾਵਾਂ ਦੇ ਪੀੜਤ ਪਰਿਵਾਰਾਂ ਨੂੰ ਇਨਸਾਫ਼ ਦਿਵਾਉਣਾ ਸਰਕਾਰਾਂ ਦੀ ਜ਼ਿੰਮੇਵਾਰੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕਾਨੂੰਨ ਵਿਵਸਥਾ ਮਜ਼ਬੂਤ ਹੋਣੀ ਚਾਹੀਦੀ ਹੈ ਅਤੇ ਸ਼ਾਂਤਮਈ ਸੰਘਰਸ਼ ਕਰ ਰਹੇ ਲੋਕਾਂ ਨਾਲ ਪ੍ਰਸ਼ਾਸਨ ਨੂੰ ਸੰਜਮ ਅਤੇ ਜ਼ਿੰਮੇਵਾਰੀ ਨਾਲ ਪੇਸ਼ ਆਉਣਾ ਚਾਹੀਦਾ ਹੈ। ਬੰਦੀ ਸਿੰਘਾਂ ਦੀ ਰਿਹਾਈ, ਭਾਈ ਜਗਤਾਰ ਸਿੰਘ ਹਵਾਰਾ ਅਤੇ ਭਾਈ ਅੰਮ੍ਰਿਤਪਾਲ ਸਿੰਘ ਦੇ ਮਾਮਲਿਆਂ, 1984 ਦੇ ਕਤਲੇਆਮ ਦੇ ਪੀੜਤਾਂ ਨੂੰ ਇਨਸਾਫ਼, ਚੰਡੀਗੜ੍ਹ ਪੰਜਾਬ ਨੂੰ ਦੇਣ, ਪੰਜਾਬੀ ਬੋਲਦੇ ਇਲਾਕਿਆਂ ਨੂੰ ਪੰਜਾਬ ਵਿੱਚ ਸ਼ਾਮਲ ਕਰਨ ਅਤੇ ਪੰਜਾਬ ਦੇ ਪਾਣੀਆਂ ਦੇ ਮਸਲੇ ਹੱਲ ਕਰਨ ਦੀ ਵੀ ਮੰਗ ਕੀਤੀ। ਦਰਸ਼ਨ ਸਿੰਘ ਰਕਬਾ ਨੇ ਕਿਹਾ ਕਿ ਪੰਜਾਬ ਨੂੰ ਆਰਥਿਕ ਪੱਖੋਂ ਮਜ਼ਬੂਤ ਕਰਨ ਲਈ ਖੇਤੀ ਆਧਾਰਿਤ ਸਨਅਤਾਂ ਲਗਾਈਆਂ ਜਾਣ, ਕਿਸਾਨਾਂ ਲਈ ਕੋਲਡ ਸਟੋਰ ਅਤੇ ਗੁਦਾਮ ਬਣਾਏ ਜਾਣ, ਗ਼ਰੀਬਾਂ ਨੂੰ ਸਸਤੇ ਭਾਅ ਉੱਤੇ ਅਨਾਜ ਅਤੇ ਦਵਾਈਆਂ ਮੁਹੱਈਆ ਕਰਵਾਈਆਂ ਜਾਣ ਅਤੇ ਬੇਰੁਜ਼ਗਾਰ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਜਾਣ। ਉਨ੍ਹਾਂ ਸੁਝਾਅ ਦਿੱਤਾ ਕਿ ਮਹਾਰਾਜਾ ਰਣਜੀਤ ਸਿੰਘ ਦੇ ਸਾਂਝੇ ਰਾਜ ਦੀ ਤਰਜ਼ ’ਤੇ ਪੰਜਾਬ ਵਿੱਚ ਅਜਿਹਾ ਸਰਬਸਾਂਝਾ ਪ੍ਰਬੰਧ ਬਣਾਇਆ ਜਾਵੇ, ਜਿਸ ਵਿੱਚ ਹਰ ਧਰਮ ਅਤੇ ਵਰਗ ਦੇ ਲੋਕਾਂ ਨੂੰ ਬਰਾਬਰ ਸਨਮਾਨ ਅਤੇ ਹਿੱਸੇਦਾਰੀ ਮਿਲੇ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਰਬੱਤ ਦੇ ਭਲੇ ਅਤੇ ਭਗਤ ਰਵਿਦਾਸ ਜੀ ਦੇ ਬੇਗਮਪੁਰਾ ਦੇ ਸੰਕਲਪ ਨੂੰ ਅਮਲੀ ਰੂਪ ਦੇਣ ਲਈ ਸਾਰੀਆਂ ਸਿਆਸੀ ਪਾਰਟੀਆਂ ਨੂੰ ਪੰਜਾਬ ਦੀ ਖ਼ੁਸ਼ਹਾਲੀ ਵਾਸਤੇ ਇਕਜੁੱਟ ਹੋਣਾ ਚਾਹੀਦਾ ਹੈ।

ਚੈਕ ਪੋਸਟ

ਕਮਲ ਧਾਲੀਵਾਲ ਨੇ ਇਨਸਾਫ਼ ਰੈਲੀ ਸੰਬੰਧੀ ਕਾਂਗਰਸੀ ਆਗੂਆਂ ਨਾਲ ਕੀਤੀ ਮੀਟਿੰਗ

• ਹਲਕਾ ਅਮਰਗੜ੍ਹ ਤੋਂ ਵੱਡੀ ਗਿਣਤੀ 'ਚ ਸ਼ਮੂਲੀਅਤ ਕਰਨਗੇ ਕਾਂਗਰਸੀ ਆਗੂ 'ਤੇ ਵਰਕਰ : ਕਮਲ ਧਾਲੀਵਾਲ



(ਰਵਿੰਦਰ ਸਿੰਘ ਰੇਸ਼ਮ) ਕੁੱਪ ਕਲਾਂ। ਹਲਕਾ ਅਮਰਗੜ੍ਹ ਤੋਂ ਕਾਂਗਰਸ ਦੇ ਸੀਨੀਅਰ ਆਗੂ ਕਮਲ ਧਾਲੀਵਾਲ ਵੱਲੋਂ ਸ੍ਰੀ ਰਾਹੁਲ ਗਾਂਧੀ ਵੱਲੋਂ ਕੀਤੀ ਜਾ ਰਹੀ ਇਨਸਾਫ਼ ਰੈਲੀ ਸੰਬੰਧੀ ਹਲਕਾ ਅਮਰਗੜ੍ਹ ਦੇ ਕਾਂਗਰਸੀ ਆਗੂਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ। ਇਸ ਦੌਰਾਨ ਹਲਕਾ ਅਮਰਗੜ੍ਹ ਤੋਂ ਰੈਲੀ ਦੀਆਂ ਤਿਆਰੀਆਂ, ਪ੍ਰਬੰਧਾਂ ਅਤੇ ਵੱਧ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਸੰਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਕਮਲ ਧਾਲੀਵਾਲ ਨੇ ਹਾਜ਼ਰ ਆਗੂਆਂ ਅਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਪਿੰਡ-ਪਿੰਡ ਅਤੇ ਘਰ-ਘਰ ਜਾ ਕੇ ਲੋਕਾਂ ਨੂੰ ਰੈਲੀ ਦੇ ਉਦੇਸ਼ਾਂ ਬਾਰੇ ਜਾਣੂ ਕਰਵਾਉਣ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਇਸ ਵਿੱਚ ਸ਼ਮੂਲੀਅਤ ਕਰਨ ਲਈ ਪ੍ਰੇਰਿਤ ਕਰਨ। ਉਨ੍ਹਾਂ ਕਿਹਾ ਕਿ ਇਹ ਰੈਲੀ ਪੰਜਾਬ ਦੇ ਲੋਕਾਂ ਦੀ ਆਵਾਜ਼ ਅਤੇ ਉਨ੍ਹਾਂ ਦੇ ਹੱਕਾਂ ਨਾਲ ਜੁੜੇ ਮੁੱਦਿਆਂ ਨੂੰ ਉਭਾਰਨ ਦਾ ਅਹਿਮ ਮੰਚ ਸਾਬਿਤ ਹੋਵੇਗੀ। ਉਨ੍ਹਾਂ ਕਿਹਾ ਕਿ ਹਲਕਾ ਅਮਰਗੜ੍ਹ ਤੋਂ ਕਾਂਗਰਸੀ ਵਰਕਰ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਇਸ ਰੈਲੀ ਵਿੱਚ ਸ਼ਮੂਲੀਅਤ ਕਰਨਗੇ। ਮੀਟਿੰਗ ਦੌਰਾਨ ਹਾਜ਼ਰ ਆਗੂਆਂ 'ਤੇ ਵਰਕਰਾਂ ਨੇ ਇਕਜੁੱਟਤਾ ਦਾ ਦਿੱਤਾ ਸਬੂਤ। ਇਸ ਮੌਕੇ ਕੌਂਸਲਰ ਵਿੱਕੀ ਟੰਡਨ, ਸਾਬਕਾ ਚੇਅਰਮੈਨ ਹਰਜਿੰਦਰ ਸਿੰਘ ਕਾਕਾ ਨੱਥੂਮਾਜਰਾ, ਅਹਿਮਦਗੜ੍ਹ ਦਿਹਾਂਤੀ ਦੇ ਬਲਾਕ ਪ੍ਰਧਾਨ ਰੁਪਿੰਦਰ ਸਿੰਘ ਪਿੰਦੂ ਕੰਗਣਵਾਲ, ਸਰਪੰਚ ਸਗੀਰ ਖਾਨ ਹਾਜੀ , ਕੌਂਸਲਰ ਰਿੰਪੀ ਕੜਵਲ, ਕੌਂਸਲਰ ਕੱਮਿਕਰ ਰਾਮ, ਸਾਬਕਾ ਬਲਾਕ ਸੰਮਤੀ ਮੈਂਬਰ ਕਮਲ ਕੰਗਣਵਾਲ, ਸਾਬਕਾ ਸਰਪੰਚ ਜਗਦੇਵ ਸਿੰਘ ਅਕਬਰਪੁਰ , ਸਾਬਕਾ ਕੌਂਸਲਰ ਕਿੱਟੂ ਥਾਪਰ,ਬਲਾਕ ਸੰਮਤੀ ਮੈਂਬਰ ਰਵਿੰਦਰ ਸਿੰਘ ਭੁੱਲਰ, ਸਾਬਕਾ ਸਰਪੰਚ ਰੋਮੀ ਹਥੋਆ, ਕੈਪਟਨ ਦਰਸ਼ਨ ਸਿੰਘ ਹਥੋਆ, ਸਤੀਸ਼ ਢੰਡ ਜੰਡਾਲੀ ਕਲਾਂ, ਹੈਪੀ ਬੁੰਗਾ , ਪਿੰਥੀਪਾਲ ਸਿੰਘ ਬੁੰਗਾ ,ਪੰਚ ਸ਼ੇਰ ਖਾਨ ਦਹਿਲੀਜ਼ ਕਲਾਂ , ਸਰਪੰਚ ਜਸਵੀਰ ਸਿੰਘ ਜੰਡਾਲੀ ਖੁਰਦ, ਹਰਵਿੰਦਰ ਸਿੰਘ ਦਹਿਲੀਜ਼ ਖੁਰਦ (ਗੋਲਾ ਨੰਬਰਦਾਰ), ਚੂਹੜ ਸਿੰਘ ਕੁੱਪ ਕਲਾਂ, ਸੀਨੀਅਰ ਕਾਂਗਰਸੀ ਆਗੂ ਨਿਰਮਲ ਸਿੰਘ ਕੁੱਪ ਕਲਾਂ, ਗੁਰਪ੍ਰੀਤ ਸਿੰਘ ਚੌਪੜਾ, ਗੁਰਮੀਤ ਸਿੰਘ ਲਸੋਈ, ਬੇਅੰਤ ਸਿੰਘ ਜਾਗੋਵਾਲ, ਕਰਨੈਲ ਸਿੰਘ ਭੋਗੀਵਾਲ,ਪੰਚ ਹਰਿੰਦਰ ਸਿੰਘ ਬਾਲੇਵਾਲ, ਡਾ. ਸੁਖਵਿੰਦਰ ਸਿੰਘ ਬਾਲੇਵਾਲ, ਭਗਵਾਨ ਸਿੰਘ ਬਾਲੇਵਾਲ, ਬੰਟੀ ਅਹਿਮਦਗੜ੍ਹ ਛੰਨਾ, ਸਾਹਿਲ ਅਹਿਮਦਗੜ੍ਹ, ਸਾਬਕਾ ਬਲਾਕ ਸੰਮਤੀ ਮੈਂਬਰ ਰੂਪ ਸਿੰਘ ਕੁੱਪ ਕਲਾਂ, ਬਲਵੀਰ ਸਿੰਘ ਦਹਿਲੀਜ਼ ਖੁਰਦ, ਸੁਖਵਿੰਦਰ ਸਿੰਘ ਭੋਗੀਵਾਲ, ਡਾ. ਹਰਦੀਪ ਸਿੰਘ, ਵਿਸ਼ਾਲ ਥਾਪਰ ਦਹਿਲੀਜ਼ ਕਲਾਂ ਸਮੇਤ ਹੋਰ ਕਾਂਗਰਸੀ ਵਰਕਰ ਮੌਜੂਦ ਸਨ।

ਪੀਏਯੂ ਯੁਵਕ ਮੇਲੇ ਦੇ ਦੂਸਰੇ ਦਿਨ ਸਿਰਜਣਾ ਅਤੇ ਕਲਾ ਦੇ ਰੰਗ ਬਿਖਰੇ





(ਨਿਊਜ਼ ਚੈਕ ਪੋਸਟ) ਲੁਧਿਆਣਾ। ਅੱਜ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਖੇ ਜਾਰੀ ਯੁਵਕ ਮੇਲੇ ਦੇ ਦੂਸਰੇ ਦਿਨ ਵਿਦਿਆਰਥੀਆਂ ਨੇ ਫੋਟੋਗ੍ਰਾਫੀ, ਮੌਕੇ 'ਤੇ ਪੇਂਟਿੰਗ, ਕੈਲੀਗ੍ਰਾਫੀ, ਕਾਰਟੂਨਿੰਗ, ਰੰਗੋਲੀ, ਮਹਿੰਦੀ, ਭਾਸ਼ਣ ਅਤੇ ਐਕਸਟੈਂਪੋਰ ਵਰਗੀਆਂ ਵੰਨਗੀਆਂ ਵਿੱਚ ਆਪਣੇ ਹੁਨਰ ਅਤੇ ਸਿਰਜਣਾ ਦਾ ਪ੍ਰਦਰਸ਼ਨ ਕੀਤਾ। ਪਹਿਲੇ ਦਿਨ ਵਿਦਿਆਰਥੀਆਂ ਨੇ ਸ਼ਬਦ ਗਾਇਨ (ਸੋਲੋ ਅਤੇ ਸਮੂਹ), ਪੋਸਟਰ ਮੇਕਿੰਗ, ਕੋਲਾਜ ਮੇਕਿੰਗ, ਕਲੇਅ ਮਾਡਲਿੰਗ, ਕਾਵਿ ਉਚਾਰਨ ਅਤੇ ਹਾਸ ਰਸ ਆਦਿ ਮੁਕਾਬਲਿਆਂ ਵਿਚ ਭਾਗ ਲਿਆ।

ਪੀਏਯੂ ਨਾਲ ਸੰਬੰਧਿਤ ਛੇ ਕਾਲਜਾਂ, ਖੇਤੀਬਾੜੀ ਕਾਲਜ, ਬਾਗਬਾਨੀ ਕਾਲਜ, ਖੇਤੀ ਇੰਜਨੀਅਰਿੰਗ ਕਾਲਜ, ਬੇਸਿਕ ਸਾਇੰਸਜ਼ ਕਾਲਜ, ਕਮਿਊਨਿਟੀ ਸਾਇੰਸ ਕਾਲਜ, ਖੇਤੀਬਾੜੀ ਕਾਲਜ, ਬੱਲੋਵਾਲ ਸੌਂਖੜੀ ਅਤੇ ਬਾਹਰੀ ਸੰਸਥਾਵਾਂ ਦੇ ਵਿਦਿਆਰਥੀ ਜੋਸ਼ ਅਤੇ ਉਤਸ਼ਾਹ ਨਾਲ ਹਿੱਸਾ ਲੈ ਰਹੇ ਹਨ।

ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ, ਪੀਏਯੂ ਦੇ ਵਾਈਸ-ਚਾਂਸਲਰ ਡਾ. ਹਰਵਿੰਦਰ ਸਿੰਘ ਧਾਲੀਵਾਲ ਨੇ ਨੌਜਵਾਨਾਂ ਨੂੰ ਇਸ ਦੇਸ਼ ਦਾ ਭਵਿੱਖ ਅਤੇ ਮਾਣ ਕਿਹਾ। ਉਨ੍ਹਾਂ ਕਿਹਾ ਕਿ ਯੁਵਕ ਮੇਲੇ ਦਾ ਸ਼ਾਨਦਾਰ ਆਯੋਜਨ ਨੌਜਵਾਨਾਂ ਨੂੰ ਆਪਣੇ ਹੁਨਰ ਨੂੰ ਪ੍ਰਗਟ ਕਰਨ, ਪ੍ਰਤਿਭਾ ਦੇ ਪ੍ਰਦਰਸ਼ਨ, ਗਿਆਨ ਨੂੰ ਵਿਸ਼ਾਲ ਕਰਨ, ਸਵੈ-ਵਿਸ਼ਵਾਸ ਵਿਕਸਤ ਕਰਨ ਅਤੇ ਸਬੰਧਤ ਖੇਤਰ ਵਿੱਚ ਆਪਣੇ ਲਈ ਯੋਗ ਸਥਾਨ ਬਣਾਉਣ ਦੇ ਯੋਗ ਬਣਾਉਣ ਲਈ ਤਿਆਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਭਾਵੇਂ ਪੀਏਯੂ ਖੇਤੀਬਾੜੀ ਖੋਜ ਅਤੇ ਵਿਗਿਆਨ ਦੀ ਯੂਨੀਵਰਸਿਟੀ ਹੈ, ਫਿਰ ਵੀ ਇਸਨੇ ਵਿਦਿਆਰਥੀਆਂ ਨੂੰ ਸਦਾ ਪਾਠਕ੍ਰਮ ਤੋਂ ਬਾਹਰਲੀਆਂ ਗਤੀਵਿਧੀਆਂ ਨਾਲ ਜੋੜਿਆ ਹੈ। ਯੁਵਕ ਮੇਲਾ ਪੀ ਏ ਯੂ ਦੀ ਅਮੀਰ ਵਿਰਾਸਤ ਦਾ ਅਹਿਮ ਹਿੱਸਾ ਹੈ। ਮੌਜੂਦਾ ਸਮੇਂ ਵਿੱਚ ਸਮੁੱਚੇ ਸ਼ਖਸੀ ਵਿਕਾਸ ਲਈ ਅਕਾਦਮਿਕ ਅਤੇ ਸਹਿਗਤੀਵਿਧੀਆਂ ਵਿੱਚ ਸੰਤੁਲਨ ਬਣਾਈ ਰੱਖਣ ਦੀ ਮੰਗ ਕੀਤੀ ਜਾਂਦੀ ਹੈ।

ਅੱਜ ਸ਼ਾਮ ਦੇ ਸੈਸ਼ਨ ਦੇ ਮੁੱਖ ਮਹਿਮਾਨ ਡਾ. ਮਨਜੀਤ ਸਿੰਘ, ਡੀਨ ਖੇਤੀ ਇੰਜਨੀਅਰਿੰਗ ਕਾਲਜ ਸਨ। ਉਨ੍ਹਾਂ ਨੇ ਨੌਜਵਾਨ ਕਲਾਕਾਰਾਂ ਦੀ ਜੀਵਨ ਦੇ ਹਰ ਪਹਿਲੂ ਨੂੰ ਪ੍ਰਗਟਾਉਣ, ਨਿੱਜੀ ਵਿਕਾਸ, ਖੇਡਾਂ, ਕੁਦਰਤ, ਸੁੰਦਰਤਾ, ਸੱਭਿਆਚਾਰ ਆਦਿ ਰਾਹੀਂ ਸਰੀਰਕ ਅਤੇ ਭਾਵਨਾਤਮਕ ਤੰਦਰੁਸਤੀ ਜ਼ਿੰਦਾ ਰੱਖਣ ਲਈ ਪ੍ਰਸ਼ੰਸਾ ਕੀਤੀ। ਬਾਅਦ ਵਿੱਚ ਉਨ੍ਹਾਂ ਨੇ ਵੱਖ-ਵੱਖ ਮੁਕਾਬਲਿਆਂ ਦੇ ਜੇਤੂਆਂ ਨੂੰ ਸਰਟੀਫਿਕੇਟ ਵੰਡੇ।

ਵਿਦਿਆਰਥੀ ਭਲਾਈ ਨਿਰਦੇਸ਼ਕ ਡਾ ਕਮਲਜੀਤ ਸਿੰਘ ਸੂਰੀ ਨੇ ਆਪਣੇ ਸਵਾਗਤੀ ਭਾਸ਼ਣ ਵਿੱਚ ਯੁਵਕ ਮੇਲੇ ਨੂੰ ਸਾਲ ਦਾ ਸਭ ਤੋਂ ਵੱਧ ਉਡੀਕਿਆ ਜਾਣ ਵਾਲਾ ਸਮਾਗਮ ਕਿਹਾ, ਜੋ ਉਤਸੁਕਤਾ ਪੈਦਾ ਕਰਦਾ, ਪ੍ਰਤਿਭਾ ਨੂੰ ਨਿਖਾਰਦਾ ਹੈ ਅਤੇ ਨੌਜਵਾਨਾਂ ਦੀਆਂ ਬੌਧਿਕ ਅਤੇ ਸੱਭਿਆਚਾਰਕ ਯੋਗਤਾਵਾਂ ਦਾ ਪ੍ਰਦਰਸ਼ਨ ਕਰਦਾ ਹੈ। ਡਾ. ਰੁਪਿੰਦਰ ਕੌਰ, ਐਸੋਸੀਏਟ ਡਾਇਰੈਕਟਰ (ਸੱਭਿਆਚਾਰ) ਅਤੇ ਸਤਵੀਰ ਸਿੰਘ, ਰਜਿਸਟਰਿੰਗ ਅਫਸਰ, ਨੇ ਦੱਸਿਆ ਕਿ ਰਸਮੀ ਉਦਘਾਟਨ 4 ਨਵੰਬਰ ਨੂੰ ਹੋਵੇਗਾ। ਪੋਸਟਰ ਮੇਕਿੰਗ ਵਿੱਚ, ਪੁਨਿਆ ਸੂਦ (ਕਮਿਊਨਿਟੀ ਸਾਇੰਸ ਕਾਲਜ), ਵਿਪਨਦੀਪ ਕੌਰ ਅਤੇ ਹਿਮਾਂਸ਼ੀ ਵਰਮਾ (ਖੇਤੀਬਾੜੀ ਕਾਲਜ) ਨੇ ਪਹਿਲੇ ਤਿੰਨ ਸਥਾਨ ਪ੍ਰਾਪਤ ਕੀਤੇ, ਜਦੋਂ ਕਿ ਕਲੇ ਮਾਡਲਿੰਗ ਵਿੱਚ, ਵਰੁਣ ਕਸ਼ਯਪ (ਖੇਤੀ ਇੰਜਨੀਅਰਿੰਗ ਕਾਲਜ), ਭਵਨਪ੍ਰੀਤ ਕੌਰ (ਬੇਸਿਕ ਸਾਇੰਸਿਸ ਕਾਲਜ), ਅਤੇ ਸੁਹਾਨੀ ਸਿੰਗਲਾ (ਖੇਤੀ ਇੰਜੀਨੀਅਰਿੰਗ ਕਾਲਜ) ਨੇ ਪਹਿਲੇ ਤਿੰਨ ਸਥਾਨ ਪ੍ਰਾਪਤ ਕੀਤੇ। ਅੰਸ਼ਿਧਾ ਅਤੇ ਨੰਦਨਾ ਮੋਹਨ (ਖੇਤੀਬਾੜੀ ਕਾਲਜ) ਦੇ ਨਾਲ-ਨਾਲ ਖੁਸ਼ਨੂਰ ਸਿੰਘ (ਖੇਤੀਬਾੜੀ ਕਾਲਜ ਅਤੇ ਬੇਸਿਕ ਸਾਇੰਸ ਕਾਲਜ) ਨੇ ਡੂਡਲਿੰਗ ਵਿੱਚ ਪਹਿਲੇ ਤਿੰਨ ਇਨਾਮ ਪ੍ਰਾਪਤ ਕੀਤੇ, ਜਦੋਂ ਕਿ ਕੋਲਾਜ ਮੇਕਿੰਗ ਵਿੱਚ, ਚੇਸਟੀ ਅਤੇ ਫਾਤਿਮਾ (ਖੇਤੀਬਾੜੀ ਕਾਲਜ) ਦੇ ਨਾਲ-ਨਾਲ ਜੈਸਮੀਨ ਕੌਰ (ਬਾਗਬਾਨੀ ਕਾਲਜ) ਨੇ ਪਹਿਲੇ ਤਿੰਨ ਇਨਾਮ ਜਿੱਤੇ। ਦਵਿੰਦਰਪਾਲ ਸਿੰਘ (ਖੇਤੀਬਾੜੀ ਕਾਲਜ), ਰਮਨਜੋਤ ਕੌਰ (ਕਮਿਊਨਿਟੀ ਸਾਇੰਸ ਕਾਲਜ) ਅਤੇ ਅਨਮੋਲਪ੍ਰੀਤ ਕੌਰ (ਖੇਤੀ ਇੰਜੀਨੀਅਰਿੰਗ ਕਾਲਜ) ਨੇ ਕਾਵਿ ਪਾਠ ਵਿੱਚ ਪਹਿਲੇ ਤਿੰਨ ਇਨਾਮ ਜਿੱਤੇ, ਜਦੋਂ ਕਿ ਅਰਮਾਨ ਸੂਦ (ਬਾਗਵਾਨੀ ਕਾਲਜ), ਸਤਵੀਰ ਕੌਰ (ਕਮਿਊਨਿਟੀ ਸਾਇੰਸ ਕਾਲਜ) ਅਤੇ ਅਰਸ਼ਦੀਪ ਸਿੰਘ (ਖੇਤੀਬਾੜੀ ਕਾਲਜ ਅਤੇ ਬੇਸਿਕ ਸਾਇੰਸ ਕਾਲਜ) ਨੇ ਹਸ ਰਾਸ ਵਿੱਚ ਪਹਿਲੇ ਤਿੰਨ ਸਥਾਨ ਜਿੱਤੇ।

ਪੰਜਾਬ ਦੀ ਤਰੱਕੀ ਵਿੱਚ ਯੋਗਦਾਨ ਪਾਉਣ ਵਾਲੀਆਂ 35 ਸੇਵਾ ਮੁਕਤ ਸ਼ਖ਼ਸੀਅਤਾਂ ਸੁੰਦਰ ਸ਼ਾਮ ਅਰੋੜਾ ਵੱਲੋਂ ਸਨਮਾਨਿਤ



(ਤਰਸੇਮ ਦੀਵਾਨਾ) ਹੁਸ਼ਿਆਰਪੁਰ। ਪੰਜਾਬ ਦਿਵਸ ਮੌਕੇ ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਸੁੰਦਰ ਸ਼ਾਮ ਅਰੋੜਾ ਵੱਲੋਂ ਵਿਸ਼ੇਸ਼ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਦੌਰਾਨ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਲੰਬੇ ਸਮੇਂ ਤੱਕ ਸੇਵਾਵਾਂ ਨਿਭਾਉਣ ਵਾਲੀਆਂ 35 ਸੇਵਾਮੁਕਤ ਸ਼ਖ਼ਸੀਅਤਾਂ ਨੂੰ ਉਨ੍ਹਾਂ ਦੇ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਸਨਮਾਨ ਪ੍ਰਾਪਤ ਕਰਨ ਵਾਲਿਆਂ ਵਿੱਚ ਸਿੱਖਿਆ, ਸਿਹਤ, ਪੁਲਿਸ, ਬਿਜਲੀ ਬੋਰਡ, ਪੰਜਾਬ ਰੋਡਵੇਜ਼, ਮਾਲ ਵਿਭਾਗ, ਸਿੰਚਾਈ, ਬੈਂਕਿੰਗ ਅਤੇ ਹੋਰ ਸਰਕਾਰੀ ਅਦਾਰਿਆਂ ਦੇ ਸਾਬਕਾ ਅਧਿਕਾਰੀ ਤੇ ਕਰਮਚਾਰੀ ਸ਼ਾਮਲ ਸਨ। ਇਨ੍ਹਾਂ ਵਿੱਚ ਸੇਵਾਮੁਕਤ ਪ੍ਰਿੰਸੀਪਲ, ਪ੍ਰੋਫੈਸਰ, ਸਿਹਤ ਅਧਿਕਾਰੀ ਅਤੇ ਚੀਫ਼ ਇੰਜੀਨੀਅਰ ਵੀ ਮੌਜੂਦ ਸਨ। ਸੁੰਦਰ ਸ਼ਾਮ ਅਰੋੜਾ ਨੇ ਕਿਹਾ ਕਿ ਪੰਜਾਬ ਦੀ ਤਰੱਕੀ ਅਤੇ ਖੁਸ਼ਹਾਲੀ ਵਿੱਚ ਸਰਕਾਰੀ ਸੇਵਾਵਾਂ ਨਿਭਾਉਣ ਵਾਲੀਆਂ ਸ਼ਖ਼ਸੀਅਤਾਂ ਦਾ ਅਹਿਮ ਯੋਗਦਾਨ ਰਿਹਾ ਹੈ। ਇਨ੍ਹਾਂ ਲੋਕਾਂ ਨੇ ਆਪਣੀ ਜ਼ਿੰਦਗੀ ਦੇ ਕੀਮਤੀ ਵਰ੍ਹੇ ਪੰਜਾਬ ਦੇ ਵਿਕਾਸ ਅਤੇ ਲੋਕਾਂ ਦੀ ਸੇਵਾ ਲਈ ਸਮਰਪਿਤ ਕੀਤੇ ਹਨ। ਉਨ੍ਹਾਂ ਦੀ ਮਿਹਨਤ, ਤਜਰਬੇ ਅਤੇ ਜ਼ਿੰਮੇਵਾਰੀ ਨਾਲ ਨਿਭਾਈ ਡਿਊਟੀ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਅਧਿਆਪਕਾਂ ਨੇ ਪੀੜ੍ਹੀਆਂ ਦਾ ਭਵਿੱਖ ਸੰਵਾਰਿਆ, ਸਿਹਤ ਵਿਭਾਗ ਦੇ ਕਰਮਚਾਰੀਆਂ ਨੇ ਲੋਕਾਂ ਦੀ ਸਿਹਤ ਸੰਭਾਲ ਕੀਤੀ ਅਤੇ ਇੰਜੀਨੀਅਰਾਂ ਨੇ ਸੂਬੇ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਯੋਗਦਾਨ ਪਾਇਆ। ਇਸੇ ਤਰ੍ਹਾਂ ਪੁਲਿਸ, ਬਿਜਲੀ, ਰੋਡਵੇਜ਼ ਅਤੇ ਹੋਰ ਵਿਭਾਗਾਂ ਦੇ ਮੁਲਾਜ਼ਮਾਂ ਦੀਆਂ ਸੇਵਾਵਾਂ ਵੀ ਸਮਾਜ ਲਈ ਬੇਹੱਦ ਮਹੱਤਵਪੂਰਨ ਰਹੀਆਂ ਹਨ। ਸੁੰਦਰ ਸ਼ਾਮ ਅਰੋੜਾ ਨੇ ਕਿਹਾ ਕਿ ਪੰਜਾਬ ਦਿਵਸ ਆਪਣੇ ਇਤਿਹਾਸ, ਵਿਰਾਸਤ ਅਤੇ ਸੱਭਿਆਚਾਰ ਨਾਲ ਜੁੜਨ ਦਾ ਮੌਕਾ ਹੈ। ਸਮਾਜ ਲਈ ਇਮਾਨਦਾਰੀ ਅਤੇ ਸਮਰਪਣ ਨਾਲ ਕੰਮ ਕਰਨ ਵਾਲੀਆਂ ਸ਼ਖ਼ਸੀਅਤਾਂ ਦਾ ਸਨਮਾਨ ਕਰਨਾ ਸਾਡਾ ਨੈਤਿਕ ਫਰਜ਼ ਹੈ। ਅਜਿਹੇ ਉਪਰਾਲੇ ਨਵੀਂ ਪੀੜ੍ਹੀ ਨੂੰ ਵੀ ਲੋਕ ਸੇਵਾ ਲਈ ਪ੍ਰੇਰਿਤ ਕਰਦੇ ਹਨ। ਸਨਮਾਨਿਤ ਹੋਣ ਵਾਲਿਆਂ ਪ੍ਰਮੁੱਖ ਸ਼ਖ਼ਸੀਅਤਾਂ ਵਿੱਚ ਡਾ. ਪਰਮਜੀਤ ਸਿੰਘ, ਸਤਨਾਮ ਸਿੰਘ, ਪ੍ਰੋ. ਕਤਿਆਲ, ਐੱਚ.ਐੱਸ. ਪਰਮਾਰ, ਜਸਵਿੰਦਰ ਸਿੰਘ, ਬਲਵਿੰਦਰ ਕੁਮਾਰ, ਪਰਵਿੰਦਰ ਸਿੰਘ ਖੰਬਾ, ਨਰੇਸ਼ ਗੁਪਤਾ, ਕ੍ਰਿਸ਼ਨ ਮਨੋਚਾ, ਕੇਵਲ ਸਿੰਘ, ਨਿਰਮਲ ਦਾਸ, ਨਰਿੰਦਰ ਕੁਮਾਰ, ਧਰਮਪਾਲ, ਵਿਨੋਦ ਕੁਮਾਰ, ਰਾਜਨ ਪ੍ਰਦੀਪ, ਖੁਸ਼ਬੀਰ ਸਿੰਘ, ਐੱਸ.ਪੀ. ਦੀਵਾਨ, ਪਰਬਤਾਰੋਹੀ ਗੁਰਚਰਨ ਸਿੰਘ, ਜੈ ਪ੍ਰਕਾਸ਼ ਸ਼ਰਮਾ ਅਤੇ ਗੁਰਦੇਵ ਸਿੰਘ ਸਮੇਤ ਹੋਰ ਪਤਵੰਤੇ ਸ਼ਾਮਲ ਸਨ। ਇਸ ਮੌਕੇ ਸਨਮਾਨਿਤ ਸ਼ਖ਼ਸੀਅਤਾਂ ਨੇ ਸੁੰਦਰ ਸ਼ਾਮ ਅਰੋੜਾ ਦਾ ਧੰਨਵਾਦ ਕਰਦਿਆਂ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

ਖੇਤਰੀ ਯੁਵਕ ਮੇਲੇ ਦੌਰਾਨ ਸ਼ਬਦ ਕੀਰਤਨ ਮੁਕਾਬਲੇ ਦੇ ਜੇਤੂ ਨਗਦ ਇਨਾਮਾਂ ਨਾਲ ਸਨਮਾਨਿਤ



(ਜਗਸੀਰ ਸਿੰਘ) ਲੌਂਗੋਵਾਲ। ਪੰਜਾਬੀ ਯੂਨੀਵਰਸਿਟੀ ਦੇ ਸੰਗਰੂਰ ਜ਼ੋਨ ਦੇ ਖੇਤਰੀ ਯੁਵਕ ਮੇਲੇ ਦੌਰਾਨ ਸੰਤ ਬਾਬਾ ਅਤਰ ਸਿੰਘ ਜੀ ਦੀ 100ਵੀਂ ਬਰਸੀ ਸਮਾਗਮਾਂ ਨੂੰ ਸਮਰਪਿਤ ਕਰਵਾਏ ਗਏ ਗਰੁੱਪ ਸ਼ਬਦ ਗਾਇਨ ਮੁਕਾਬਲੇ ਬੇਹੱਦ ਉਤਸ਼ਾਹਪੂਰਵਕ ਮਾਹੌਲ ਵਿੱਚ ਸੰਪੰਨ ਹੋਏ। ਇਸ ਮੌਕੇ ਅਕਾਲ ਕਾਲਜ ਕੌਂਸਲ ਗੁਰਸਾਗਰ ਮਸਤੂਆਣਾ ਸਾਹਿਬ ਵੱਲੋਂ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੀਆਂ ਜੇਤੂ ਟੀਮਾਂ ਨੂੰ ਵਿਸ਼ੇਸ਼ ਤੌਰ 'ਤੇ ਟਰਾਫੀਆਂ ਅਤੇ ਵੱਡੇ ਨਗਦ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਕਾਲਜ ਪ੍ਰਿੰਸੀਪਲ ਡਾ. ਅਮਨਦੀਪ ਕੌਰ, ਡਾਇਰੈਕਟਰ ਡਾ. ਮੇਜਰ ਸਿੰਘ ਚੱਠਾ ਅਤੇ ਯੁਵਕ ਭਲਾਈ ਵਿਭਾਗ ਦੇ ਇੰਚਾਰਜ ਡਾ. ਹਰਜਿੰਦਰ ਸਿੰਘ ਨੇ ਦੱਸਿਆ ਕਿ ਅਕਾਲ ਕਾਲਜ ਕੌਂਸਲ ਦੇ ਸਕੱਤਰ ਸ੍ਰ. ਜਸਵੰਤ ਸਿੰਘ ਖਹਿਰਾ ਦੀ ਅਗਵਾਈ ਹੇਠ ਇਹਨਾਂ ਨਗਦ ਇਨਾਮਾਂ ਅਤੇ ਟਰਾਫੀਆਂ ਦੇਣ ਦਾ ਐਲਾਨ ਸੰਤ ਬਾਬਾ ਅਤਰ ਸਿੰਘ ਜੀ ਦੀ 100ਵੀਂ ਬਰਸੀ ਨੂੰ ਸਮਰਪਿਤ ਪਹਿਲਾਂ ਹੀ ਕੀਤਾ ਗਿਆ ਸੀ। ਇਹ ਸਨਮਾਨ ਪ੍ਰਾਪਤ ਕਰਨ ਵਾਲੀਆਂ ਟੀਮਾਂ ਵਿੱਚ ਪਹਿਲਾ ਸਥਾਨ ਅਕਾਲ ਡਿਗਰੀ ਕਾਲਜ, ਮਸਤੂਆਣਾ ਸਾਹਿਬ 21,000 ਰੁਪਏ, ਦੂਜਾ ਸਥਾਨ ਸਰਕਾਰੀ ਰਿਪੁਦਮਨ ਕਾਲਜ, ਨਾਭਾ 15,000 ਰੁਪਏ ਅਤੇ ਤੀਜਾ ਸਥਾਨ ਸ਼ਹੀਦ ਉਧਮ ਸਿੰਘ ਸਰਕਾਰੀ ਕਾਲਜ, ਸੁਨਾਮ 10,000 ਰੁਪਏ ਨੇ ਪ੍ਰਾਪਤ ਕੀਤਾ।

ਇਸ ਮੌਕੇ ਡਾ. ਸਾਰਿਕਾ ਜੈਨ, ਪ੍ਰੋ. ਜਸਵਿੰਦਰ ਸਿੰਘ, ਸੰਗੀਤ ਵਿਭਾਗ ਦੇ ਪ੍ਰੋ. ਨਿਸ਼ਾ, ਪ੍ਰੋ. ਹਰਜੀਤ ਕੌਰ ਸਮੇਤ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ, ਜਿਨ੍ਹਾਂ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

ਅਕਾਲ ਅਕੈਡਮੀ ਫਤਿਹਗੜ੍ਹ ਗੰਢੂਆਂ ਦੀ ਅਗਮਪ੍ਰੀਤ ਕੌਰ ਨੇ ਰਾਜ ਪੱਧਰੀ ਤੀਰਅੰਦਾਜ਼ੀ ਮੁਕਾਬਲਿਆਂ 'ਚ ਜਿੱਤਿਆ ਕਾਂਸੀ ਦਾ ਤਮਗਾ

• ਪਹਿਲੇ ਸਾਲ ਤੀਰਅੰਦਾਜ਼ੀ ਵਿੱਚ ਮਿਲੀ ਸ਼ਾਨਦਾਰ ਸਫਲਤਾ, ਖੁਸ਼ੀ ਦੀ ਲਹਿਰ

(ਜਗਸੀਰ ਸਿੰਘ) ਲੌਂਗੋਵਾਲ। ਕਲਗੀਧਰ ਟਰੱਸਟ ਬੜੂ ਸਾਹਿਬ ਵੱਲੋਂ ਸੰਚਾਲਿਤ ਅਕਾਲ ਅਕੈਡਮੀ ਫਤਿਹਗੜ੍ਹ ਗੰਢੂਆਂ ਦੀ ਅੱਠਵੀਂ ਜਮਾਤ ਦੀ ਹੋਣਹਾਰ ਵਿਦਿਆਰਥਣ ਅਗਮਪ੍ਰੀਤ ਕੌਰ ਨੇ 70ਵੀਆਂ ਪੰਜਾਬ ਰਾਜ ਪੱਧਰੀ ਸਕੂਲ ਖੇਡਾਂ ਦੇ ਤੀਰਅੰਦਾਜ਼ੀ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਂਸੀ ਦਾ ਤਮਗਾ ਜਿੱਤ ਕੇ ਅਕੈਡਮੀ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਇਹ ਮੁਕਾਬਲੇ ਕੇਸੀਟੀ ਕਾਲਜ, ਫਤਿਹਗੜ੍ਹ, ਜ਼ਿਲ੍ਹਾ ਸੰਗਰੂਰ ਵਿਖੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਅਗਮਪ੍ਰੀਤ ਕੌਰ ਨੇ ਅੰਡਰ-14 ਉਮਰ ਵਰਗ ਦੇ ਇੰਡੀਅਨ ਰਾਊਂਡ ਗਰਲਜ਼ ਟੀਮ ਮੁਕਾਬਲੇ ਵਿੱਚ ਤੀਜਾ ਸਥਾਨ ਹਾਸਲ ਕਰਕੇ ਕਾਂਸੀ ਦਾ ਤਮਗਾ ਆਪਣੇ ਨਾਮ ਕੀਤਾ। ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਦੇ ਪ੍ਰਿੰਸੀਪਲ ਅਨੁਰਾਧਾ ਬੱਬਰ ਨੇ ਅਗਮਪ੍ਰੀਤ ਕੌਰ, ਉਸ ਦੇ ਮਾਪਿਆਂ ਅਤੇ ਕੋਚ ਗਗਨਦੀਪ ਸਿੰਘ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਅਕੈਡਮੀ ਲਈ ਬੇਹੱਦ ਮਾਣ ਵਾਲੀ ਗੱਲ ਹੈ ਕਿ ਸਕੂਲ ਵਿੱਚ ਇਸੇ ਸਾਲ ਤੀਰਅੰਦਾਜ਼ੀ ਦੀ ਖੇਡ ਦੀ ਸ਼ੁਰੂਆਤ ਕੀਤੀ ਗਈ ਹੈ ਅਤੇ ਪਹਿਲੇ ਹੀ ਸਾਲ ਵਿਦਿਆਰਥਣ ਵੱਲੋਂ ਰਾਜ ਪੱਧਰੀ ਮੁਕਾਬਲਿਆਂ ਵਿੱਚ ਤਮਗਾ ਜਿੱਤਣਾ ਇੱਕ ਵੱਡੀ ਪ੍ਰਾਪਤੀ ਹੈ। ਉਨ੍ਹਾਂ ਕੋਚ ਗਗਨਦੀਪ ਸਿੰਘ ਦੀ ਮਿਹਨਤ, ਲਗਨ ਅਤੇ ਸਮਰਪਣ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸਫਲਤਾ ਵਿਦਿਆਰਥਣ ਦੀ ਸਖ਼ਤ ਮਿਹਨਤ ਅਤੇ ਕੋਚ ਦੀ ਯੋਗ ਅਗਵਾਈ ਦਾ ਸਾਂਝਾ ਨਤੀਜਾ ਹੈ। ਉਨ੍ਹਾਂ ਉਮੀਦ ਜਤਾਈ ਕਿ ਅਗਮਪ੍ਰੀਤ ਕੌਰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਅਤੇ ਲਗਨ ਨਾਲ ਨਵੀਆਂ ਮੰਜ਼ਿਲਾਂ ਸਰ ਕਰਦਿਆਂ ਅਕੈਡਮੀ ਦਾ ਨਾਮ ਰੌਸ਼ਨ ਕਰਦੀ ਰਹੇਗੀ। ਅਗਮਪ੍ਰੀਤ ਕੌਰ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਅਕਾਲ ਅਕੈਡਮੀ ਦੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਸਮੂਹ ਸਟਾਫ਼ ਵੱਲੋਂ ਵਿਦਿਆਰਥਣ ਨੂੰ ਵਧਾਈ ਦਿੰਦਿਆਂ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਗਈ।



ਭਗਵਾਨ ਵਾਲਮੀਕਿ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ

ਉਮੀਦ ਸੰਸਥਾ ਵੱਲੋਂ ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਵਿਆਹ ਸਮਾਗਮ ਦਾ ਕੀਤਾ ਆਯੋਜਨ

• ਮੁੱਖ ਮਹਿਮਾਨ ਜਸਵੰਤ ਸਿੰਘ ਖਹਿਰਾ ਨੇ ਨਵ-ਵਿਆਹੇ ਜੋੜਿਆਂ ਨੂੰ ਦਿੱਤਾ ਆਸ਼ੀਰਵਾਦ

• ਲੋੜ ਪੈਣ 'ਤੇ ਹਰ ਸੰਭਵ ਸਹਾਇਤਾ ਦਾ ਦਿੱਤਾ ਭਰੋਸਾ



(ਜਗਸੀਰ ਸਿੰਘ) ਲੌਂਗੋਵਾਲ। ਭਗਵਾਨ ਵਾਲਮੀਕਿ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਦੇ ਪਵਿੱਤਰ ਦਿਹਾੜੇ ਨੂੰ ਸਮਰਪਿਤ ਸੰਗਰੂਰ ਵਿਖੇ 'ਉਮੀਦ ਪਰਉਪਕਾਰੀ ਸਮਾਜ ਸੇਵੀ ਸੰਸਥਾ' ਵੱਲੋਂ ਮਾਨਵਤਾ ਦੀ ਭਲਾਈ ਨੂੰ ਸਮਰਪਿਤ ਇੱਕ ਬੇਹੱਦ ਸ਼ਲਾਘਾਯੋਗ ਅਤੇ ਪ੍ਰੇਰਨਾਦਾਇਕ ਉਪਰਾਲਾ ਕੀਤਾ ਗਿਆ। ਸੰਸਥਾ ਵੱਲੋਂ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਵਿਆਹਾਂ ਦਾ ਸਫ਼ਲ ਆਯੋਜਨ ਕੀਤਾ ਗਿਆ, ਜਿਸ ਨਾਲ ਜਿੱਥੇ ਮਾਪਿਆਂ ਦੀ ਵੱਡੀ ਚਿੰਤਾ ਦੂਰ ਹੋਈ, ਉੱਥੇ ਹੀ ਸਮਾਜ ਵਿੱਚ ਸੇਵਾ, ਸਹਿਯੋਗ ਅਤੇ ਭਾਈਚਾਰਕ ਸਾਂਝ ਦਾ ਸੁਨੇਹਾ ਵੀ ਗਿਆ। ਇਸ ਮੌਕੇ ਅਕਾਲ ਕਾਲਜ ਕੌਂਸਲ ਗੁਰਸਾਗਰ ਮਸਤੂਆਣਾ ਸਾਹਿਬ ਦੇ ਸਕੱਤਰ ਸ. ਜਸਵੰਤ ਸਿੰਘ ਖਹਿਰਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਉੱਘੇ ਸਮਾਜ ਸੇਵੀ ਅਤੇ ਪਿੰਡ ਉਭਾਵਾਲ ਦੇ ਸਾਬਕਾ ਸਰਪੰਚ ਸ. ਪਾਲੀ ਸਿੰਘ ਕਮਲ ਅਤੇ ਸੀਨੀਅਰ ਆਗੂ ਸ੍ਰੀ ਰਵੀ ਚਾਵਲਾ ਨੇ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰੀ ਭਰੀ। ਮਹਿਮਾਨਾਂ ਨੇ ਨਵ-ਵਿਆਹੇ ਜੋੜਿਆਂ ਨੂੰ ਅਸ਼ੀਰਵਾਦ ਦਿੰਦਿਆਂ ਉਨ੍ਹਾਂ ਦੇ ਸੁਖੀ ਅਤੇ ਖੁਸ਼ਹਾਲ ਵਿਆਹੁਤਾ ਜੀਵਨ ਦੀ ਕਾਮਨਾ ਕੀਤੀ।

ਸਮਾਗਮ ਨੂੰ ਸੰਬੋਧਨ ਕਰਦਿਆਂ ਸ. ਜਸਵੰਤ ਸਿੰਘ ਖਹਿਰਾ ਅਤੇ ਹੋਰਨਾਂ ਮਹਿਮਾਨਾਂ ਨੇ 'ਉਮੀਦ ਪਰਉਪਕਾਰੀ ਸੰਸਥਾ' ਦੇ ਇਸ ਨੇਕ ਕਾਰਜ ਦੀ ਭਰਪੂਰ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਕਿਸੇ ਲੋੜਵੰਦ ਪਰਿਵਾਰ ਦੀ ਧੀ ਦੇ ਵਿਆਹ ਵਿੱਚ ਸਹਿਯੋਗ ਦੇਣਾ ਮਹਿਜ਼ ਆਰਥਿਕ ਮਦਦ ਨਹੀਂ, ਸਗੋਂ ਪਰਿਵਾਰਕ ਖੁਸ਼ੀਆਂ ਵਿੱਚ ਸ਼ਰੀਕ ਹੋ ਕੇ ਸਮਾਜ ਪ੍ਰਤੀ ਆਪਣੀ ਅਹਿਮ ਜ਼ਿੰਮੇਵਾਰੀ ਨਿਭਾਉਣਾ ਹੈ। ਅਜਿਹੇ ਉਪਰਾਲੇ ਸਮਾਜ ਵਿੱਚ ਆਪਸੀ ਪ੍ਰੇਮ, ਸਤਿਕਾਰ ਅਤੇ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਦੇ ਹਨ।

ਇਸ ਮੌਕੇ ਮਹਿਮਾਨਾਂ ਨੇ ਨਵ-ਵਿਆਹੇ ਜੋੜਿਆਂ ਦੇ ਪਰਿਵਾਰਾਂ ਨੂੰ ਭਵਿੱਖ ਵਿੱਚ ਵੀ ਹਰ ਸੰਭਵ ਸਹਾਇਤਾ ਮੁਹੱਈਆ ਕਰਵਾਉਣ ਦਾ ਭਰੋਸਾ ਦਿੱਤਾ। ਉਨ੍ਹਾਂ ਸਮਾਜ ਦੇ ਸਮਰੱਥ ਵਰਗ ਨੂੰ ਅਪੀਲ ਕੀਤੀ ਕਿ ਉਹ ਲੋੜਵੰਦਾਂ ਦੀ ਮਦਦ ਲਈ ਅੱਗੇ ਆਉਣ, ਤਾਂ ਜੋ ਕਿਸੇ ਵੀ ਧੀ ਦੀ ਆਰਥਿਕ ਮਜਬੂਰੀ ਉਸ ਦੇ ਸੁਪਨਿਆਂ ਅਤੇ ਖੁਸ਼ੀਆਂ ਦੇ ਰਾਹ ਵਿੱਚ ਰੁਕਾਵਟ ਨਾ ਬਣ ਸਕੇ। ਇਸ ਮੌਕੇ ਪ੍ਰਮੁੱਖ ਸਖਸ਼ੀਅਤਾਂ ਵਿੱਚ ਸ੍ਰ. ਅਮਰਜੀਤ ਸਿੰਘ ਘੋਕਾ ਸਾਬਕਾ ਸਰਪੰਚ ਘਾਬਦਾਂ, ਸਤਨਾਮ ਸਿੰਘ ਸਰਪੰਚ ਘਾਬਦਾਂ, ਜਗਮੇਲ ਸਿੰਘ ਰੰਧਾਵਾ ਕਿਸਾਨ ਆਗੂ, ਗੁਰਮੀਤ ਸਿੰਘ ਘਾਬਦਾਂ, ਪੰਡਿਤ ਪਦਮ ਕੁਮਾਰ ਪਿੰਟਾ, ਪ੍ਰਧਾਨ ਵਾਲਮੀਕਿ ਰਮਾਇਣ ਭਵਨ ਸਰੋਵਰ ਆਸ਼ਰਮ ਮੌਜੂਦ ਸਨ।

ਪਿੰਡ ਸ਼ੇਰਗੜ੍ਹ ਦੀਆਂ ਬੁਨਿਆਦੀ ਸਮੱਸਿਆਵਾਂ ਨੂੰ ਲੈ ਕੇ ਸੁੰਦਰ ਸ਼ਾਮ ਅਰੋੜਾ ਨੇ ਪਿੰਡ ਵਾਸੀਆਂ ਨਾਲ ਕੀਤੀ ਮੀਟਿੰਗ



• ਸਿਹਤ ਸਹੂਲਤਾਂ, ਸੀਵਰੇਜ ਅਤੇ ਟੁੱਟੀਆਂ ਸੜਕਾਂ ਦਾ ਮੁੱਦਾ ਉੱਠਿਆ

• ਕਾਂਗਰਸ ਸਰਕਾਰ ਬਣਨ 'ਤੇ ਸਮੱਸਿਆਵਾਂ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਦਾ ਦਿੱਤਾ ਭਰੋਸਾ

(ਤਰਸੇਮ ਦੀਵਾਨਾ) ਹੁਸ਼ਿਆਰਪੁਰ। ਪੰਜਾਬ ਦੇ ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਸੁੰਦਰ ਸ਼ਾਮ ਅਰੋੜਾ ਵੱਲੋਂ ਪਿੰਡ ਸ਼ੇਰਗੜ੍ਹ ਵਿਖੇ ਪਿੰਡ ਵਾਸੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕਰਕੇ ਇਲਾਕੇ ਦੀਆਂ ਬੁਨਿਆਦੀ ਸਮੱਸਿਆਵਾਂ ਅਤੇ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਦੌਰਾਨ ਪਿੰਡ ਵਾਸੀਆਂ ਨੇ ਆਪਣੇ ਇਲਾਕੇ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਸਮੱਸਿਆਵਾਂ ਸਾਬਕਾ ਮੰਤਰੀ ਦੇ ਧਿਆਨ ਵਿੱਚ ਲਿਆਂਦੀਆਂ।

ਮੀਟਿੰਗ ਦੌਰਾਨ ਲੋਕਾਂ ਨੇ ਦੱਸਿਆ ਕਿ ਪਿੰਡ ਦੇ ਸਰਕਾਰੀ ਕਲੀਨਿਕ ਵਿੱਚ ਡਾਕਟਰਾਂ ਦੀ ਲੋੜੀਂਦੀ ਉਪਲਬਧਤਾ ਨਾ ਹੋਣ ਕਾਰਨ ਮਰੀਜ਼ਾਂ ਨੂੰ ਸਿਹਤ ਸਹੂਲਤਾਂ ਲੈਣ ਲਈ ਕਾਫ਼ੀ ਮੁਸ਼ਕਲਾਂ ਝੱਲਣੀਆਂ ਪੈ ਰਹੀਆਂ ਹਨ। ਲੋਕਾਂ ਦਾ ਕਹਿਣਾ ਸੀ ਕਿ ਛੋਟੀਆਂ-ਮੋਟੀਆਂ ਬਿਮਾਰੀਆਂ ਦੇ ਇਲਾਜ ਲਈ ਵੀ ਉਨ੍ਹਾਂ ਨੂੰ ਹੋਰ ਥਾਵਾਂ 'ਤੇ ਜਾਣਾ ਪੈਂਦਾ ਹੈ। ਇਸ ਤੋਂ ਇਲਾਵਾ ਪਿੰਡ ਵਿੱਚ ਸੀਵਰੇਜ ਦੀ ਅਧੂਰੀ ਵਿਵਸਥਾ ਅਤੇ ਖਸਤਾ ਹਾਲ ਸੜਕਾਂ ਵੀ ਲੋਕਾਂ ਲਈ ਵੱਡੀ ਪਰੇਸ਼ਾਨੀ ਬਣੀਆਂ ਹੋਈਆਂ ਹਨ। ਪਿੰਡ ਵਾਸੀਆਂ ਨੇ ਕਿਹਾ ਕਿ ਸੜਕਾਂ ਦੀ ਮਾੜੀ ਹਾਲਤ ਕਾਰਨ ਆਵਾਜਾਈ ਪ੍ਰਭਾਵਿਤ ਹੁੰਦੀ ਹੈ, ਜਦਕਿ ਸੀਵਰੇਜ ਦੀ ਸਮੱਸਿਆ ਕਾਰਨ ਰੋਜ਼ਾਨਾ ਜੀਵਨ ਪ੍ਰਭਾਵਿਤ ਹੋ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਇਨ੍ਹਾਂ ਸਮੱਸਿਆਵਾਂ ਦਾ ਸਥਾਈ ਹੱਲ ਕੀਤਾ ਜਾਵੇ, ਤਾਂ ਜੋ ਪਿੰਡ ਵਾਸੀਆਂ ਨੂੰ ਮੁੱਢਲੀਆਂ ਸਹੂਲਤਾਂ ਲਈ ਪ੍ਰੇਸ਼ਾਨ ਨਾ ਹੋਣਾ ਪਵੇ। ਇਸ ਮੌਕੇ ਸੁੰਦਰ ਸ਼ਾਮ ਅਰੋੜਾ ਨੇ ਲੋਕਾਂ ਦੀਆਂ ਗੱਲਾਂ ਧਿਆਨ ਨਾਲ ਸੁਣਦਿਆਂ ਕਿਹਾ ਕਿ ਕਿਸੇ ਵੀ ਇਲਾਕੇ ਦੀ ਤਰੱਕੀ ਲਈ ਸਿਹਤ ਸਹੂਲਤਾਂ, ਬਿਹਤਰ ਸੜਕੀ ਢਾਂਚਾ ਅਤੇ ਸੀਵਰੇਜ ਵਰਗੀਆਂ ਬੁਨਿਆਦੀ ਸਹੂਲਤਾਂ ਦਾ ਹੋਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਨ 'ਤੇ ਪਿੰਡ ਸ਼ੇਰਗੜ੍ਹ ਦੀਆਂ ਇਨ੍ਹਾਂ ਸਮੱਸਿਆਵਾਂ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕਰਵਾਉਣ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸਰਕਾਰੀ ਕਲੀਨਿਕ ਵਿੱਚ ਯੋਗ ਡਾਕਟਰ ਦੀ ਨਿਯੁਕਤੀ, ਪਿੰਡ ਨੂੰ ਸੀਵਰੇਜ ਦੀ ਸਹੂਲਤ ਨਾਲ ਜੋੜਨ ਅਤੇ ਖਸਤਾ ਸੜਕਾਂ ਦੀ ਮੁਰੰਮਤ ਕਰਵਾਉਣ ਦੇ ਨਾਲ ਨਵੀਆਂ ਸੜਕਾਂ ਬਣਾਉਣ ਲਈ ਲੋੜੀਂਦੇ ਕਦਮ ਚੁੱਕੇ ਜਾਣਗੇ। ਮੀਟਿੰਗ ਦੌਰਾਨ ਪਿੰਡ ਵਾਸੀਆਂ ਨੇ ਸਾਬਕਾ ਮੰਤਰੀ ਨੂੰ ਆਪਣੇ ਇਲਾਕੇ ਦੀਆਂ ਹੋਰ ਮੁਸ਼ਕਲਾਂ ਤੋਂ ਵੀ ਜਾਣੂ ਕਰਵਾਇਆ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।


ਰਾਸ਼ਟਰੀ ਏਕਤਾ ਦਿਵਸ 'ਤੇ ਮਹਾਨ ਸ਼ਖ਼ਸੀਅਤਾਂ ਨੂੰ ਕੀਤਾ ਯਾਦ



(ਜਗਸੀਰ ਸਿੰਘ) ਲੌਂਗੋਵਾਲ। ਕੌਮੀ ਸੇਵਾ ਯੋਜਨਾ ਇਕਾਈ ਪੀ ਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਲਾਂ ਵੱਲੋਂ ਸਕੂਲ ਸਿੱਖਿਆ ਵਿਭਾਗ ਅਤੇ ਯੁਵਕ ਸੇਵਾਵਾਂ ਵਿਭਾਗ ਦੇ ਸਹਾਇਕ ਡਾਇਰੈਕਟਰ ਅਰੁਣ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਰਾਸ਼ਟਰੀ ਏਕਤਾ ਦਿਵਸ ਮਨਾਉਣ ਸਬੰਧੀ ਸਮਾਗਮ ਦਾ ਆਯੋਜਨ ਕੀਤਾ ਗਿਆ। ਸਮਾਗਮ ਦਾ ਮੁੱਖ ਉਦੇਸ਼ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਕਾਇਮ ਰੱਖਣ ਵਾਲੇ ਲੋਹ ਪੁਰਸ਼ ਸਰਦਾਰ ਵੱਲਭ ਭਾਈ ਪਟੇਲ ਅਤੇ ਲੋਹ ਇਸਤਰੀ ਸ਼੍ਰੀਮਤੀ ਇੰਦਰਾ ਗਾਂਧੀ ਨੂੰ ਯਾਦ ਕਰਨਾ ਸੀ।ਸਮਾਗਮ ਦੌਰਾਨ ਲੈਕਚਰਾਰ ਹਿਸਟਰੀ ਸ੍ਰੀ ਰਾਜੇਸ਼ ਕੁਮਾਰ ਨੇ ਸਰਦਾਰ ਵੱਲਭ ਭਾਈ ਪਟੇਲ ਵੱਲੋਂ ਆਜ਼ਾਦ ਭਾਰਤ ਨੂੰ ਵੱਖ-ਵੱਖ ਰਿਆਸਤਾਂ ਇਕੱਠੀਆਂ ਕਰਨ ਅਤੇ ਉਹਨਾਂ ਵੱਲੋਂ ਸਖਤ ਰੁੱਖ ਅਪਣਾ ਕੇ ਦੇਸ਼ ਨੂੰ ਇੱਕਜੁੱਟ ਕਰਨ ਲਈ ਕੀਤੀਆਂ ਕੋਸ਼ਿਸ਼ਾਂ ਤੇ ਵਿਸਥਾਰ ਵਿੱਚ ਜਾਣਨਾ ਪਾਇਆ। ਉਹਨਾਂ ਨੇ ਸਰਦਾਰ ਪਟੇਲ ਵੱਲੋਂ ਪੜ੍ਹਾਈ ਦੇ ਦੌਰਾਨ ਕੀਤੀਆਂ ਖਾਸ ਗੱਲਾਂ ਦਾ ਵੀ ਵਰਨਨ ਕੀਤਾ ।ਇਸ ਮੌਕੇ ਪ੍ਰੋਗਰਾਮ ਅਫਸਰ ਤੇ ਇੰਚਾਰਜ ਪ੍ਰਿੰਸੀਪਲ ਪਰਮਿੰਦਰ ਕੁਮਾਰ ਲੌਂਗਵਾਲ ਨੇ ਕਿਹਾ ਕਿ ਜੋ ਵੀ ਮਹਾਨ ਵਿਅਕਤੀ ਕਿਸੇ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਕਾਇਮ ਕਰਨ ਲਈ ਆਪਣੇ ਸੁਆਸਾਂ ਦੀ ਬਾਜੀ ਲਗਾ ਦਿੰਦੇ ਹਨ ਉਹਨਾਂ ਨੂੰ ਰਹਿੰਦੀ ਦੁਨੀਆ ਤੱਕ ਯਾਦ ਰੱਖਿਆ ਜਾਂਦਾ ਹੈ। ਉਹਨਾਂ ਕਿਹਾ ਕਿ ਜਿੱਥੇ ਅੱਜ ਅਸੀਂ ਵੱਲਭ ਭਾਈ ਪਟੇਲ ਨੂੰ ਬਤੌਰ ਲੋਹ ਪੁਰਸ਼ ਮਾਨ ਦੇ ਕੇ ਯਾਦ ਕਰਦੇ ਹਾਂ ਉਥੇ ਹੀ ਸ੍ਰੀਮਤੀ ਇੰਦਰਾ ਗਾਂਧੀ ਵੱਲੋਂ ਭਾਰਤ ਵਰਗੇ ਵਿਸ਼ਾਲ ਦੇਸ਼ ਨੂੰ ਇੱਕਜੁੱਟ ਰੱਖਣਾ ਖਾਸ ਪ੍ਰਾਪਤੀ ਹੈ ਜਿਸ ਲਈ ਉਹਨਾਂ ਨੂੰ ਵੀ ਅੱਜ ਦੇ ਦਿਨ ਬਤੌਰ ਲੋਹ ਇਸਤਰੀ ਨੂੰ ਯਾਦ ਕੀਤਾ ਜਾਂਦਾ ਹੈ। ਇਸ ਮੌਕੇ ਮੈਡਮ ਨਵਰਾਜ ਕੌਰ, ਮੈਡਮ ਗੁਰਮੀਤ ਕੌਰ ਨੇ ਵੀ ਵਿਚਾਰਾਂ ਦੀ ਸਾਂਝ ਪਾਈ। ਇਸ ਸਮੇਂ ਮੈਡਮ ਗਗਨਜੋਤ ਕੌਰ, ਮੈਡਮ ਪ੍ਰੀਤੀ ਰਾਣੀ, ਮੈਡਮ ਕੰਚਨ ਸਿੰਗਲਾ,ਹਰਵਿੰਦਰ ਸਿੰਘ, ਸੁਖਵਿੰਦਰ ਕੌਰ,ਹਰਦੇਵ ਕੌਰ,ਕੈਪਸ ਮੈਨੇਜਰ ਮਨਜੀਤ ਸਿੰਘ ਅਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

ਨਸ਼ਿਆਂ ਦੇ ਮੁੱਦੇ 'ਤੇ ਰਾਜਾ ਵੜਿੰਗ ਨੂੰ ਵਿਜੇ ਸਾਂਪਲਾ ਨੇ ਦਿੱਤਾ ਜਵਾਬ

• ਪਹਿਲਾਂ ਆਪਣੀ ਸਰਕਾਰ ਦੀ ਕਾਰਗੁਜ਼ਾਰੀ ਦੱਸਣ : ਸਾਂਪਲਾ



(ਤਰਸੇਮ ਦੀਵਾਨਾ) ਹੁਸ਼ਿਆਰਪੁਰ। ਭਾਜਪਾ ਦੇ ਸੀਨੀਅਰ ਆਗੂ ਅਤੇ ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ ਨੇ ਪੰਜਾਬ ਵਿੱਚ ਨਸ਼ਿਆਂ ਦੇ ਮੁੱਦੇ ਨੂੰ ਲੈ ਕੇ ਕਾਂਗਰਸ ਆਗੂ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਬਾਰੇ ਦਿੱਤੇ ਬਿਆਨ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਨਸ਼ਿਆਂ ਦੇ ਖ਼ਾਤਮੇ ਬਾਰੇ ਸਵਾਲ ਉਠਾਉਣ ਵਾਲੇ ਕਾਂਗਰਸੀ ਆਗੂਆਂ ਨੂੰ ਪਹਿਲਾਂ ਆਪਣੇ ਸ਼ਾਸਨਕਾਲ ਦੌਰਾਨ ਕੀਤੇ ਕੰਮਾਂ ਦਾ ਜਵਾਬ ਦੇਣਾ ਚਾਹੀਦਾ ਹੈ।

ਸਾਂਪਲਾ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਕੋਈ ਨਵਾਂ ਮੁੱਦਾ ਨਹੀਂ ਹੈ ਅਤੇ ਇਸ ਦੀ ਜ਼ਿੰਮੇਵਾਰੀ ਤੋਂ ਪਿਛਲੀਆਂ ਸਰਕਾਰਾਂ ਵੀ ਬਰੀ ਨਹੀਂ ਹੋ ਸਕਦੀਆਂ। ਉਨ੍ਹਾਂ ਰਾਜਾ ਵੜਿੰਗ ਨੂੰ ਸਵਾਲ ਕੀਤਾ ਕਿ ਜਦੋਂ ਉਹ ਪੰਜਾਬ ਸਰਕਾਰ ਵਿੱਚ ਮੰਤਰੀ ਰਹੇ, ਉਸ ਸਮੇਂ ਨਸ਼ਿਆਂ ਦੀ ਰੋਕਥਾਮ ਲਈ ਕਿਹੜੇ ਠੋਸ ਕਦਮ ਚੁੱਕੇ ਗਏ ਸਨ। ਉਨ੍ਹਾਂ ਹਿਮਾਚਲ ਪ੍ਰਦੇਸ਼ ਵਿੱਚ ਨਸ਼ਾ ਬਣਾਉਣ ਅਤੇ ਵੇਚਣ ਸਬੰਧੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਉੱਥੇ ਕਾਂਗਰਸ ਦੀ ਸਰਕਾਰ ਹੈ, ਇਸ ਲਈ ਕਾਂਗਰਸੀ ਆਗੂਆਂ ਨੂੰ ਆਪਣੀ ਸਰਕਾਰ ਦੀ ਕਾਰਵਾਈ ਬਾਰੇ ਵੀ ਸਪੱਸ਼ਟ ਜਵਾਬ ਦੇਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਨਸ਼ਿਆਂ ਦਾ ਮੁੱਦਾ ਸਿਰਫ਼ ਸਿਆਸੀ ਬਿਆਨਬਾਜ਼ੀ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ, ਸਗੋਂ ਇਸ ਵਿਰੁੱਧ ਸਾਰੀਆਂ ਸਿਆਸੀ ਧਿਰਾਂ ਨੂੰ ਮਿਲ ਕੇ ਪ੍ਰਭਾਵਸ਼ਾਲੀ ਕਦਮ ਚੁੱਕਣੇ ਚਾਹੀਦੇ ਹਨ। ਸਾਂਪਲਾ ਅਨੁਸਾਰ ਦੇਸ਼ ਦੀਆਂ ਸੁਰੱਖਿਆ ਚੁਣੌਤੀਆਂ ਅਤੇ ਨਸ਼ਿਆਂ ਰਾਹੀਂ ਚੱਲ ਰਹੇ ਗੈਰ-ਕਾਨੂੰਨੀ ਨੈੱਟਵਰਕ ਨੂੰ ਰੋਕਣ ਲਈ ਕੇਂਦਰ ਸਰਕਾਰ ਵੱਲੋਂ ਵੱਖ-ਵੱਖ ਪੱਧਰਾਂ 'ਤੇ ਕਾਰਵਾਈ ਕੀਤੀ ਗਈ ਹੈ।

ਸਾਬਕਾ ਕੇਂਦਰੀ ਮੰਤਰੀ ਨੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਨੂੰ ਗੰਭੀਰਤਾ ਨਾਲ ਲੈਂਦਿਆਂ 31 ਦਸੰਬਰ 2029 ਤੱਕ ਪੂਰੇ ਦੇਸ਼ ਵਿੱਚੋਂ ਨਸ਼ਿਆਂ ਦੇ ਖ਼ਾਤਮੇ ਦਾ ਟੀਚਾ ਐਲਾਨਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣਾ ਸਮੇਂ ਦੀ ਮੁੱਖ ਲੋੜ ਹੈ ਅਤੇ ਇਸ ਮਕਸਦ ਲਈ ਸਿਰਫ਼ ਦਾਅਵਿਆਂ ਦੀ ਬਜਾਏ ਜ਼ਮੀਨੀ ਪੱਧਰ 'ਤੇ ਕਾਰਵਾਈ, ਨਸ਼ਾ ਤਸਕਰੀ ਦੇ ਨੈੱਟਵਰਕ ਦਾ ਪਰਦਾਫਾਸ਼ ਅਤੇ ਨੌਜਵਾਨਾਂ ਦੇ ਮੁੜ ਵਸੇਬੇ ਲਈ ਯਤਨ ਜ਼ਰੂਰੀ ਹਨ।